ਸਮੇਂ ਦਾ ਪ੍ਰਵਾਹ ਪੁਰਾਤਨਤਾ ਤੋਂ ਨਵੀਨਤਾ ਵੱਲ ਆਪਣੀ ਚਾਲ ਚਲਦਾ ਰਹਿੰਦਾ ਹੈ। ਇਸੇ ਤਰ੍ਹਾਂ ਜਦੋਂ ਧੀਮੀ ਗਤੀ ਦੇ ਸਮੇਂ ਨੇ ਕਰਵਟ ਲਈ ਅਤੇ ਨਵੀਂ ਅੰਗੜਾਈ ਭਰੀ ਤਾਂ ਖੇਤੀ ਦਾ ਮਸ਼ੀਨੀਕਰਨ ਹੋ ਗਿਆ। ਖੇਤੀ ਪ੍ਰਧਾਨ ਸੂਬਾ ਪੰਜਾਬ ਵੀ ਇਸ ਪ੍ਰਭਾਵ ਅਧੀਨ ਨਵੇਂ ਰਾਹਾਂ ਦਾ ਪਾਂਧੀ ਬਣ ਗਿਆ। ਹੌਲ਼ੀ-ਹੌਲ਼ੀ ਖੇਤਾਂ ਵਿੱਚੋਂ ਬਲਦਾਂ ਵਾਲੇ ਹਲ਼ ਲੁਪਤ ਹੁੰਦੇ ਗਏ ਅਤੇ ਨਾਲ ਹੀ ਫ਼ਸਲਾਂ ਦੀ ਢੋਆ ਢੁਆਈ ਦਾ ਮੁੱਖ ਸਾਧਨ ਗੱਡੇ ਵੀ ਪਰਿਵਰਤਨ ਦੇ ਇਸ ਦੌਰ ਵਿਚ ਲੁਪਤ ਹੋ ਗਏ। ਗੱਡੇ ਦੇ ਜੂਲ਼ੇ ਤੋਂ ਵਿੱਢ, ਪਿੰਜਣੀਆਂ, ਸੁਗਨੀ ਤਕ ਦੀ ਪਿੱਤਲ ਦੀ ਸੁੰਦਰ ਮੀਨਾਕਾਰੀ ਅਤੇ ਧੁਰਾਂ ਵਿਚ ਚਲਦੇ ਲੱਕੜ ਦੇ ਪਹੀਏ ਬੀਤੇ ਦੀਆਂਗੱਲਾਂ ਹੋ ਗਈਆਂ ਹਨ। ਬਲਦਾਂ ਦੀ ਜੋੜੀ ਦੀ ਥਾਂ ਕਿਸਾਨਾਂ ਦੇ ਘਰਾਂ ਵਿਚ ਇਕ ਬਲਦ ਰਹਿ ਗਿਆ ਅਤੇ ਗੱਡਿਆਂ ਦੀ ਥਾਂ ਇਕ ਬਲਦ ਵਾਲੀ ਗੱਡੀ (ਬੈਲ-ਗੱਡੀ) ਨੇ ਲੈ ਲਈ। ਗੱਡਿਆਂ ਦਾ ਮਿੰਨੀ ਰੂਪ ਗੱਡੀਆਂ ਪਹਿਲਾਂ ਵੀ ਮੌਜੂਦ ਸਨ। ਲੱਕੜ ਦੇ ਪਹੀਆਂ ਵਾਲੀਆਂ ਰੀਝ ਨਾਲ ਸ਼ਿੰਗਾਰੀਆਂ ਇਹ ਗੱਡੀਆਂ ਖ਼ਾਨਾ-ਬਦੋਸ਼ ਕਬੀਲੇ ਵਣਜਾਰਿਆਂ (ਗੱਡੀਆਂ ਵਾਲਿਆਂ) ਕੋਲ ਹੁੰਦੀਆਂ ਸਨ। ਫੇਰ ਇਨ੍ਹਾਂ ਗੱਡੀਆਂ ਦੇ ਲੱਕੜ ਦੇ ਪਹੀਆਂ ਦੀ ਥਾਂ ਲੋਹੇ ਦੇ ਰਿੱਮਾਂ ਤੇ ਟਾਇਰਾਂ ਨੇ ਲੈ ਲਈ। ਪਹਿਲਾਂ ਪਹਿਲ ਗੱਡੀਆਂ ਬਣਾਉਣ ਵਿਚ ਲੱਕੜ ਦੀ ਜ਼ਿਆਦਾ ਵਰਤੋਂ ਹੁੰਦੀ ਸੀ। ਜਿਸ ਨੂੰ ਕਾਰੀਗਰ ਬੜੀ ਰੀਝ ਨਾਲ ਬਣਾਉਂਦੇ ਸਨ। ਫਿਰ ਮਜ਼ਬੂਤੀ ਲਈ ਵਿੱਢ ਤੋਂ ਜੂਲੇ ਤਕ ਲੋਹਾ ਵਰਤਿਆ ਜਾਣ ਲੱਗਾ। ਬਲਦ ਦੇ ਕੰਨ੍ਹੇ ਨੂੰ ਨਰਮ ਰੱਖਣ ਲਈ ਲੱਕੜ ਦਾ ਜੂਲ਼ਾ, ਫਰਸ਼ ਜਿਸ ਨੂੰ ਤਵੀਤ ਕਿਹਾ ਜਾਂਦਾ ਤੇ ਡਾਲੇ ਲਈ ਵੀ ਲੱਕੜ ਹੀ ਵਰਤੀ ਜਾਂਦੀ ਸੀ। ਪਸ਼ੂਆਂ ਦੇ ਚਾਰੇ ਵਾਸਤੇ ਨਿਤਾ ਪ੍ਰਤੀ ਲਈ ਬੈਲ ਗੱਡੀ ਸਹਾਈ ਹੋਣ ਲੱਗੀ। ਫ਼ਸਲਾਂ ਦੀ ਢੋਆ ਢੁਆਈ ਅਤੇ ਹੋਰ ਵੱਧ ਭਾਰ ਢੋਣ ਲਈ ਟਰੈਕਟਰ ਟਰਾਲੀ ਦੀ ਵਰਤੋਂ ਹੋਣ ਲੱਗੀ। ਸਮਾਂ ਆਪਣੀ ਚਾਲ ਚਲਦਾ ਗਿਆ, ਤਰੱਕੀ ਦੇ ਦਰਵਾਜ਼ੇ ਖੁਲ੍ਹਦੇ ਗਏ। ਅਜੋਕੇ ਦੌਰ ਦੇ ਇਸ ਮੋੜ 'ਤੇ ਬੈਲ ਗੱਡੀਆਂ ਦਾ ਪ੍ਰਚਲਣ ਵੀ ਘੱਟ ਰਿਹਾ ਹੈ। ਸੜਕਾਂ, ਰਾਹਾਂ ਤੇ ਦਿਸਦੀ ਟਾਵੀਂ-ਟਾਵੀਂ ਬੈਲ ਗੱਡੀ ਇਕ ਹੋਰ ਬਦਲੇ ਦੌਰ ਦੀ ਗਵਾਹੀ ਭਰਦੀ ਹੈ। ਆਧੁਨਿਕਤਾ ਦੇ ਦੌਰ ਵਿਚ ਹੁਣ ਇਸ ਨੇ ਸਕੂਟਰ ਰੇਹੜੇ , ਮੋਟਰਸਾਈਕਲ ਰੇਹੜੇ ਤੋਂ ਸਾਈਕਲ ਰੇਹੜੇ ਤਕ ਦਾ ਸਫ਼ਰ ਤੈਅ ਕਰ ਲਿਆ ਹੈ। ਸਕੂਟਰ, ਮੋਟਰਸਾਈਕਲ ਦੇ ਪਿੱਛੇ ਹੁੱਕ ਲਾ ਕੇ ਪਾਉਣ ਵਾਲੇ ਟਰਾਲੀ ਨੁਮਾ ਰੇਹੜੇ ਲੋਹੇ ਦੀ ਬਾਡੀ ਦੇ ਮਜ਼ਬੂਤ ਹੁੰਦੇ ਹਨ। ਇਸੇ ਤਰ੍ਹਾਂ ਇਨ੍ਹਾਂ ਦੇ ਟਾਇਰ ਭਾਰ ਢੋਣ ਦੀ ਸਮਰੱਥਾ ਅਨੁਸਾਰ ਕਾਰ, ਸਕੂਟਰ ਜਾਂ ਰਿਕਸ਼ੇ ਦੇ ਪਾਏ ਜਾਂਦੇ ਹਨ। ਪਿੰਡਾਂ ਵਿਚ ਪਸ਼ੂ ਪਾਲਣ ਦਾ ਰੁਝਾਨ ਘਟਣ ਕਾਰਨ ਇਹ ਰੇਹੜੇ ਹੁਣ ਚਾਰਾ ਢੋਣ ਲਈ ਵਰਤੇ ਜਾਣ ਲੱਗੇ ਹਨ ਇਨ੍ਹਾਂ ਮੋਟਰਸਾਈਕਲ, ਸਕੂਟਰ ਰੇਹੜਿਆਂ 'ਤੇ ਦੋ ਤੋਂ ਤਿੰਨ ਪਸ਼ੂਆਂ ਦਾ ਚਾਰਾ ਅਸਾਨੀ ਨਾਲ ਆ ਜਾਂਦਾ ਹੈ। ਘੱਟ ਦੂਰੀ ਅਤੇ ਘੱਟ ਖ਼ਰਚੇ ਲਈ ਇਕ ਤੋਂ ਦੋ ਪਸ਼ੂਆਂ ਦੇ ਚਾਰੇ ਲਈ ਸਾਈਕਲ ਰੇਹੜੇ ਸਹਾਈ ਹੋ ਰਹੇ ਹਨ। ਇਸ ਤੋਂ ਬਿਨ੍ਹਾਂ ਇਹ ਰੇਹੜੇ ਜਿੱਥੇ ਜ਼ਰੂਰੀ ਵਸਤਾਂ ਦੀ ਢੋਆ-ਢੁਆਈ ਦਾ ਸਾਧਨ ਬਣੇ ਹਨ ਉੱਥੇ ਇਹ ਕਿਰਤੀ ਲੋਕਾਂ ਲਈ ਰੁਜ਼ਗਾਰ ਦਾ ਵਸੀਲਾ ਵੀ ਬਣ ਗਏ ਹਨ। ਸੜਕਾਂ 'ਤੇ ਚਲਦੇ ਇਹ ਰੇਹੜੇ ਪਰਿਵਰਤਨ ਦੇ ਦੌਰ ਦੀ ਗਵਾਹੀ ਭਰਦੇ ਹਨ। •

98780-02774



ਭੰਡਾ ਭੰਡਾਰੀਆ ਕਿੰਨਾ ਕੁ ਭਾਰ

ਡਾ. ਗਗਨਦੀਪ ਕੌਰ

ਛੋਟੇ ਹੁੰਦੇ ਸਕੂਲ ਦਾ ਕੰਮ ਮੁਕਾ ਕੇ ਅਸੀ ਸਾਰੇ ਭੈਣ ਭਰਾ ਇਕ ਖੇਡ ਖੇਡਦੇ 'ਭੰਡਾ ਭੰਡਾਰੀਆ ਕਿੰਨਾ ਕੁ ਭਾਰ ਇਕ ਮੁੱਠੀ ਚੁੱਕ ਲੈ ਦੂਜੀ ਤਿਆਰ' ਹੁੰਦੇ ਸੀ। ਇਸ ਖੇਡ ਨੂੰ ਖੇਡਣ ਦਾ ਬੜਾ ਹੀ ਅਨੰਦ ਆਉਂਦਾ ਸੀ ਕਿਉਂਕਿ ਉਦੋਂ ਬੇਫ਼ਿਕਰੀ ਸੀ, ਖੁੱਲ੍ਹਾ ਸਮਾਂ ਸੀ, ਸਾਂਝੇ ਪਰਿਵਾਰ ਹੋਣ ਕਾਰਨ ਖੇਡਣ ਦਾ ਸਾਥ ਸੀ ਪਰ ਹੁਣ ਮੈਨੂੰ ਇਸ ਖੇਡ ਦਾ ਮਤਲਬ ਸਮਝ ਆ ਰਿਹਾ ਹੈ ਕਿ ਕਿਵੇਂ ਇਕ ਕੰਮ ਨਿਪਟਾਈਦਾ ਹੈ ਤੇ ਦੂਜਾ ਪਹਿਲਾਂ ਤਿਆਰ ਹੁੰਦਾ ਹੈ। ਉਮਰ ਦੇ ਵਧਣ ਨਾਲ ਜ਼ਿੰਮੇਵਾਰੀਆਂ ਦੀ ਪੰਡ ਵੀ ਭਾਰੀ ਹੁੰਦੀ ਜਾਂਦੀ ਹੈ। ਬੰਦਾ ਸੋਚਦਾ ਹੈ ਕਿ ਬੱਸ ਫਲਾਣਾ ਕੰਮ ਕਰ ਲਵਾਂ ਫਿਰ ਮੈਂ ਆਪਣੀ ਵਿਹਲ ਦਾ ਅਨੰਦ ਲਵਾਂਗਾ ਜਾਂ ਸ਼ਾਇਦ ਫਿਰ ਮੇਰੀ ਜ਼ਿੰਦਗੀ ਬਹੁਤ ਸੁਖਾਲੀ ਹੋ ਜਾਵੇਗੀ ਪਰ ਉਮਰ ਅਤੇ ਅਹੁੱਦੇ ਦੇ ਵਧਣ ਨਾਲ ਕੰਮ ਅਤੇ ਜ਼ਿੰਮੇਵਾਰੀਆਂ ਦੀ ਲਿਸਟ ਵੱਡੀ ਹੁੰਦੀ ਜਾਂਦੀ ਹੈ।

ਮੁਸ਼ਕਿਲ ਕੰਮ

ਅੱਜ ਕਾਲਜ ਵਿਚ ਬੈਠੇ ਗੱਲਾਂ ਕਰ ਰਹੇ ਸੀ, ਮੇਰੇ ਨਾਲ ਦੇ ਇਕ ਮਹਿਲਾ ਪ੍ਰੋਫੈਸਰ ਜਿੰਨ੍ਹਾਂ ਦੇ ਬੱਚੇ ਹਾਲੇ ਕਾਫ਼ੀ ਛੋਟੇ ਹਨ, ਕਹਿਣ ਲੱਗੇ ਕਿ ਮੈਡਮ ਤੁਹਾਡੀ ਰੁਟੀਨ ਬੜੀ ਸੁਖਾਲੀ ਹੈ ਕਿਉਂਕਿ ਤੁਹਾਡੇ ਬੱਚੇ ਹੁਣ ਵੱਡੇ ਹੋ ਗਏ ਹਨ । ਇਸ ਤੋਂ ਪਹਿਲਾਂ ਕਿ ਮੈਂ ਕੁਝ ਬੋਲਦੀ ਮੇਰੇ ਨਾਲ ਬੈਠੇ ਇਕ ਹੋਰ ਮੈਡਮ ਨੇ ਕਿਹਾ ਕਿ ਇਹ ਤੁਹਾਡਾ ਭੁਲੇਖਾ ਹੈ ਜਦੋਂ ਬੱਚੇ ਛੋਟੇ ਹੁੰਦੇ ਸੀ ਅਤੇ ਗੋਦੀ ਵਿਚ ਖੇਡਦੇ ਸੀ ਤਾਂ ਉਹ ਜ਼ਿਆਦਾ ਅਨੰਦਮਈ ਸਮਾਂ ਸੀ ਹੁਣ ਤਾਂ ਗੋਦੀਆਂ 'ਚੋਂ ਨਿਕਲ ਕੇ ਸਿਰ 'ਤੇ ਬਹਿ ਗਏ ਹਨ ਕਿਉਂਕਿ ਜਿਵੇਂ-ਜਿਵੇਂ ਬੱਚੇ ਵੱਡੇ ਹੁੰਦੇ ਹਨ ਤਾਂ ਬੱਚਿਆਂ ਨੂੰ ਕਿਸੇ ਵੀ ਗੱਲ ਲਈ ਮਨਾਉਣਾ ਤੇ ਸਮਝਾਉਣਾ ਛੋਟੇ ਬੱਚਿਆਂ ਨਾਲੋਂ ਕਿਤੇ ਵੱਧ ਮੁਸ਼ਕਿਲ ਕੰਮ ਹੋ ਜਾਂਦਾ ਹੈ। ਅੱਜ ਕੱਲ੍ਹ ਦੇ ਮੁਕਾਬਲੇਬਾਜ਼ੀ ਦੇ ਜ਼ਮਾਨੇ ਵਿਚ ਬੱਚਿਆਂ ਨੂੰ ਵੀ ਪੜ੍ਹਾਈ ਅਤੇ ਆਪਣੇ ਕੈਰੀਅਰ ਦੀ ਬਹੁਤ ਚਿੰਤਾ ਹੈ। ਸਮੇਂ ਸਮੇਂ 'ਤੇ ਫ਼ੈਸਲੇ ਲੈਣ ਲਈ ਕਈ ਵਾਰੀ ਬੱਚੇ ਦੇ ਨਾਲ-ਨਾਲ ਮਾਪੇ ਵੀ ਚਿੰਤਾਗ੍ਰਸਤ ਹੋ ਜਾਂਦੇ ਹਨ । ਮੈਂ ਇਹ ਸਾਰੀ ਵਾਰਤਾਲਾਪ ਬੜੀ ਧਿਆਨ ਨਾਲ ਸੁਣ ਰਹੀ ਸੀ ਅਤੇ ਮੈਂ ਇਹ ਸੋਚ ਵੀ ਰਹੀ ਸੀ ਕਿ ਇਨ੍ਹਾਂ ਚਿੰਤਾਵਾਂ ਦਾ ਕੀ ਕਾਰਨ ਹੋ ਸਕਦਾ ਹੈ। ਮੇਰੇ ਹਿਸਾਬ ਨਾਲ ਪਹਿਲਾ ਕਾਰਨ ਸਾਂਝੇ ਪਰਿਵਾਰਾਂ ਦਾ ਟੁੱਟ ਕੇ ਇਕਹਿਰੇ ਪਰਿਵਾਰਾਂ ਦਾ ਬਣਨਾ ਹੈ ਕਿਉਂਕਿ ਸਾਂਝੇ ਪਰਿਵਾਰਾਂ ਵਿਚ ਕੰਮ ਵੰਡ ਕੇ ਹੋ ਜਾਂਦਾ ਸੀ ਅਤੇ ਦਾਦਾ-ਦਾਦੀ ਅਤੇ ਪਰਿਵਾਰ ਦੇ ਵੱਡੇ ਮੈਂਬਰਾਂ ਵੱਲੋਂ ਬੱਚਿਆਂ ਦੀ ਦੇਖ-ਰੇਖ ਦੇ ਨਾਲ-ਨਾਲ ਉਨ੍ਹਾਂ ਦੀ ਮਾਨਸਿਕਤਾ ਅਤੇ ਜਜ਼ਬਾਤਾਂ ਦਾ ਖ਼ਿਆਲ ਵੀ ਰੱਖਿਆ ਜਾਂਦਾ ਸੀ ਪਰ ਇਕਹਿਰੇ ਪਰਿਵਾਰ ਹੋਣ ਕਾਰਨ ਜਦੋਂ ਮਾਪੇ ਬੱਚਿਆਂ ਦਾ ਪਾਲਣ ਪੋਸ਼ਣ, ਉਨ੍ਹਾਂ ਦੇ ਕੈਰੀਅਰ ਸਬੰਧੀ ਫ਼ੈਸਲੇ ਅਤੇ ਉਨ੍ਹਾਂ ਦੇ ਜਜ਼ਬਾਤਾਂ ਨੂੰ ਠੀਕ ਤਰ੍ਹਾਂ ਸਮਝ ਨਹੀਂ ਪਾਉਂਦੇ ਤਾਂ ਕਈ ਵਾਰੀ ਉਨ੍ਹਾਂ ਦੇ ਆਪਣੇ ਰਿਸ਼ਤਿਆਂ ਵਿਚ ਵੀ ਖਟਾਸ ਆਉਣ ਲੱਗਦੀ ਹੈ।

ਕੰਮ ਦਾ ਬੋਝ

ਜਿਸ ਪਰਿਵਾਰ ਦੇ ਦੋਵੇਂ ਜੀਅ ਕੰਮ ਕਰਦੇ ਹਨ ਅਤੇ ਵੱਖ-ਵੱਖ ਵਿਭਾਗਾਂ ਵਿਚ ਸਟਾਫ਼ ਦੀ ਕਮੀ ਹੋਣ ਕਰਕੇ ਵੀ ਮੁਲਾਜ਼ਮਾਂ ਦੇ ਉੱਪਰ 'ਭੰਡਾ ਭੰਡਾਰੀਆ ਕਿੰਨਾ ਕੁ ਭਾਰ ਇਕ ਮੁੱਠੀ ਚੁੱਕ ਲੈ ਦੂਜੀ ਤਿਆਰ' ਦੀ ਤਰ੍ਹਾਂ ਕੰਮ ਦਾ ਬੋਝ ਕੁਝ ਜ਼ਿਆਦਾ ਹੀ ਹੋ ਗਿਆ ਹੈ। ਹਰ ਕੋਈ ਆਪਣੇ ਕੰਮ ਵਿਚ ਇੰਨਾ ਮਸਰੂਫ਼ ਹੈ ਕਿ ਦੂਸਰੇ ਦੀ ਗੱਲ ਜਾਂ ਦੁੱਖ-ਸੁੱਖ ਸੁਣਨ ਦਾ ਨਾ ਤਾਂ ਕਿਸੇ ਕੋਲ ਸਮਾਂ ਹੈ ਅਤੇ ਨਾ ਹੀ ਕੋਈ ਦਿਲਚਸਪੀ ਰੱਖਦਾ ਹੈ ਪਰ ਦੁਖਾਂਤ ਇਹ ਵੀ ਹੈ ਕਿ ਕੰਮ ਫੇਰ ਵੀ ਕਿਸੇ ਦਾ ਪੂਰਾ ਨਹੀਂ ਹੁੰਦਾ ਸਭ ਦੇ ਮੂੰਹ 'ਤੇ ਸਿਰਫ਼ ਇਕ ਹੀ ਗੱਲ ਹੈ ਕਿ ਕਿੱਥੇ ਯਾਰ ਕੰਮ ਹੀ ਬਹੁਤ ਹੈ ਤੇ ਹਰ ਵਕਤ ਹਰ ਕੋਈ ਵਿਹਲਾ ਨਾ ਹੋਣ ਦਾ ਗਿਲਾ ਕਰ ਰਿਹਾ ਜਾਪਦਾ ਹੈ। ਇੰਜ ਨਹੀਂ ਲੱਗਦਾ ਕਿ ਸਾਡੀ ਸਭ ਦੀ ਜ਼ਿੰਦਗੀ ਘੜੀ ਦੀਆਂ ਸੂਈਆਂ ਵਿਚ ਅਟਕ ਕੇ ਰਹਿ ਗਈ ਹੋਵੇ।

ਖ਼ੁਸ਼ਕਿਸਮਤ

ਲੋਕ ਗ਼ੈਰ ਜਜ਼ਬਾਤੀ ਹੁੰਦੇ ਜਾ ਰਹੇ ਹਨ ਕਿਸੇ ਕੋਲ ਵੀ ਕਿਸੇ ਹੋਰ ਦੇ ਲਈ ਸਮਾਂ ਨਹੀਂ ਹੈ ਪਰ ਨਾਲ ਹੀ ਭੰਡਾ ਭੰਡਾਰੀਆ ਵਾਲੀ ਖੇਡ ਸਾਨੂੰ ਜ਼ਿੰਦਗੀ ਨੂੰ ਜਿਊਣ ਦੀ ਪ੍ਰੇਰਣਾ ਵੀ ਦਿੰਦੀ ਹੈ ਕਿਉਂਕਿ ਇਕ ਮੁੱਠੀ ਚੁੱਕ ਕੇ ਦੂਸਰੀ ਮੁੱਠੀ ਤਿਆਰ ਕਰਨ ਦਾ ਮਤਲਬ ਹੈ ਕਿ ਜ਼ਿੰਦਗੀ ਦੇ ਵਿਚ ਗਤੀਸ਼ੀਲਤਾ ਅਤੇ ਨਿਰੰਤਰਤਾ ਜ਼ਰੂਰੀ ਹੈ। ਜੇ ਸਾਡੇ ਕੋਲ ਕਰਨ ਲਈ ਕੰਮ ਹੈ, ਜ਼ਿੰਮੇਵਾਰੀਆਂ ਹਨ ਤਾਂ ਇਸ ਦਾ ਮਤਲਬ ਇਹ ਹੈ ਕਿ ਅਸੀਂ ਖ਼ੁਸ਼ਕਿਸਮਤ ਹਾਂ ਕਿਉਂਕਿ ਦਿਨੋ ਦਿਨ ਵਧ ਰਹੀ ਬੇਰੁਜ਼ਗਾਰੀ ਅਤੇ ਇਕੱਲੇਪਨ ਦੀ ਸਮੱਸਿਆ ਵੀ ਸਾਡੇ ਦੇਸ਼ ਵਿਚ ਗੰਭੀਰ ਰੂਪ ਧਾਰਨ ਕਰ ਰਹੀ ਹੈ। ਜੇ ਅਸੀਂ ਮਾਂ ਪਿਓ ਦੇ ਸਿਰ 'ਤੇ ਬਚਪਨ ਦੇ ਵਿਚ ਐਸ਼ ਕੀਤੀ ਹੈ, ਜਵਾਨੀ ਦੇ ਵਿਚ ਮੌਜਾਂ ਮਾਣੀਆਂ ਹਨ ਤਾਂ ਹੁਣ ਉਮਰ ਦੇ ਇਸ ਪੜਾਅ ਵਿਚ ਸਾਨੂੰ ਵੀ ਆਪਣੇ ਮਾਪਿਆਂ ਵਾਂਗ ਜ਼ਿੰਮੇਵਾਰੀਆਂ ਨੂੰ ਬਾਖ਼ੂਬੀ ਨਿਭਾਉਣਾ ਚਾਹੀਦਾ ਹੈ। ਕਿਉਂਕਿ ਜ਼ਿੰਦਗੀ ਦੇ ਹਰ ਪੜਾਅ ਦਾ ਅਨੰਦ ਉਹੀ ਵਿਅਕਤੀ ਲੈ ਸਕਦਾ ਹੈ ਜੋ ਆਪਣੀ ਜ਼ਿੰਮੇਵਾਰੀਆਂ ਨੂੰ ਪੂਰੀ ਤਨ ਦੇਹੀ ਨਾਲ ਨਿਭਾਉਂਦਾ ਹੈ। ਸਾਡੇ ਗੁਰੂਆਂ ਪੀਰਾਂ ਨੇ ਵੀ ਸਾਨੂੰ ਹੱਥੀਂ ਕੰਮ ਕਰਨ ਤੇ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਲੀਕੇ ਨਾਲ ਨਿਭਾਉਣ ਦੀ ਪ੍ਰੇਰਨਾ ਦਿੱਤੀ ਹੈ। ਕਿਸੇ ਸ਼ਾਇਰ ਨੇ ਬਾਖ਼ੂਬੀ ਕਿਹਾ ਹੈ, 'ਰੁਕਣਾ ਥੰਮਣਾ ਮੌਤ ਨਿਸ਼ਾਨੀ, ਦੇਵੇ ਸੜ੍ਹਾਂਦ ਖੜ੍ਹੋਤਾ ਪਾਣੀ।' ਸੋ ਜ਼ਿੰਦਗੀ ਚਲਦੀ ਰਹਿਣੀ ਚਾਹੀਦੀ ਹੈ। •

ਅਜੋਕੇ ਸਮੇਂ ਵਿਚ ਭੰਡਾ ਭੰਡਾਰੀਆ ਵਾਲੀ ਖੇਡ ਸਾਨੂੰ ਜ਼ਿੰਦਗੀ ਨੂੰ ਜਿਊਣ ਦੀ ਪ੍ਰੇਰਣਾ ਦਿੰਦੀ ਹੈ ਕਿਉਂਕਿ ਇਕ ਮੁੱਠੀ ਚੁੱਕ ਕੇ ਦੂਸਰੀ ਤਿਆਰ ਕਰਨ ਦਾ ਮਤਲਬ ਹੈ ਕਿ ਜ਼ਿੰਦਗੀ ਵਿਚ ਗਤੀਸ਼ੀਲਤਾ ਤੇ ਨਿਰੰਤਰਤਾ ਬਣੀ ਰਹਿਣੀ ਚਾਹੀਦੀ ਹੈ ...





ਜ਼ਿੰਮੇਵਾਰੀ

ਮੈਨੂੰ ਯਾਦ ਹੈ ਜਦੋਂ ਮੈਂ ਸਕੂਲ ਵਿਚ ਨੌਵੀਂ ਜਮਾਤ ਵਿਚ ਪੜ੍ਹਦੀ ਸੀ ਤਾਂ ਮੈਂ ਆਪਣੇ ਮੰਮੀ ਪਾਪਾ ਨੂੰ ਪੁੱਛਿਆ ਕਿ ਤੁਸੀਂ ਸਵੇਰੇ ਇੰਨੀ ਜਲਦੀ ਕਿਉਂ ਉੱਠ ਜਾਂਦੇ ਹੋ। ਜ਼ਿਕਰਯੋਗ ਹੈ ਕਿ ਮੇਰੇ ਮੰਮੀ ਹੁਣ ਰਿਟਾਇਰਡ ਅਧਿਆਪਕਾ ਹਨ ਉਸ ਸਮੇਂ ਜਲਦੀ ਸਕੂਲ ਜਾਂਦੇ ਅਤੇ ਸਾਨੂੰ ਵੀ ਤਿਆਰ ਕਰ ਕੇ ਸਕੂਲ ਭੇਜ ਦੇ ਤਾਂ ਮੇਰੇ ਪਾਪਾ ਨੇ ਕਿਹਾ ਕਿ ਤੁਹਾਡੇ ਬੱਚਿਆਂ ਦੇ ਫ਼ਿਕਰ ਕਰਕੇ ਹੀ ਸਾਡੀ ਅੱਖ ਖੁੱਲ੍ਹ ਜਾਂਦੀ ਹੈ। ਨਾਲੇ ਜਦੋਂ ਸਿਰ ਉੱਪਰ ਜ਼ਿੰਮੇਵਾਰੀ ਹੋਵੇ ਤਾਂ ਆਪਣੇ ਆਪ ਹੀ ਜਾਗ ਆ ਜਾਂਦੀ ਹੈ। ਮੈਨੂੰ ਯਾਦ ਹੈ ਉਦੋਂ ਅਸੀਂ ਅਲਾਰਮ ਲਗਾ ਕੇ ਸੌਂਦੇ ਪਰ ਕਦੀ ਵੀ ਅਲਾਰਮ ਦੀ ਘੰਟੀ ਮੈਨੂੰ ਨਹੀਂ ਸੀ ਸੁਣਦੀ। ਮੰਮੀ ਦੀਆਂ ਕਈ ਆਵਾਜ਼ਾਂ ਮਾਰਨ ਤੋਂ ਬਾਅਦ ਹੀ ਅਸੀਂ ਉੱਠਦੇ ਸੀ ਪਰ ਹੁਣ ਤਾਂ ਮੇਰੀ ਅੱਖ ਵੀ ਅਲਾਰਮ ਵੱਜਣ ਤੋਂ ਪਹਿਲਾਂ ਹੀ ਖੁੱਲ੍ਹ ਜਾਂਦੀ ਹੈ। ਹਰ ਬੰਦਾ ਐਕਸਪ੍ਰੈਸ ਵਾਂਗ ਭੱਜਿਆ ਹੀ ਜਾ ਰਿਹਾ ਹੈ ਜ਼ਿੰਦਗੀ ਬਹੁਤ ਤੇਜ਼ੀ ਨਾਲ ਅੱਗੇ ਵਧ ਰਹੀ ਹੈ ਪਰ ਕਿਤੇ ਵੀ ਠਹਿਰਾਅ ਜਾਂ ਸਕੂਨ ਨਜ਼ਰ ਨਹੀਂ ਆ ਰਿਹਾ। ਰਹਿੰਦੀ ਖੂੰਹਦੀ ਕਸਰ ਮੋਬਾਈਲ ਅਤੇ ਇੰਟਰਨੈਟ ਨੇ ਪੂਰੀ ਕਰ ਦਿੱਤੀ ਹੈ। ਅੱਜ ਕੱਲ੍ਹ ਸੋਸ਼ਲ ਮੀਡੀਆ ਤੇ ਜ਼ਿਆਦਾ ਦਿਲਚਸਪ ਸਮੱਗਰੀ ਵੀ ਮਿਲ ਜਾਂਦੀ ਹੈ ਅਤੇ ਗੱਲਾਂ ਬਾਤਾਂ ਦਾ ਕੋਟਾ ਵੀ ਪੂਰਾ ਹੋ ਜਾਂਦਾ ਹੈ।

ਸੰਪਾਦਕੀ

ਨਸ਼ਿਆਂ ਦੀ ਸਮੁੰਦਰੀ ਤੇ ਜ਼ਮੀਨੀ ਰਸਤਿਆਂ ਰਾਹੀਂ ਤਸਕਰੀ ਦੇ ਤਰੀਕੇ ਗੁੰਝਲਦਾਰ

ਨਸ਼ਿਆਂ ਦੀ ਕੋਈ ਵੀ ਵੱਡੀ ਬਰਾਮਦਗੀ ਤਸਕਰੀ ਰੋਕਣ ਲਈ ਅਪਣਾਈਆਂ ਜਾ ਰਹੀਆਂ ਰਣਨੀਤੀਆਂ ਦੀ ਕੁਝ ਹੱਦ ਤੱਕ ਸਫ਼ਲਤਾ ਬਾਰੇ ਤਾਂ ਦੱਸਦੀ ਹੈ, ਪਰ ਨਾਲ ਹੀ ਇਹ ਇਸ ਚੁਣੌਤੀ ਦੇ ਵਿਸ਼ਾਲ ਰੂਪ ਨੂੰ ਵੀ ਬੇਪਰਦ ਕਰਦੀ ਹੈ। ਜਿਉਂ-ਜਿਉਂ ਡਰੋਨਾਂ ਦੀ ਵਰਤੋਂ ਕਾਰਨ ਸਮੁੰਦਰੀ ਤੇ ਜ਼ਮੀਨੀ ਰਸਤਿਆਂ ਰਾਹੀਂ ਤਸਕਰੀ ਦੇ ਤਰੀਕੇ ਗੁੰਝਲਦਾਰ ਹੁੰਦੇ ਜਾ ਰਹੇ ਹਨ, ਤਿਉਂ-ਤਿਉਂ ਸਰਹੱਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਖ਼ੁਫ਼ੀਆ ਤੇ ਸੁਰੱਖਿਆ ਏਜੰਸੀਆਂ ਲਈ ਇੱਕ ਵੱਡੇ ਇਮਤਿਹਾਨ ਜਿਹਾ ਬਣ ਗਿਆ ਹੈ। ਲਕਸ਼ਦੀਪ ਨੇੜੇ ਇੱਕ ਇਰਾਨੀ ਕਿਸ਼ਤੀ ਵਿੱਚੋਂ 526 ਕਿਲੋਗ੍ਰਾਮ ਹੈਰੋਇਨ ਅਤੇ ਮੈਥਾਮਫੇਟਾਮੀਨ ਦੀ ਬਰਾਮਦਗੀ ਵੱਖ-ਵੱਖ ਏਜੰਸੀਆਂ ਵਿਚਕਾਰ ਆਪਸੀ ਤਾਲਮੇਲ ਦੀ ਅਹਿਮ ਭੂਮਿਕਾ ਨੂੰ ਉਜਾਗਰ ਕਰਦੀ ਹੈ। ਗੁਜਰਾਤ ਦਹਿਸ਼ਤ ਵਿਰੋਧੀ ਦਸਤੇ (ਏ ਟੀ ਐੱਸ) ਅਤੇ ਇੰਡੀਅਨ ਕੋਸਟ ਗਾਰਡ ਨੇ 3,000 ਕਰੋੜ ਰੁਪਏ ਦੀ ਇਸ ਖੇਪ ਨੂੰ ਰਾਹ ਵਿੱਚ ਹੀ ਫੜਨ ਲਈ ਮਿਲ ਕੇ ਕੰਮ ਕੀਤਾ। ਇਹ ਖੇਪ ਇੱਕ ਨਾਇਜੀਰੀਅਨ ਨਾਗਰਿਕ ਵੱਲੋਂ ਬੁੱਕ ਕੀਤੀ ਗਈ ਸੀ, ਜਿਸ ਨੂੰ ਸੰਭਵ ਤੌਰ 'ਤੇ ਤਾਮਿਲਨਾਡੂ ਰਾਹੀਂ ਪੰਜਾਬ ਪਹੁੰਚਾਇਆ ਜਾਣਾ ਸੀ। ਇਸ ਤਰ੍ਹਾਂ ਸ਼ੁਰੂਆਤੀ ਪੜਾਅ ਵਿੱਚ ਹੀ ਇੱਕ ਅੰਤਰਰਾਸ਼ਟਰੀ ਸਿੰਡੀਕੇਟ ਨੂੰ ਤੋੜ ਦਿੱਤਾ ਗਿਆ ਹੈ।

ਚੋਣਾਂ ਨੇੜੇ ਆਉਂਦਿਆਂ ਹੀ ਪੰਜਾਬ ਵਿੱਚ ਨਸ਼ਾ ਤਸਕਰੀ ਅਤੇ ਨਸ਼ਾਖ਼ੋਰੀ ਸਿਆਸੀ ਬਹਿਸ ਦੇ ਕੇਂਦਰ ਵਿੱਚ ਆ ਗਈ ਹੈ। ਰੋਜ਼ਾਨਾ ਦੂਸ਼ਣਬਾਜ਼ੀ ਅਤੇ ਇੱਕ-ਦੂਜੇ ਉੱਤੇ ਦੋਸ਼ ਲਾਉਣ ਦਾ ਸਿਲਸਿਲਾ ਆਮ ਜਿਹਾ ਬਣ ਗਿਆ ਹੈ। ਅਜੀਬ ਗੱਲ ਇਹ ਹੈ ਕਿ ਮੌਜੂਦਾ ਨਸ਼ਾ ਵਿਰੋਧੀ ਰਣਨੀਤੀਆਂ ਉੱਤੇ ਉਸਾਰੂ ਬਹਿਸ ਕਰਨ ਦੀ ਬਜਾਏ ਉਨ੍ਹਾਂ ਨੂੰ ਸਿਰੇ ਤੋਂ ਨਕਾਰ ਦਿੱਤਾ ਜਾਂਦਾ ਹੈ, ਜਿਸ ਦਾ ਨਤੀਜਾ ਇਹ ਨਿਕਲਦਾ ਹੈ ਕਿ ਉਸਾਰੂ ਆਲੋਚਨਾ ਲਈ ਵੀ ਕੋਈ ਗੁੰਜਾਇਸ਼ ਨਹੀਂ ਬਚਦੀ। ਇਸ ਰੌਲੇ-ਰੱਪੇ ਵਿੱਚ ਜ਼ਮੀਨੀ ਹਕੀਕਤਾਂ ਤੇ ਅਸਲ ਤਜਰਬਿਆਂ ਦਾ ਆਦਾਨ-ਪ੍ਰਦਾਨ ਕਿਤੇ ਪਿੱਛੇ ਰਹਿ ਜਾਂਦਾ ਹੈ ਅਤੇ ਨਸ਼ਿਆਂ ਦੀ ਅਲਾਮਤ ਨਾਲ ਨਜਿੱਠਣ ਲਈ ਇਮਾਨਦਾਰੀ ਨਾਲ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਨੂੰ ਮਜ਼ਬੂਤ ਕਰਨ ਜਾਂ ਉਨ੍ਹਾਂ ਉੱਤੇ ਮੁੜ ਵਿਚਾਰ ਕਰਨ ਦੀ ਸਮੂਹਿਕ ਲੋੜ ਵੀ ਗੁਆਚ ਜਾਂਦੀ ਹੈ। ਭਾਵੇਂ ਨਸ਼ਾ ਤਸਕਰੀ ਅਤੇ ਨਸ਼ੇ ਦੀ ਲਤ ਨੂੰ ਜੜ੍ਹੋਂ ਖ਼ਤਮ ਕਰਨ ਦਾ ਪ੍ਰਣ ਸ਼ਲਾਘਾਯੋਗ ਹੈ, ਪਰ ਇਸ ਲਈ ਸਾਂਝੇ ਯਤਨਾਂ ਅਤੇ ਸਮੂਹਿਕ ਸੂਝ-ਬੂਝ ਦੀ ਲੋੜ ਹੈ। ਜ਼ਮੀਨੀ ਪੱਧਰ ਉੱਤੇ ਸਿਆਸੀ ਸੁਨੇਹਿਆਂ ਦਾ ਬਹੁਤ ਅਸਰ ਪੈਂਦਾ ਹੈ। ਕਿਸੇ ਇੱਕ ਪਾਰਟੀ ਕੋਲ ਸਾਰੇ ਸਵਾਲਾਂ ਦੇ ਜਵਾਬ ਨਹੀਂ ਹਨ ਅਤੇ ਨਾ ਹੀ ਕੋਈ ਇਕੱਲੀ ਰਣਨੀਤੀ ਆਪਣੇ ਤੌਰ ਉੱਤੇ ਕਾਮਯਾਬ ਹੋ ਸਕਦੀ ਹੈ। ਇਸ ਗੰਭੀਰ ਮਸਲੇ ਨਾਲ ਨਜਿੱਠਣ ਲਈ ਇੱਕ ਸਾਂਝੀ ਦਿਸ਼ਾ ਤੈਅ ਕਰਨੀ ਬਹੁਤ ਜ਼ਰੂਰੀ ਹੈ। ਇੱਕ ਦੂਜੇ ਤੋਂ ਉਲਟ ਦਿਸ਼ਾਵਾਂ ਵਿੱਚ ਤੁਰਨਾ ਇਸ ਸਮੱਸਿਆ ਦਾ ਹੱਲ ਨਹੀਂ ਹੋ ਸਕਦਾ।

ਫੜੀ ਗਈ ਕਿਸ਼ਤੀ ਵਿੱਚ ਪੰਜ ਪਾਕਿਸਤਾਨੀਆਂ ਦੀ ਮੌਜੂਦਗੀ ਇਸ ਗੱਲ ਦੀ ਸ਼ਾਹਦੀ ਭਰਦੀ ਹੈ ਕਿ ਭਾਰਤ ਕਿੰਨੇ ਗੁੰਝਲਦਾਰ ਸੁਰੱਖਿਆ ਖ਼ਤਰਿਆਂ ਦਾ ਸਾਹਮਣਾ ਕਰ ਰਿਹਾ ਹੈ। ਜਿਉਂ-ਜਿਉਂ ਤਸਕਰੀ ਦੇ ਨਵੇਂ ਰਾਹ ਅਤੇ ਨਸ਼ਿਆਂ ਦੀ ਅੰਦਰੂਨੀ ਸਪਲਾਈ ਦੇ ਨਵੇਂ ਟਿਕਾਣੇ ਉੱਭਰ ਰਹੇ ਹਨ, ਉਸ ਹਿਸਾਬ ਨਾਲ ਸਖ਼ਤ ਨਿਗਰਾਨੀ ਅਤੇ ਆਪਸੀ ਤਾਲਮੇਲ ਵਾਲੀਆਂ ਕਾਰਵਾਈਆਂ ਵੀ ਬਹੁਤ ਲਾਜ਼ਮੀ ਹੋ ਗਈਆਂ ਹਨ।

ਖੇਡਾਂ ਹੀ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਸਹਾਈ ਹੋ ਸਕਦੀਆਂ ਹਨ: ਐਸ ਐਸ ਪੀ ਡਾਕਟਰ ਦਰਪਣ ਆਹਲੂਵਾਲੀਆ



ਪਟਿਆਲਾ, 2 ਨਵੰਬਰ -ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਅਤੇ ਪਟਿਆਲਾ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ ਅਤੇ ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਅਤੇ ਭਾਰਤ ਸਰਕਾਰ ਦੇ 'ਨਸ਼ਾ ਮੁਕਤ ਭਾਰਤ ਅਭਿਆਨ' ਤਹਿਤ ਸੂਬੇ ਦੇ ਹਰ ਜ਼ਿਲ੍ਹੇ ਵਿੱਚ ਲਗਾਤਾਰ ਜਾਗਰੂਕਤਾ ਪ੍ਰੋਗਰਾਮ ਕੀਤੇ ਜਾ ਰਹੇ ਹਨ।ਇਸੇ ਲੜੀ ਤਹਿਤ ਅੱਜ ਪੁਲਿਸ ਜ਼ਿਲ੍ਹਾ ਖੰਨਾ ਦੇ ਐਸ.ਐਸ.ਪੀ. ਡਾ. ਦਰਪਣ ਆਹਲੂਵਾਲੀਆ ਅਤੇ ਐਸ.ਪੀ ਇੰਨਵੈਸਟੀਗੇਸਨ ਖੰਨਾ ਰਾਕੇਸ਼ ਯਾਦਵ ਨਾਲ ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਜੋ ਕਿ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ ਅਤੇ ਮੈਂਬਰ ਵੂਮੈਨ ਕਾਊਂਸਲਿੰਗ ਸੈੱਲ ਪਟਿਆਲਾ ਪੁਲਿਸ ਵਜੋਂ ਸੇਵਾਵਾਂ ਨਿਭਾ ਰਹੇ ਹਨ, ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਵਿਸ਼ੇਸ਼ ਮੁਲਾਕਾਤ ਕੀਤੀ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਵਿਸ਼ੇਸ਼ ਤੌਰ ਤੇ ਡੀ ਐਸ ਪੀ ਪਾਇਲ ਹਰਮਨਦੀਪ ਸਿੰਘ ਚੀਮਾ ਵੀ ਹਾਜ਼ਰ ਸਨ।

ਮੁਲਾਕਾਤ ਦੌਰਾਨ ਨਸ਼ਿਆਂ ਦੇ ਖਾਤਮੇ ਲਈ ਚਲਾਏ ਜਾ ਰਹੇ ਜਾਗਰੂਕਤਾ ਕੈਂਪਾਂ, ਸੈਮੀਨਾਰਾਂ, ਪਿੰਡ-ਪਿੰਡ ਅਤੇ ਸਕੂਲਾਂ-ਕਾਲਜਾਂ ਵਿੱਚ ਕੀਤੇ ਜਾ ਰਹੇ ਪ੍ਰੋਗਰਾਮਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮੌਕੇ ਐਸ.ਐਸ.ਪੀ. ਖੰਨਾ ਡਾ. ਦਰਪਣ ਆਹਲੂਵਾਲੀਆ ਨੇ ਕਿਹਾ ਕਿ ਨਸ਼ਾ ਇੱਕ ਸਮਾਜਿਕ ਬੁਰਾਈ ਹੈ ਜਿਸ ਨੂੰ ਸਿਰਫ ਪੁਲਿਸ ਹੀ ਨਹੀਂ ਸਗੋਂ ਸਮੁੱਚੇ ਸਮਾਜ ਦੇ ਸਹਿਯੋਗ ਨਾਲ ਹੀ ਖਤਮ ਕੀਤਾ ਜਾ ਸਕਦਾ ਹੈ। ਉਨ੍ਹਾਂ ਆਮ ਜਨਤਾ, ਖਾਸ ਕਰਕੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਵਿਰੁੱਧ ਲਾਮਬੰਦ ਹੋ ਕੇ ਅੱਗੇ ਆਉਣ ਅਤੇ ਪੁਲਿਸ ਦਾ ਸਾਥ ਦੇਣ। ਜੇਕਰ ਕਿਤੇ ਵੀ ਨਸ਼ਾ ਵਿਕਦਾ ਹੈ ਤਾਂ ਉਸਦੀ ਸੂਚਨਾ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ, ਸੂਚਨਾ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।

ਉਨ੍ਹਾਂ ਨੌਜਵਾਨਾਂ ਨੂੰ ਸੰਦੇਸ਼ ਦਿੰਦਿਆਂ ਕਿਹਾ ਕਿ ਨਸ਼ਿਆਂ ਨੂੰ ਛੱਡ ਕੇ ਖੇਡਾਂ ਨਾਲ ਜੁੜੋ। ਖੇਡਾਂ ਜਿੱਥੇ ਸਰੀਰ ਨੂੰ ਤੰਦਰੁਸਤ ਰੱਖਦੀਆਂ ਹਨ ਉੱਥੇ ਮਨ ਨੂੰ ਵੀ ਸਕਾਰਾਤਮਕ ਦਿਸ਼ਾ ਵੱਲ ਲੈ ਕੇ ਜਾਂਦੀਆਂ ਹਨ। ਉਹਨਾਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹਨਾਂ ਵੱਲੋਂ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਨੌਜਵਾਨਾਂ ਨੂੰ ਖੇਡ ਮੈਦਾਨਾਂ ਨਾਲ ਜੋੜਨ ਲਈ ਲਗਾਤਾਰ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ, ਅਤੇ ਉਹ ਇਹਨਾਂ ਸਮਾਜ ਸੇਵੀ ਕਾਰਜਾਂ ਲਈ ਹਰ ਸੰਭਵ ਮਦਦ ਦੇਣ ਲਈ ਤਿਆਰ ਹਨ।

ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਨੇ ਕਿਹਾ ਕਿ ਉਨ੍ਹਾਂ ਦੀਆਂ ਸੰਸਥਾਵਾਂ ਵੱਲੋਂ ਪਿਛਲੇ ਕਈ ਸਾਲਾਂ ਤੋਂ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਨਸ਼ਾ ਪੀੜਤਾਂ ਦੀ ਕਾਊਂਸਲਿੰਗ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਡਾ ਮਕਸਦ ਸਿਰਫ ਨਸ਼ਾ ਤਸਕਰਾਂ ਨੂੰ ਫੜਵਾਉਣਾ ਹੀ ਨਹੀਂ ਸਗੋਂ ਨਸ਼ੇ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਨੂੰ ਬਾਹਰ ਕੱਢ ਕੇ ਮੁੜ ਸਮਾਜ ਦੀ ਮੁੱਖ ਧਾਰਾ ਨਾਲ ਜੋੜਨਾ ਹੈ। ਇਸ ਮੌਕੇ ਨੌਜਵਾਨਾਂ ਅਤੇ ਪਬਲਿਕ ਨੂੰ ਯੂਥ ਆਗੂ ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ ਨੇ ਡਰੱਗ ਫਰੀ ਵਰਲੱਡ ਕੈਲਫੋਰਨੀਆ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਲਈ ਕਿਤਾਬਾਂ ਵੀ ਵੰਡੀਆਂ ਗਈਆਂ।

ਕੈਮਿਸਟਾਂ ਨੇ ਮਨੋਰੋਗਾਂ ਦੀਆਂ ਦਵਾਈਆਂ ਦੀ ਵਿਕਰੀ ਬੰਦ ਕੀਤੀ



ਰੂਪਨਗਰ, 2 ਨਵੰਬਰ -ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਭਰ ਵਿੱਚ ਕੈਮਿਸਟਾਂ ਵੱਲੋਂ ਸਾਈਕੋਟਰੌਪਿਕ (ਮਾਨਸਿਕ ਤੌਰ 'ਤੇ ਪ੍ਰਭਾਵਿਤ ਕਰਨ ਵਾਲੀਆਂ) ਦਵਾਈਆਂ ਦੀ ਵਿਕਰੀ ਬੰਦ ਕਰਨ ਦੇ ਫੈਸਲੇ ਕਾਰਨ ਸ਼ੂਗਰ, ਨਸਾਂ ਦੇ ਦਰਦ ਅਤੇ ਹੋਰ ਪੁਰਾਣੀਆਂ ਬਿਮਾਰੀਆਂ ਨਾਲ ਪੀੜਤ ਮਰੀਜ਼ਾਂ ਨੂੰ ਜ਼ਰੂਰੀ ਦਵਾਈਆਂ ਲੈਣ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅੱਜ ਰੂਪਨਗਰ ਜ਼ਿਲ੍ਹੇ ਵਿੱਚ ਕੈਮਿਸਟ ਆਪਣੇ ਕੋਲ ਮੌਜੂਦ ਸਾਈਕੋਟਰੌਪਿਕ ਦਵਾਈਆਂ ਦੇ ਸਟਾਕ ਨੂੰ ਬਕਸਿਆਂ ਵਿੱਚ ਪੈਕ ਕਰਦੇ ਹੋਏ ਦੇਖੇ ਗਏ। ਉਨ੍ਹਾਂ ਅਜਿਹੇ ਮਰੀਜ਼ਾਂ ਨੂੰ ਵੀ ਦਵਾਈ ਦੇਣ ਤੋਂ ਸਾਫ ਇਨਕਾਰ ਕਰ ਦਿੱਤਾ ਜੋ ਡਾਕਟਰਾਂ ਦੀ ਪਰਚੀ ਲੈ ਕੇ ਦਵਾਈ ਲੈਣ ਆ ਰਹੇ ਸਨ।

ਪਰਵਿੰਦਰ ਕਤਲ ਕਾਂਡ ਤੋਂ ਬਾਅਦ ਨਸ਼ੀਲੀਆਂ ਜਾਂ ਆਦੀ ਬਣਾਉਣ ਵਾਲੀਆਂ ਦਵਾਈਆਂ ਦੀ ਵਿਕਰੀ ਖ਼ਿਲਾਫ਼ ਪੁਲੀਸ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਵੱਲੋਂ ਮਾਰੇ ਜਾ ਰਹੇ ਛਾਪਿਆਂ ਦੌਰਾਨ ਪੰਜਾਬ ਦੀ ਕੈਮਿਸਟ ਐਸੋਸੀਏਸ਼ਨ ਨੇ ਇਨ੍ਹਾਂ ਦਵਾਈਆਂ ਦੀ ਵਿਕਰੀ ਬੰਦ ਕਰਨ ਦਾ ਫੈਸਲਾ ਕੀਤਾ ਹੈ। ਨੰਗਲ ਦੇ ਕੈਮਿਸਟ ਅਤੇ ਸਟਾਕਿਸਟ ਕਰਨ ਚੌਧਰੀ ਨੇ ਕਿਹਾ, "ਪਰਵਿੰਦਰ ਕਤਲ ਕਾਂਡ ਤੋਂ ਬਾਅਦ ਜਿਸ ਦਵਾਈ (ਪ੍ਰੈਗਾਬੋਲਿਨ) ਉੱਤੇ ਸਵਾਲ ਉਠਾਏ ਜਾ ਰਹੇ ਹਨ, ਉਹ ਅਸਲ ਵਿੱਚ ਇੱਕ ਦਵਾਈ ਹੈ ਨਾ ਕਿ ਨਸ਼ਾ। ਇਹ ਸ਼ੂਗਰ ਦੇ ਨਸਾਂ ਦੇ ਦਰਦ ਵਾਲੇ ਮਰੀਜ਼ਾਂ ਲਈ ਸਭ ਤੋਂ ਪ੍ਰਭਾਵਸ਼ਾਲੀ ਦਵਾਈ ਹੈ ਅਤੇ ਡਾਕਟਰ ਇਸ ਦੀ ਵੱਡੇ ਪੱਧਰ 'ਤੇ ਸਿਫਾਰਸ਼ ਕਰ ਰਹੇ ਸਨ; ਹਾਲਾਂਕਿ ਪੰਜਾਬ ਭਰ ਦੇ ਕੈਮਿਸਟਾਂ ਨੂੰ ਨਿਸ਼ਾਨਾ ਬਣਾਏ ਜਾਣ ਕਾਰਨ ਅਸੀਂ ਇਸ ਦਵਾਈ ਦੀ ਵਿਕਰੀ ਬੰਦ ਕਰਨ ਦਾ ਫੈਸਲਾ ਕੀਤਾ ਹੈ।" ਰਿਪੋਰਟਾਂ ਅਨੁਸਾਰ ਇਹ ਸਥਿਤੀ ਸਿਰਫ ਪ੍ਰੈਗਾਬੋਲਿਨ ਤੱਕ ਸੀਮਤ ਨਹੀਂ ਰਹੀ, ਸਗੋਂ ਕੁਝ ਕੈਮਿਸਟਾਂ ਨੇ ਡਾਕਟਰਾਂ ਦੀ ਪਰਚੀ ਦਿਖਾਉਣ 'ਤੇ ਵੀ ਇਨਸੁਲਿਨ ਦੇ ਟੀਕੇ, ਸਰਿੰਜਾਂ, ਡਿਸਪੋਜ਼ੇਬਲ ਸੂਈਆਂ ਅਤੇ ਹੋਰ ਦਵਾਈਆਂ ਵੇਚਣ ਤੋਂ ਨਾਂਹ ਕਰਨੀ ਸ਼ੁਰੂ ਕਰ ਦਿੱਤੀ ਹੈ।

ਪਾਕਿਸਤਾਨ ਤੋਂ 49 ਸਿੱਖ ਸ਼ਰਧਾਲੂ ਅੰਮ੍ਰਿਤਸਰ ਪੁੱਜੇ



ਅੰਮ੍ਰਿਤਸਰ, 2 ਨਵੰਬਰ -ਕੌਮੀ ਪੱਤ੍ਰਿਕਾ ਬਿਊਰੋ-

ਪਾਕਿਸਤਾਨ ਤੋਂ 49 ਸਿੱਖ ਸ਼ਰਧਾਲੂਆਂ ਦਾ ਜੱਥਾ ਅੱਜ ਦੇਰ ਸ਼ਾਮ ਅੰਮ੍ਰਿਤਸਰ ਪੁੱਜ ਗਿਆ। ਇਹ ਸ਼ਰਧਾਲੂ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣਗੇ। ਅੰਮ੍ਰਿਤਸਰ ਪਹੁੰਚਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੈਨੇਜਰ ਰਾਜਿੰਦਰ ਸਿੰਘ ਰੂਬੀ ਨੇ ਜਥੇ ਦਾ ਸਵਾਗਤ ਕੀਤਾ ਅਤੇ ਜੀ ਆਇਆਂ ਆਖਿਆ।

ਜਥੇ ਦੇ ਮੁਖੀ ਪਪਿੰਦਰ ਸਿੰਘ ਸਮੇਤ ਹੋਰ ਮੈਂਬਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਜਥੇ ਵਿੱਚ ਵਧੇਰੇ ਸ਼ਰਧਾਲੂ ਨਨਕਾਣਾ ਸਾਹਿਬ ਨਾਲ ਸਬੰਧਤ ਹਨ, ਜਦਕਿ ਪਾਕਿਸਤਾਨ ਦੇ ਹੋਰਨਾਂ ਸ਼ਹਿਰਾਂ ਤੋਂ ਆਏ ਸਿੱਖ ਵੀ ਇਸ ਵਿੱਚ ਸ਼ਾਮਲ ਹਨ।

ਮਿਲੀ ਜਾਣਕਾਰੀ ਅਨੁਸਾਰ ਲਗਪਗ 100 ਸਿੱਖ ਸ਼ਰਧਾਲੂਆਂ ਦੇ ਇਸ ਜਥੇ ਨੂੰ ਭਾਰਤ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਵੀਜ਼ੇ ਮਿਲੇ ਸਨ। ਹਾਲਾਂਕਿ, ਪਾਕਿਸਤਾਨ ਸਰਕਾਰ ਵੱਲੋਂ ਸਰਹੱਦੀ ਲਾਂਘੇ ਰਾਹੀਂ ਭਾਰਤ ਆਉਣ ਦੀ ਪ੍ਰਵਾਨਗੀ ਨਾ ਮਿਲਣ ਕਾਰਨ ਸ਼ਰਧਾਲੂਆਂ ਨੂੰ ਹਵਾਈ ਮਾਰਗ ਰਾਹੀਂ ਭਾਰਤ ਪਹੁੰਚਣਾ ਪਿਆ। ਇਸ ਤੋਂ ਪਹਿਲਾਂ ਜਥੇ ਦੇ ਮੈਂਬਰਾਂ ਨੂੰ ਪਾਕਿਸਤਾਨ ਦੇ ਇੱਕ ਹਵਾਈ ਅੱਡੇ 'ਤੇ ਵੀ ਰੋਕ ਲਿਆ ਗਿਆ ਸੀ।ਕਈ ਇਤਿਹਾਸਕ ਗੁਰਧਾਮਾਂ ਦੇ ਕਰ ਚੁੱਕੇ ਹਨ ਦਰਸ਼ਨਜਾਣਕਾਰੀ ਮੁਤਾਬਕ ਇਹ ਸ਼ਰਧਾਲੂ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਵਿਖੇ ਵੀ ਮੱਥਾ ਟੇਕ ਚੁੱਕੇ ਹਨ। ਇਸ ਤੋਂ ਇਲਾਵਾ ਉਨ੍ਹਾਂ ਨੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਫਤਹਿਗੜ੍ਹ ਸਾਹਿਬ ਅਤੇ ਹੋਰਨਾਂ ਗੁਰਦੁਆਰਿਆਂ ਦੇ ਦਰਸ਼ਨ ਕੀਤੇ। ਅੱਜ ਉਹ ਗੁਰਦੁਆਰਾ ਬਾਬਾ ਬਕਾਲਾ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਦੇਰ ਸ਼ਾਮ ਅੰਮ੍ਰਿਤਸਰ ਪਹੁੰਚੇ।

ਸ਼ਰਧਾਲੂ ਤਿੰਨ ਦਿਨ ਅੰਮ੍ਰਿਤਸਰ ਵਿੱਚ ਰਹਿਣਗੇ। ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਦੇ ਠਹਿਰਨ ਦਾ ਪ੍ਰਬੰਧ ਗੁਰਦੁਆਰਾ ਸਾਹਿਬ ਦੀਆਂ ਸਰਾਵਾਂ ਵਿੱਚ ਕੀਤਾ ਗਿਆ ਹੈ। ਅੰਮ੍ਰਿਤਸਰ ਵਿੱਚ ਠਹਿਰਨ ਤੋਂ ਬਾਅਦ ਜਥਾ ਦਿੱਲੀ ਪਰਤੇਗਾ ਅਤੇ ਉੱਥੋਂ ਹਵਾਈ ਮਾਰਗ ਰਾਹੀਂ ਪਾਕਿਸਤਾਨ ਲਈ ਰਵਾਨਾ ਹੋਵੇਗਾ।

ਦੰਗਾ ਪੀੜਤਾਂ ਵੱਲੋਂ ਦਿੱਲੀ ਰੈਲੀ ਰੱਦ ਕਰਨ ਦੀ ਮੰਗ



ਲੁਧਿਆਣਾ, 2 ਨਵੰਬਰ -ਕੌਮੀ ਪੱਤ੍ਰਿਕਾ ਬਿਊਰੋ-

ਦੰਗਾ ਪੀੜਤ ਵੈਲਫੇਅਰ ਸੁਸਾਇਟੀ ਨੇ ਕਾਂਗਰਸ ਦੀ ਅਗਵਾਈ ਹੇਠ 'ਇੰਡੀਆ' ਗੱਠਜੋੜ ਵੱਲੋਂ ਇੱਕ ਨਵੰਬਰ ਨੂੰ ਦਿੱਲੀ ਦੇ ਰਾਮਲੀਲਾ ਮੈਦਾਨ ਵਿੱਚ ਰੱਖੀ ਰੈਲੀ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਵੇਖਦਿਆਂ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਹੈ।ਇੱਥੇ ਮੀਡੀਆ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਸੁਰਜੀਤ ਸਿੰਘ ਦੁੱਗਰੀ ਅਤੇ ਇਸਤਰੀ ਵਿੰਗ ਪ੍ਰਧਾਨ ਬੀਬੀ ਗੁਰਦੀਪ ਕੌਰ ਨੇ ਕਿਹਾ ਕਿ ਇੱਕ ਨਵੰਬਰ ਸਿੱਖ ਕਤਲੇਆਮ ਦੇ ਪ੍ਰਭਾਵਿਤ ਪਰਿਵਾਰਾਂ, ਸਿੱਖ ਕੌਮ, ਸਮੁੱਚੀ ਪੰਜਾਬੀਅਤ ਅਤੇ ਇਨਸਾਨੀਅਤ ਲਈ ਸੋਗ ਦਾ ਦਿਨ ਹੈ ਕਿਉਂਕਿ ਨਵੰਬਰ ਚੁਰਾਸੀ ਵਿੱਚ ਇਸੇ ਦਿਨ ਦਿੱਲੀ ਸਣੇ ਦੇਸ਼ ਦੇ ਕਈ ਹਿੱਸਿਆਂ ਵਿੱਚ ਕਾਂਗਰਸ ਪਾਰਟੀ ਦੇ ਸੀਨੀਅਰ ਆਗੂਆਂ ਦੇ ਇਸ਼ਾਰੇ 'ਤੇ ਸਿੱਖਾਂ ਦਾ ਕਤਲੇਆਮ ਹੋਇਆ ਸੀ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਦਿੱਲੀ ਸਮੇਤ ਦੇਸ਼ ਦੇ ਹੋਰ ਸ਼ਹਿਰਾਂ ਵਿੱਚ ਨਿਰਦੋਸ਼ ਸਿੱਖਾਂ 'ਤੇ ਕੀਤੇ ਜ਼ਬਰ ਦੇ ਜ਼ਖ਼ਮ ਅੱਜ ਵੀ ਸਮੁੱਚੀ ਕੌਮ ਦੇ ਮਨਾਂ ਤੇ ਉਕਰੇ ਹੋਏ ਹਨ।

ਉਨ੍ਹਾਂ ਕਿਹਾ ਕਿ ਸਿੱਖ ਕੌਮ ਨਾ ਤਾਂ ਸ੍ਰੀ ਦਰਬਾਰ ਸਾਹਿਬ ਉੱਪਰ ਹੋਏ ਫ਼ੌਜੀ ਹਮਲੇ ਨੂੰ ਭੁੱਲੀ ਹੈ ਅਤੇ ਨਾ ਹੀ ਚੁਰਾਸੀ ਕਤਲੇਆਮ ਨੂੰ ਭੁੱਲ ਸਕਦੀ ਹੈ। ਆਗੂਆਂ ਨੇ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਪ੍ਰਗਟ ਸਿੰਘ ਨੂੰ ਅਪੀਲ ਕੀਤੀ ਕਿ ਉਹ ਆਪਣਾ ਰਸੂਖ਼ ਵਰਤਦਿਆਂ ਕਾਂਗਰਸ ਹਾਈਕਮਾਂਡ ਨਾਲ ਗਲ ਕਰਨ ਅਤੇ ਇਸ ਰੈਲੀ ਨੂੰ ਰੱਦ ਕਰਾਉਣ ਕਿਉਂਕਿ ਉਹ ਪਹਿਲਾਂ ਵੀ ਸਿੱਖ ਕਤਲੇਆਮ ਦੀ ਨਿੰਦਾ ਵਾਲੇ ਆਪਣੇ ਹਾਂ ਪੱਖੀ ਵਿਚਾਰ ਪੇਸ਼ ਕਰ ਚੁੱਕੇ ਹਨ।

ਇਸ ਮੌਕੇ ਗੁਰਦੇਵ ਸਿੰਘ ਚੇਅਰਮੈਨ, ਦਲਜੀਤ ਸਿੰਘ ਸੋਨੀ, ਇੰਦਰਪਾਲ ਸਿੰਘ ਵਿੱਕੀ, ਸਤਨਾਮ ਸਿੰਘ ਸੱਤਾ, ਹਰਪਾਲ ਸਿੰਘ, ਸਤਵਿੰਦਰ ਸਿੰਘ, ਮਾਨ ਸਿੰਘ, ਜਸਪ੍ਰੀਤ ਸਿੰਘ, ਸੰਗੀਤਾ, ਹਰਦੀਪ ਕੌਰ, ਰਾਣੀ ਧਾਲੀਵਾਲ, ਰਾਜਵਿੰਦਰ ਕੌਰ ਅਤੇ ਗੁਰਮੀਤ ਕੌਰ ਹਾਜ਼ਰ ਸਨ।

ਕੇਂਦਰੀ ਟੀਮਾਂ ਨੇ ਮੰਡੀਆਂ 'ਚੋਂ ਹਾਈਬ੍ਰਿਡ ਝੋਨੇ ਦੇ ਸੈਂਪਲ ਲਏ



ਮਾਛੀਵਾੜਾ ਸਾਹਿਬ, 2 ਨਵੰਬਰ -ਕੌਮੀ ਪੱਤ੍ਰਿਕਾ ਬਿਊਰੋ-

ਕੇਂਦਰ ਸਰਕਾਰ ਤੋਂ ਐੱਫ ਸੀ ਆਈ ਵਿਭਾਗ ਦੀ ਟੀਮ ਦੇਰ ਸ਼ਾਮ ਮਾਛੀਵਾੜਾ ਅਨਾਜ ਮੰਡੀ ਪੁੱਜੀ, ਜਿੱਥੋਂ ਉਨ੍ਹਾਂ ਹਾਈਬ੍ਰਿਡ ਝੋਨੇ ਦੇ ਸੈਂਪਲ ਲਏ। ਇਲਾਕੇ ਵਿੱਚ ਕਿਸਾਨਾਂ ਨੇ ਹਾਈਬ੍ਰਿਡ ਝੋਨੇ ਦੀ ਕਾਸ਼ਤ ਵੱਧ ਕੀਤੀ ਹੈ ਸ਼ੈਲਰ ਮਾਲਕਾਂ ਨੇ ਮੁੱਦਾ ਚੁੱਕਿਆ ਸੀ ਕਿ ਇਸ ਵਿੱਚ ਟੋਟੇ ਦੀ ਮਾਤਰਾ ਵੱਧ ਨਿਕਲ ਰਹੀ ਹੈ ਅਤੇ ਚੌਲ ਸਰਕਾਰੀ ਨਿਯਮਾਂ ਮੁਤਾਬਕ ਖ਼ਰਾ ਨਹੀਂ ਉੱਤਰ ਰਿਹਾ। ਇਸ ਮੌਕੇ ਸ਼ੈਲਰ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਤਰਸੇਮ ਸੈਣੀ ਅਤੇ ਆੜ੍ਹਤੀ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਵੀ ਮੌਜੂਦ ਸਨ। ਐੱਫ ਸੀ ਆਈ ਵਿਭਾਗ ਦੀ ਟੀਮ ਡਾ. ਯਾਦਵ ਦੀ ਅਗਵਾਈ ਹੇਠ ਪੁੱਜੀ ਜਿੱਥੇ ਉਨ੍ਹਾਂ ਸ਼ੈਲਰ ਮਾਲਕਾਂ, ਆੜ੍ਹਤੀਆਂ ਤੇ ਕਿਸਾਨਾਂ ਨਾਲ ਵੀ ਗੱਲਬਾਤ ਕੀਤੀ। ਇੱਥੇ ਸ਼ੈਲਰ ਐਸੋਸ਼ੀਏਸ਼ਨ ਵਲੋਂ ਟੀਮ ਦੇ ਧਿਆਨ ਵਿਚ ਲਿਆਂਦਾ ਗਿਆ ਕਿ ਕਿਸਾਨਾਂ ਵਲੋਂ ਮਾਛੀਵਾੜਾ ਇਲਾਕੇ ਵਿਚ 50 ਤੋਂ 60 ਫੀਸਦੀ ਹਾਈਬ੍ਰਿਡ ਝੋਨੇ ਦੀ ਕਾਸ਼ਤ ਕੀਤੀ ਗਈ ਹੈ ਅਤੇ ਜਦੋਂ ਸੈਂਪਲ ਵਜੋਂ ਉਸ ਦੀ ਪਿੜਾਈ ਕੀਤੀ ਗਈ ਤਾਂ ਉਸ 'ਚੋਂ ਟੋਟੇ ਦੀ ਮਾਤਰਾ 40 ਫੀਸਦੀ ਨਿਕਲ ਰਹੀ ਹੈ ਜਦਕਿ ਕੇਂਦਰ ਸਰਕਾਰ ਦੇ ਨਿਯਮਾਂ ਅਨੁਸਾਰ 10 ਫੀਸਦੀ ਟੋਟਾ ਹੋਣਾ ਚਾਹੀਦਾ ਹੈ।

ਕੇਂਦਰੀ ਟੀਮ ਜਿਸ ਵਿਚ ਹਾਈਬ੍ਰਿਡ ਝੋਨਾ ਵੇਚਣ ਵਾਲੀ ਕੰਪਨੀ ਅਤੇ ਹੋਰ ਵੱਖ-ਵੱਖ ਵਿਭਾਗਾਂ ਦੇ ਨੁਮਾਇੰਦੇ ਸ਼ਾਮਲ ਸਨ, ਨੇ ਕਿਹਾ ਕਿ ਪੰਜਾਬ ਦੀਆਂ ਕਈ ਮੰਡੀਆਂ 'ਚੋਂ ਹਾਈਬ੍ਰਿਡ ਝੋਨੇ ਦੇ ਸੈਂਪਲ ਲਏ ਗਏ ਹਨ ਜਿਸ ਦੀ ਲੈਬ 'ਚੋਂ ਜਾਂਚ ਕਰਵਾਈ ਜਾਵੇਗੀ ਅਤੇ ਜੋ ਰਿਪੋਰਟ ਆਵੇਗੀ ਉਸ ਨੂੰ ਆਪਣੇ ਉੱਚ ਅਧਿਕਾਰੀਆਂ ਤੱਕ ਭੇਜ ਦਿੱਤਾ ਜਾਵੇਗਾ ਜਿਸ ਤੋਂ ਬਾਅਦ ਕੋਈ ਫੈਸਲਾ ਲਿਆ ਜਾਵੇਗਾ। ਸ਼ੈਲਰ ਐਸੋਸੀਏਸ਼ਨ ਦੇ ਪ੍ਰਧਾਨ ਤਰਸੇਮ ਸੈਣੀ, ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਨੇ ਕਿਹਾ ਕਿ ਸੈਂਪਲ ਤੋਂ ਬਾਅਦ ਜੋ ਵੀ ਰਿਪੋਰਟ ਆਵੇਗੀ ਉਸ ਅਧਾਰ 'ਤੇ ਕੇਂਦਰ ਸਰਕਾਰ ਤੁਰੰਤ ਕਾਰਵਾਈ ਕਰੇ ਤਾਂ ਜੋ ਅਗਲੇ ਸੀਜ਼ਨ ਵਿਚ ਕਿਸਾਨਾਂ, ਆੜ੍ਹਤੀਆਂ ਅਤੇ ਸ਼ੈਲਰ ਮਾਲਕਾਂ ਨੂੰ ਕੋਈ ਸਮੱਸਿਆ ਨਾ ਆਵੇ। ਇਸ ਮੌਕੇ ਜ਼ਿਲ੍ਹਾ ਖੁਰਾਕ ਅਫ਼ਸਰ ਲਖਵੀਰ ਸਿੰਘ, ਸ਼ੈਲਰ ਐਸੋਸੀਏਸ਼ਨ ਮਾਛੀਵਾੜਾ ਦੇ ਪ੍ਰਧਾਨ ਅਸ਼ੋਕ ਸੂਦ, ਸ਼ੈਲਰ ਮਾਲਕ ਕਸਤੂਰੀ ਲਾਲ ਮਿੰਟੂ, ਚੇਅਰਮੈਨ ਹੁਸਨ ਲਾਲ ਮੜਕਨ, ਸਾਬਕਾ ਪ੍ਰਧਾਨ ਰੁਪਿੰਦਰ ਸਿੰਘ ਬੈਨੀਪਾਲ, ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਇੰਸਪੈਕਟਰ ਅਮਰਿੰਦਰ ਸਿੰਘ ਹੈਪੀ, ਇੰਸਪੈਕਟਰ ਯਾਦਵਿੰਦਰ ਸਿੰਘ, ਆੜ੍ਹਤੀ ਐਸੋਸੀਏਸ਼ਨ ਦੇ ਸੂਬਾ ਉਪ ਪ੍ਰਧਾਨ ਅਰਵਿੰਦਰਪਾਲ ਸਿੰਘ ਵਿੱਕੀ, ਆੜ੍ਹਤੀ ਐਸੋਸੀਏਸ਼ਨ ਦੇ ਉਪ ਪ੍ਰਧਾਨ ਰਾਜੀਵ ਕੌਸ਼ਲ, ਹੈਪੀ ਬਾਂਸਲ, ਅਜੈ ਕੁਮਾਰ ਬਾਂਸਲ, ਸੌਰਵ ਗੋਇਲ, ਬੋਬੀ ਖੋਸਲਾ, ਸੰਨੀ ਸੂਦ, ਹਰਕੇਸ਼ ਨਹਿਰਾ ਅਤੇ ਅਭੈ ਗੋਇਲ ਹਾਜ਼ਰ ਸਨ।

ਬਾਪੂ ਬਲਕੌਰ ਵੱਲੋਂ ਭਾਜਪਾ 'ਚ ਸ਼ਾਮਲ ਹੋਣ ਦਾ ਖੰਡਨ



ਲੁਧਿਆਣਾ, 2 ਨਵੰਬਰ -ਕੌਮੀ ਪੱਤ੍ਰਿਕਾ ਬਿਊਰੋ-

ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਵਿੱਚ ਅੱਜ ਮਹਾਂ ਸਭਾ ਲੁਧਿਆਣਾ ਦੀ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਪ੍ਰੋ. ਜਗਮੋਹਨ ਸਿੰਘ, ਜਸਵੰਤ ਜੀਰਖ, ਸਤਨਾਮ ਸਿੰਘ ਧਾਲੀਵਾਲ ਅਜਮੇਰ ਦਾਖਾ, ਸਤੀਸ਼ ਕੁਮਾਰ ਸੱਚਦੇਵਾ ਅਤੇ ਰਾਕੇਸ਼ ਆਜ਼ਾਦ ਸ਼ਾਮਲ ਸਨ। ਮੀਟਿੰਗ ਦੌਰਾਨ ਇਨ੍ਹਾਂ ਸਾਰੇ ਮੈਂਬਰਾਂ ਦੇ ਸਾਹਮਣੇ ਬਾਪੂ ਬਲਕੌਰ ਸਿੰਘ ਗਿੱਲ ਨੇ ਮੀਡੀਆ ਵਿੱਚ ਉਨ੍ਹਾਂ ਦੇ ਭਾਜਪਾ ਵਿੱਚ ਸ਼ਾਮਲ ਹੋਣ ਸਬੰਧੀ ਆਈਆਂ ਖ਼ਬਰਾਂ ਦਾ ਖੰਡਨ ਕਰਦਿਆਂ ਆਪਣਾ ਪੱਖ ਸਪੱਸ਼ਟ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਭਾਜਪਾ ਦੀ ਕੋਈ ਮੈਂਬਰਸ਼ਿਪ ਨਹੀਂ ਲਈ। ਇੱਕ ਜਾਣਕਾਰ ਵਕੀਲ ਵੱਲੋਂ ਉਨ੍ਹਾਂ ਨੂੰ ਬਿਨਾਂ ਪੂਰੀ ਜਾਣਕਾਰੀ ਦਿੱਤੇ ਇਸ ਪ੍ਰੋਗਰਾਮ ਵਿੱਚ ਲਿਜਾਇਆ ਗਿਆ ਸੀ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਇਸ ਗੱਲ ਦਾ ਅੰਦਾਜ਼ਾ ਨਹੀਂ ਸੀ ਕਿ ਇਸ ਤਰ੍ਹਾਂ ਦੀ ਸਥਿਤੀ ਪੈਦਾ ਹੋ ਜਾਵੇਗੀ।

ਮੀਟਿੰਗ ਵਿੱਚ ਮੈਂਬਰਾਂ ਨੇ ਇਸ ਮਾਮਲੇ 'ਤੇ ਸਵਾਲ ਉਠਾਉਂਦਿਆਂ ਕਿਹਾ ਕਿ ਸਮਾਜ ਵਿੱਚ ਸਨਮਾਨਿਤ ਸ਼ਖ਼ਸੀਅਤਾਂ ਨੂੰ ਅਜਿਹੇ ਪ੍ਰੋਗਰਾਮਾਂ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ ਪੂਰੀ ਜਾਣਕਾਰੀ ਲੈਣੀ ਚਾਹੀਦੀ ਹੈ।

ਬਾਪੂ ਬਲਕੌਰ ਸਿੰਘ ਗਿੱਲ ਨੇ ਮੰਨਿਆ ਕਿ ਭਵਿੱਖ ਵਿੱਚ ਉਹ ਅਜਿਹੇ ਮਾਮਲਿਆਂ ਵਿੱਚ ਵਧੇਰੇ ਸਾਵਧਾਨੀ ਵਰਤਣਗੇ। ਉਨ੍ਹਾਂ ਕਿਹਾ ਕਿ ਉਹ ਭਾਜਪਾ ਦੀਆਂ ਰਾਜਨੀਤਿਕ ਅਤੇ ਫਿਰਕੂ ਨੀਤੀਆਂ ਸਮੇਤ ਜਨਤਕ ਅਦਾਰਿਆਂ ਦੇ ਨਿੱਜੀਕਰਨ ਰਾਹੀਂ ਦੇਸ਼ ਦੇ ਕਮਾਊ ਅਦਾਰਿਆਂ ਨੂੰ ਕਾਰਪੋਰੇਟ ਘਰਾਣਿਆਂ ਕੋਲ ਵੇਚਣ ਦਾ ਹਮੇਸ਼ਾ ਵਿਰੋਧ ਕਰਦੇ ਹਨ। ਉਨ੍ਹਾਂ ਮੰਨਿਆ ਕਿ ਭਾਜਪਾ ਫਿਰਕਾਪ੍ਰਸਤ ਪਾਰਟੀ ਹੈ ਜੋ ਲੋਕਾਂ ਦਾ ਕੋਈ ਭਲਾ ਕਰਨ ਦੀ ਬਜਾਏ ਉਹਨਾਂ ਨੂੰ ਧਰਮਾਂ ਵਿੱਚ ਵੰਡਣ ਦੀ ਰਾਜਨੀਤੀ ਕਰ ਰਹੀ ਹੈ । ਉਨ੍ਹਾਂ ਕਿਹਾ ਕਿ ਇਸ ਵੋਟਾਂ ਦੀ ਰਾਜਨੀਤੀ ਦੇ ਦੌਰ ਵਿੱਚ ਉਹ ਹਮੇਸ਼ਾ ਚੌਕਸ ਰਹਿਣਗੇ।

ਅੰਮ੍ਰਿਤਸਰ ਨੇੜੇ ਸਰਪੰਚ ਦੇ ਭਰਾ ਦੀ ਗੋਲੀਆਂ ਮਾਰ ਕੇ ਹੱਤਿਆ

ਅੰਮ੍ਰਿਤਸਰ, 2 ਨਵੰਬਰ -ਕੌਮੀ ਪੱਤ੍ਰਿਕਾ ਬਿਊਰੋ-

ਵਿਧਾਨ ਸਭਾ ਹਲਕਾ ਅਟਾਰੀ ਅਧੀਨ ਆਉਂਦੇ ਪਿੰਡ ਗਨੀ ਸ਼ਾਹ ਵਾਲਾ (ਝੀਤਾ ਕਲਾਂ) ਵਿੱਚ ਸਰਪੰਚ ਦੇ ਭਰਾ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ। ਮ੍ਰਿਤਕ ਦੀ ਪਛਾਣ ਤੀਰਥ ਸਿੰਘ (25) ਪੁੱਤਰ ਅੰਗਰੇਜ਼ ਸਿੰਘ ਵਜੋਂ ਹੋਈ ਹੈ।

ਜਾਣਕਾਰੀ ਅਨੁਸਾਰ ਤੀਰਥ ਸਿੰਘ ਦੇਰ ਸ਼ਾਮ ਬਾਬਾ ਗਨੀ ਸ਼ਾਹ ਨੇੜੇ ਖੜ੍ਹਾ ਸੀ, ਜਦੋਂ ਪਿੰਡ ਦੇ ਕੁਝ ਨੌਜਵਾਨਾਂ ਨੇ ਉਸ 'ਤੇ ਗੋਲੀਆਂ ਚਲਾ ਦਿੱਤੀਆਂ। ਉਸ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਚਾਟੀਵਿੰਡ ਦੀ ਪੁਲੀਸ ਮੌਕੇ 'ਤੇ ਪਹੁੰਚ ਗਈ ਅਤੇ ਜਾਂਚ ਸ਼ੁਰੂ ਕਰ ਦਿੱਤੀ। ਹਾਲੇ ਤੱਕ ਕਤਲ ਦੇ ਕਾਰਨਾਂ ਬਾਰੇ ਕੋਈ ਅਧਿਕਾਰਤ ਜਾਣਕਾਰੀ ਸਾਹਮਣੇ ਨਹੀਂ ਆਈ ਹੈ।

ਜ਼ਿਕਰਯੋਗ ਹੈ ਕਿ ਪੰਜਾਬ ਵਿਚ ਬੀਤੇ ਕੁਝ ਮਹੀਨਿਆਂ ਤੋਂ ਕਤਲ ਕਰਨ ਦੇ ਮਾਮਲੇ ਲਗਾਤਾਰ ਵਧ ਰਹੇ ਹਨ ਜਿਸ ਕਾਰਨ ਵਿਰੋਧੀ ਪਾਰਟੀਆਂ ਸੂਬਾ ਸਰਕਾਰ ਨੂੰ ਅਮਨ ਕਾਨੂੰਨ ਦੀ ਵਿਵਸਥਾ ਦੇ ਮਾਮਲੇ 'ਤੇ ਘੇਰ ਰਹੀਆਂ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਇਸ ਸਰਕਾਰ ਦੀ ਅਗਵਾਈ ਹੇਠ ਸੂਬਾ ਮਹਿਫੂਜ਼ ਨਹੀਂ ਰਿਹਾ ਤੇ ਅਜਿਹੀਆਂ ਵਾਰਦਾਤਾਂ ਰੋਜ਼ਾਨਾ ਵਾਪਰ ਰਹੀਆਂ ਹਨ ਜਿਸ ਕਾਰਨ ਸੂਬਾ ਵਾਸੀਆਂ ਵਿਚ ਸਹਿਮ ਤੇ ਡਰ ਦਾ ਮਾਹੌਲ ਹੈ।ਦੂਜੇ ਪਾਸੇ ਸਰਕਾਰ ਵੱਲੋਂ ਸਖਤ ਕਾਰਵਾਈ ਕਰਨ ਤੇ ਅਜਿਹੀਆਂ ਘਟਨਾਵਾਂ ਰੋਕਣ ਦੇ ਦਾਅਵੇ ਕੀਤੇ ਜਾ ਰਹੇ ਹਨ।

ਜਥੇਦਾਰ ਗੜਗੱਜ ਵੱਲੋਂ ਨਾਰਵੇ ਵਿੱਚ ਸਿੱਖੀ ਪਛਾਣ ਕਾਇਮ ਰੱਖਣ ਦਾ ਸੱਦਾ



ਅੰਮ੍ਰਿਤਸਰ, 2 ਨਵੰਬਰ -ਕੌਮੀ ਪੱਤ੍ਰਿਕਾ ਬਿਊਰੋ-

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਨਾਰਵੇ ਦੀ ਸਿੱਖ ਸੰਗਤ ਨੂੰ ਆਪਣੀ ਅਤੇ ਬੱਚਿਆਂ ਦੀ ਸਿੱਖੀ ਪਛਾਣ ਕਾਇਮ ਰੱਖਣ, ਆਪਸੀ ਏਕਤਾ ਮਜ਼ਬੂਤ ਕਰਨ ਅਤੇ ਨਵੀਂ ਪੀੜ੍ਹੀ ਨੂੰ ਗੁਰੂ ਸਾਹਿਬਾਨ ਨਾਲ ਜੋੜਨ ਦਾ ਸੱਦਾ ਦਿੱਤਾ ਹੈ। ਨਾਰਵੇ ਦੇ ਦੌਰੇ ਦੌਰਾਨ ਉਨ੍ਹਾਂ ਓਸਲੋ ਦੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਜੀ ਵਿਖੇ ਬਾਬਾ ਬੁੱਢਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਵਿੱਚ ਸ਼ਮੂਲੀਅਤ ਕੀਤੀ।

ਉਨ੍ਹਾਂ ਬਾਬਾ ਬੁੱਢਾ ਜੀ ਦੇ ਜੀਵਨ, ਸਿੱਖ ਸਿਧਾਂਤਾਂ, ਪੰਥ ਪ੍ਰਵਾਨਿਤ ਸਿੱਖ ਰਹਿਤ ਮਰਿਆਦਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਹੱਤਤਾ ਬਾਰੇ ਵਿਚਾਰ ਸਾਂਝੇ ਕੀਤੇ।

ਜੇਲ੍ਹ ਵਾਰਡਨ ਭਰਤੀ 07/2025 ਦੇ ਉਮੀਦਵਾਰਾਂ ਵੱਲੋਂ ਡੀ.ਸੀ. ਦਫ਼ਤਰ ਸੰਗਰੂਰ ਅੱਗੇ ਜ਼ਬਰਦਸਤ ਰੋਸ ਪ੍ਰਦਰਸ਼ਨ



ਸੰਗਰੂਰ, 2 ਨਵੰਬਰ -ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਅਤੇ ਪੀ.ਐਸ.ਐਸ.ਐਸ.ਬੀ. ਬੋਰਡ ਦੀ ਨਲਾਇਕੀ ਕਾਰਨ ਜੇਲ੍ਹ ਵਾਰਡਨ ਭਰਤੀ ਇਸ਼ਤਿਹਾਰ ਨੰਬਰ 07/2025 (451 ਅਸਾਮੀਆਂ) ਦੇ ਚੁਣੇ ਹੋਏ ਉਮੀਦਵਾਰ ਅੱਜ ਸੜਕਾਂ ਤੇ ਰੁਲਣ ਲਈ ਮਜਬੂਰ ਹੋ ਗਏ। ਅੱਜ ਸੰਗਰੂਰ ਦੇ ਡੀ.ਸੀ. ਦਫ਼ਤਰ ਅੱਗੇ ਸੈਂਕੜੇ ਨੌਜਵਾਨਾਂ ਨੇ ਪੰਜਾਬ ਸਰਕਾਰ ਅਤੇ ਪੀ.ਐਸ.ਐਸ.ਐਸ.ਬੀ. ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਉਮੀਦਵਾਰਾਂ ਨੇ ਦੱਸਿਆ ਕਿ ਲਿਖਤੀ ਪ੍ਰੀਖਿਆ, ਫਿਜ਼ੀਕਲ ਟੈਸਟ ਅਤੇ ਡਾਕੂਮੈਂਟ ਵੈਰੀਫਿਕੇਸ਼ਨ ਤੋਂ ਬਾਅਦ ਫਾਈਨਲ ਨਤੀਜੇ ਨੂੰ 5 ਮਹੀਨੇ ਤੋਂ ਵੱਧ ਸਮਾਂ ਹੋ ਚੁੱਕਾ ਹੈ, ਪਰ ਅਜੇ ਤੱਕ ਇੱਕ ਵੀ ਉਮੀਦਵਾਰ ਨੂੰ ਨਿਯੁਕਤੀ ਪੱਤਰ ਨਹੀਂ ਦਿੱਤਾ ਗਿਆ।

ਉਮੀਦਵਾਰਾਂ ਨੇ ਗੰਭੀਰ ਦੋਸ਼ ਲਗਾਉਂਦਿਆਂ ਕਿਹਾ ਕਿ ਅਸੀਂ ਹਰ ਹਫ਼ਤੇ ਪੀ.ਐਸ.ਐਸ.ਐਸ.ਬੀ. ਬੋਰਡ ਮੋਹਾਲੀ ਦੇ ਚੱਕਰ ਕੱਟਦੇ ਹਾਂ, ਬੋਰਡ ਵਾਲੇ ਕਹਿੰਦੇ ਹਨ ਫਾਈਲ ਜੇਲ੍ਹ ਵਿਭਾਗ ਕੋਲ ਹੈ, ਜਦੋਂ ਜੇਲ੍ਹ ਵਿਭਾਗ ਕੋਲ ਜਾਂਦੇ ਹਾਂ ਤਾਂ ਉਹ ਕਹਿੰਦੇ ਹਨ ਫਾਈਲ ਪੀ.ਐਸ.ਐਸ.ਐਸ.ਬੀ. ਕੋਲ ਹੈ। ਸਾਨੂੰ ਕੋਈ ਤਸੱਲੀਬਖਸ਼ ਜਵਾਬ ਨਹੀਂ ਦਿੱਤਾ ਜਾ ਰਿਹਾ, ਸਿਰਫ ਟਾਲ-ਮਟੋਲ ਕੀਤੀ ਜਾ ਰਹੀ ਹੈ। ਉਮੀਦਵਾਰਾਂ ਨੇ ਰੋਸ ਜਤਾਉਂਦਿਆਂ ਕਿਹਾ ਕਿ ਪਿਛਲੇ ਦਿਨਾਂ ਵਿੱਚ ਗੁਰਦਾਸਪੁਰ, ਬਟਾਲਾ, ਪਠਾਨਕੋਟ ਅਤੇ ਫਿਰੋਜ਼ਪੁਰ-ਫਾਜ਼ਿਲਕਾ ਵਿੱਚ ਵੀ ਇਸੇ ਭਰਤੀ ਦੇ ਉਮੀਦਵਾਰ ਡੀ.ਸੀ. ਦਫ਼ਤਰਾਂ ਅੱਗੇ ਰੋਸ ਪ੍ਰਦਰਸ਼ਨ ਕਰ ਚੁੱਕੇ ਹਨ, ਪਰ ਸਰਕਾਰ ਦੇ ਕੰਨ ਤੇ ਜੂੰ ਤੱਕ ਨਹੀਂ ਸਰਕ ਰਹੀ।

ਉਹਨਾਂ ਕਿਹਾ ਕਿ ਚੋਣ ਤੋਂ ਬਾਅਦ ਵੀ ਬੇਰੁਜ਼ਗਾਰੀ ਨਾਲ ਸਾਡਾ ਭਵਿੱਖ ਖਰਾਬ ਕੀਤਾ ਜਾ ਰਿਹਾ ਹੈ। ਅਸੀਂ ਆਪਣੀਆਂ ਨੌਕਰੀਆਂ ਛੱਡ ਕੇ, ਕਰਜ਼ਾ ਚੁੱਕ ਕੇ ਤਿਆਰੀ ਕੀਤੀ ਸੀ। ਹੁਣ ਚੁਣੇ ਜਾਣ ਤੋਂ ਬਾਅਦ ਵੀ ਅਸੀਂ ਬੇਰੁਜ਼ਗਾਰ ਹਾਂ। ਅੰਤ ਵਿੱਚ ਉਮੀਦਵਾਰਾਂ ਨੇ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਾਡੀ ਜੁਆਇਨਿੰਗ ਤੁਰੰਤ ਨਹੀਂ ਕਰਵਾਈ ਗਈ ਤਾਂ 2 ਨਵੰਬਰ ਤੋਂ ਪੱਕਾ ਧਰਨਾ ਸ਼ੁਰੂ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਪੀ.ਐਸ.ਐਸ.ਐਸ.ਬੀ. ਬੋਰਡ ਦੀ ਹੋਵੇਗੀ।ਇਸ ਮੌਕੇ ਰਘਵੀਰ ਸਿੰਘ,ਬੇਅੰਤ ਸਿੰਘ, ਤੇਜਿੰਦਰ ਸਿੰਘ, ਸ਼ਾਂਤੀ ਸ਼ਰਮਾ, ਸੰਦੀਪ ਸਿੰਘ, ਅਮਨਪ੍ਰੀਤ ਸਿੰਘ, ਕਰਨਪ੍ਰੀਤ ਸਿੰਘ ਤੇ ਗੁਰਪ੍ਰੀਤ ਸਿੰਘ ਸ਼ਾਮਲ ਸਨ

ਸੁਰਜੀਤ ਸਿੰਘ ਰੱਖੜਾ ਵੱਲੋਂ ਸਮਾਣਾ ਅਨਾਜ ਮੰਡੀ ਦਾ ਦੌਰਾ, ਖ਼ਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ



ਸਮਾਣਾ, 2 ਨਵੰਬਰ -ਕੌਮੀ ਪੱਤ੍ਰਿਕਾ ਬਿਊਰੋ-

ਮਾਨ ਸਰਕਾਰ ਵੱਲੋਂ ਸੂਬੇ ਭਰ 'ਚ ਪੁਖ਼ਤਾ ਪ੍ਰਬੰਧ ਤਹਿਤ ਚੱਲ ਰਹੀ ਝੋਨੇ ਦੀ ਸਰਕਾਰੀ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਸਾਬਕਾ ਕੈਬਨਿਟ ਮੰਤਰੀ ਅਤੇ ਵਿਧਾਨ ਸਭਾ ਹਲਕਾ ਸਮਾਣਾ ਦੇ 'ਆਪ' ਇੰਚਾਰਜ ਸੁਰਜੀਤ ਸਿੰਘ ਰੱਖੜਾ ਨੇ ਸਮਾਣਾ ਦੀ ਅਨਾਜ ਮੰਡੀ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਮੰਡੀ ਵਿੱਚ ਆਪਣੀ ਫ਼ਸਲ ਲੈ ਕੇ ਪਹੁੰਚੇ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਸਿੱਧੀ ਗੱਲਬਾਤ ਕਰਕੇ ਸਰਕਾਰੀ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਿਲ ਕੀਤੀ, ਤਾਂ ਜੋ ਕਿਸੇ ਵੀ ਵਰਗ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਰੱਖੜਾ ਨੇ ਮੰਡੀ ਵਿਖੇ ਆੜ੍ਹਤੀਆਂ ਤੇ ਕਿਸਾਨਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਮਾਨ ਸਰਕਾਰ ਸੂਬੇ ਦੇ ਹਰ ਵਰਗ ਦੇ ਵਿਕਾਸ ਅਤੇ ਧਿਆਨ ਹਿੱਤ ਵਚਨਬੱਧ ਹੈ।

ਇਸੇ ਲੜੀ ਤਹਿਤ ਝੋਨੇ ਦੇ ਸੀਜ਼ਨ ਦੌਰਾਨ ਸਰਕਾਰ ਵੱਲੋਂ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ, ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਨਾ ਆਵੇ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਸਾਡੀ ਵੀ ਜ਼ਿੰਮੇਵਾਰੀ ਬਣਦੀ ਹੈ ਕਿ ਸਰਕਾਰ ਵੱਲੋਂ ਨਿਰਧਾਰਿਤ ਮਾਪਦੰਡਾਂ ਅਨੁਸਾਰ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲੈ ਕੇ ਆਇਆ ਜਾਵੇ, ਤਾਂ ਜੋ ਮੰਡੀ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਉਹ ਸਮੇਂ ਸਿਰ ਆਪਣੀ ਫ਼ਸਲ ਵੇਚ ਕੇ ਘਰ ਪਰਤ ਸਕਣ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਇਹ ਯਕੀਨੀ ਬਣਾਇਆ ਗਿਆ ਹੈ ਕਿ ਫ਼ਸਲ ਦੀ ਖ਼ਰੀਦ ਹੋਣ ਦੇ 24 ਘੰਟਿਆਂ ਦੇ ਅੰਦਰ-ਅੰਦਰ ਕਿਸਾਨਾਂ ਦੇ ਖਾਤਿਆਂ ਵਿੱਚ ਅਦਾਇਗੀ ਪਹੁੰਚ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਸੰਬੰਧਿਤ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਕਿ ਮਾਨ ਸਰਕਾਰ ਵੱਲੋਂ ਸੀਜ਼ਨ ਦੌਰਾਨ ਕੀਤੇ ਗਏ ਉਪਰਾਲਿਆਂ ਨੂੰ ਜ਼ਮੀਨੀ ਪੱਧਰ 'ਤੇ ਯਕੀਨੀ ਬਣਾਇਆ ਜਾਵੇ, ਤਾਂ ਜੋ ਝੋਨੇ ਦੀ ਸਰਕਾਰੀ ਖ਼ਰੀਦ ਦਾ ਸੀਜ਼ਨ ਨਿਰਵਿਘਨ ਢੰਗ ਨਾਲ ਨੇਪਰੇ ਚੜ੍ਹ ਸਕੇ। ਇਸ ਮੌਕੇ ਪ੍ਰਧਾਨ ਕਪੂਰ ਚੰਦ ਬਾਂਸਲ, ਪ੍ਰਧਾਨ ਨਰਿੰਦਰ ਸਿੰਘ ਅਸਰਪੁਰ, ਸਾਬਕਾ ਚੇਅਰਮੈਨ ਹਰਜਿੰਦਰ ਸਿੰਘ ਕੁਲਬੁਰਛਾਂ, ਸੈਕਟਰੀ ਪਵਨ ਕੁਮਾਰ, ਗੋਪਾਲ ਕ੍ਰਿਸ਼ਨ, ਜੀਵਨ ਕੁਮਾਰ, ਕੌਂਸਲਰ ਮਨਜਿੰਦਰ ਸਿੰਘ ਰਾਣਾ ਸੇਖੋਂ, ਚਾਚੂ ਜੌੜਾਮਾਜਰਾ, ਕੌਂਸਲਰ ਜਗਤਾਰ ਸੰਧੂ, ਕੌਂਸਲਰ ਸ਼ੈਂਕੀ ਢਕੇਜਾ, ਕੌਂਸਲਰ ਹੈਪੀ ਢੀਂਗਰਾ, ਦੀਪਕ ਸ਼ਰਮਾ, ਸਾਬਕਾ ਕੌਂਸਲਰ ਮਿੰਟੂ ਸਮਾਣਾ, ਗੁਰਦੀਪ ਸ਼ਰਮਾ, ਲਾਡੀ ਮਿਆਲਾ, ਯਾਦਵਿੰਦਰ ਚੀਮਾ, ਗੁਰਦਿਆਲ ਸਿੰਘ ਰੰਧਾਵਾ ਸਮੇਤ 'ਆਪ' ਵਰਕਰ ਤੇ ਕਿਸਾਨ ਮੌਜੂਦ ਸਨ।

ਬਲਾਕ ਪ੍ਰਾਇਮਰੀ ਖੇਡਾਂ ਦਾ ਹੋਇਆ ਆਗਾਜ਼



ਪਟਿਆਲਾ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਕਲਸਟਰ ਇੰਚਾਰਜ ਪ੍ਰਾਇਮਰੀ ਖੇਡਾਂ ਬਿੰਦੂ ਬਾਲਾ ਨੇ ਦੱਸਿਆ ਕਿ ਇਨਾ ਖੇਡਾਂ ਦੇ ਵਿੱਚ ਸ਼ਤਰੰਜ, ਤਾਇਕਮਾਂਡੋ, ਯੋਗਾ, ਅਥਲੈਟਿਕਸ, ਰੱਸਾਕਸ਼ੀ, ਕਰਾਟੇ, ਕੁਸ਼ਤੀਆਂ, ਸਰਕਲ ਕਬੱਡੀ ਖੇਡਾਂ ਕਰਵਾਈਆਂ ਜਾ ਰਹੀਆਂ ਹਨ।ਅੱਜ ਮੁੱਖ ਮਹਿਮਾਨ ਦੇ ਤੌਰ ਤੇ ਬਰਿੰਦਰ ਕੁਮਾਰ ਢੂਡੀਆਂ ਮੈਨੇਜਰ,ਪ੍ਰਿੰਸੀਪਲ ਡੌਲੀ ਲਰੋਈਆ ਤੇ ਐਚਓਡੀ ਸਪੋਰਟਸ ਡਾ ਆਸਾ ਸਿੰਘ ਨੇ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ।ਪ੍ਰਿੰਸੀਪਲ ਡੌਲੀ ਲਰੋਈਆ ਨੇ ਸਾਰੇ ਅਧਿਆਪਕਾਂ ਅਤੇ ਖਿਡਾਰੀਆਂ ਦਾ ਧੰਨਵਾਦ ਕੀਤਾ।ਇਸ ਮੌਕੇ ਤੇ ਪੁਨਦੀਪ ਕੌਰ,ਜਸਪ੍ਰੀਤ ਕੌਰ, ਅਮਨਿੰਦਰ ਸਿੰਘ ਅਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਸਮੂਹ ਡਿਊਟੀ ਸਟਾਫ ਹਾਜਰ ਸੀ।

ਕੋਈ ਵੀ ਬੱਚਾ ਖੁਦ ਨੂੰ ਇਕੱਲਾ ਨਾ ਸਮਝੇ; ਪੰਜਾਬ ਸਰਕਾਰ ਵੱਲੋਂ 254.44 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਜਾਰੀ

ਔਖੀਆਂ ਸਥਿਤੀਆਂ ਦਾ ਸਾਹਮਣਾ ਕਰ ਰਹੇ ਬੱਚਿਆਂ ਦੀ ਭਲਾਈ, ਪੜ੍ਹਾਈ ਅਤੇ ਬਿਹਤਰ ਭਵਿੱਖ ਲਈ ਪੰਜਾਬ ਸਰਕਾਰ ਵਚਨਬੱਧ: ਡਾ. ਬਲਜੀਤ ਕੌਰ

ਚੰਡੀਗੜ੍ਹ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਬੱਚਿਆਂ ਦੇ ਸੁਰੱਖਿਅਤ ਬਚਪਨ, ਸਨਮਾਨਪੂਰਨ ਜੀਵਨ ਅਤੇ ਬਿਹਤਰ ਭਵਿੱਖ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਸਮਾਜਿਕ ਸੁਰੱਖਿਆ ਸਕੀਮਾਂ ਨੂੰ ਲਗਾਤਾਰ ਮਜ਼ਬੂਤ ਕੀਤਾ ਜਾ ਰਿਹਾ ਹੈ। ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਆਸ਼ਰਿਤ ਬੱਚਿਆਂ ਨੂੰ ਵਿੱਤੀ ਸਹਾਇਤਾ ਸਕੀਮ ਤਹਿਤ ਸੂਬਾ ਸਰਕਾਰ ਵੱਲੋਂ ਸਤੰਬਰ 2026 ਤੱਕ 254.44 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਜਾ ਚੁੱਕੀ ਹੈ, ਜਿਸ ਦਾ ਲਾਭ ਪੰਜਾਬ ਭਰ ਦੇ ਕਰੀਬ 2.43 ਲੱਖ ਬੱਚਿਆਂ ਨੂੰ ਮਿਲ ਰਿਹਾ ਹੈ।

ਡਾ. ਬਲਜੀਤ ਕੌਰ ਨੇ ਕਿਹਾ ਕਿ ਹਰ ਬੱਚਾ ਪਿਆਰ, ਸੰਭਾਲ, ਸਨਮਾਨ ਅਤੇ ਆਪਣੇ ਸੁਪਨਿਆਂ ਨੂੰ ਪੂਰਾ ਕਰਨ ਲਈ ਬਰਾਬਰ ਮੌਕਿਆਂ ਦਾ ਹੱਕਦਾਰ ਹੈ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਮਾਨਵੀ ਸਰੋਕਾਰਾਂ ਨੂੰ ਤਰਜੀਹ ਦਿੰਦਿਆਂ ਅਜਿਹੇ ਬੱਚਿਆਂ ਨੂੰ ਸਮੇਂ ਸਿਰ ਸਹਾਇਤਾ ਪ੍ਰਦਾਨ ਕਰ ਰਹੀ ਹੈ, ਤਾਂ ਜੋ ਉਹ ਆਤਮ ਵਿਸ਼ਵਾਸ ਨਾਲ ਆਪਣੀ ਜ਼ਿੰਦਗੀ ਵਿੱਚ ਅੱਗੇ ਵੱਧ ਸਕਣ।

ਉਨ੍ਹਾਂ ਕਿਹਾ ਕਿ ਇਹ ਉਪਰਾਲਾ 'ਰੰਗਲਾ ਪੰਜਾਬ' ਦੀ ਸੋਚ ਨੂੰ ਦਰਸਾਉਂਦਾ ਹੈ, ਜਿੱਥੇ ਹਰ ਬੱਚੇ ਦੀ ਸੁਰੱਖਿਆ, ਭਲਾਈ ਅਤੇ ਸਰਵਪੱਖੀ



ਵਿਕਾਸ ਸਰਕਾਰ ਦੀ ਮੁੱਖ ਤਰਜੀਹ ਹੈ। ਸਰਕਾਰ ਦਾ ਉਦੇਸ਼ ਹੈ ਕਿ ਕਿਸੇ ਵੀ ਬੱਚੇ ਦੇ ਔਖੇ ਹਾਲਾਤ ਉਸ ਦੀ ਪੜ੍ਹਾਈ, ਤਰੱਕੀ ਅਤੇ ਸੁਪਨਿਆਂ ਦੇ ਰਾਹ ਵਿੱਚ ਰੁਕਾਵਟ ਨਾ ਬਣਨ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਆਸ਼ਰਿਤ ਬੱਚਿਆਂ ਨੂੰ ਵਿੱਤੀ ਸਹਾਇਤਾ ਸਕੀਮ ਤਹਿਤ 21 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਸ਼ਾਮਲ ਹਨ, ਜਿਨ੍ਹਾਂ ਦੇ ਮਾਤਾ-ਪਿਤਾ ਦੋਵਾਂ ਦੀ ਮੌਤ ਹੋ ਚੁੱਕੀ ਹੈ, ਦੋਵੇਂ ਮਾਤਾ-ਪਿਤਾ ਲਾਪਤਾ ਹਨ ਜਾਂ ਮਾਤਾ-ਪਿਤਾ ਸਰੀਰਕ ਜਾਂ ਮਾਨਸਿਕ ਅਸਮਰੱਥਾ ਕਾਰਨ ਬੱਚਿਆਂ ਦੀ ਦੇਖਭਾਲ ਕਰਨ ਦੇ ਯੋਗ ਨਹੀਂ ਹਨ। ਇਸ ਸਕੀਮ ਦਾ ਲਾਭ ਉਨ੍ਹਾਂ ਯੋਗ ਪਰਿਵਾਰਾਂ ਨੂੰ ਵੀ ਦਿੱਤਾ ਜਾਂਦਾ ਹੈ, ਜਿਨ੍ਹਾਂ ਦੀ ਸਾਲਾਨਾ ਆਮਦਨ 60,000 ਰੁਪਏ ਜਾਂ ਇਸ ਤੋਂ ਘੱਟ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਵਿੱਤੀ ਸਾਲ 2026-27 ਲਈ 432.78 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਗਿਆ ਹੈ, ਜਿਸ ਵਿੱਚੋਂ ਸਤੰਬਰ 2026 ਤੱਕ 254.44 ਕਰੋੜ ਰੁਪਏ ਖਰਚ ਕੀਤੇ ਜਾ ਚੁੱਕੇ ਹਨ। ਇਹ ਵਿੱਤੀ ਸਹਾਇਤਾ ਬੱਚਿਆਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕਰਨ, ਉਨ੍ਹਾਂ ਦੀ ਪੜ੍ਹਾਈ ਜਾਰੀ ਰੱਖਣ ਅਤੇ ਉਨ੍ਹਾਂ ਦੇ ਬਿਹਤਰ ਭਵਿੱਖ ਦੀ ਨੀਂਹ ਮਜ਼ਬੂਤ ਕਰਨ ਵਿੱਚ ਸਹਾਇਕ ਸਾਬਤ ਹੋ ਰਹੀ ਹੈ। ਡਾ. ਬਲਜੀਤ ਕੌਰ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਬੱਚਿਆਂ ਦੀ ਭਲਾਈ, ਸੁਰੱਖਿਆ ਅਤੇ ਸਸ਼ਕਤੀਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਹੈ ਕਿ ਸੂਬੇ ਦਾ ਹਰ ਬੱਚਾ ਸੁਰੱਖਿਅਤ ਬਚਪਨ, ਸਨਮਾਨਪੂਰਨ ਜੀਵਨ ਅਤੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਬਰਾਬਰ ਮੌਕੇ ਪ੍ਰਾਪਤ ਕਰੇ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਮਾਨਸਾ ਵਿਚ ਪੁਲਿਸ ਵੱਲੋਂ ਕੀਤੀ ਧੱਕੇਸ਼ਾਹੀ ਦੀ ਕੀਤੀ ਨਿਖੇਧੀ

ਅੰਮ੍ਰਿਤਸਰ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮਾਨਸਾ ਵਿਖੇ ਨਸਿਆਂ ਖ਼ਿਲਾਫ਼ ਰੋਸ਼ ਪ੍ਰਦਰਸਨ ਕਰ ਰਹੇ ਲੋਕਾਂ 'ਤੇ ਪੁਲਿਸ ਵੱਲੋਂ ਕੀਤੇ ਤਸ਼ੱਦਦ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਪਿੰਡ ਭੰਮੇ ਕਲਾਂ ਦੇ ਇੱਕ ਵਿਅਕਤੀ ਦੀ ਮੌਤ ਤੋਂ ਬਾਅਦ ਉਸ ਦੀ ਮ੍ਰਿਤਕ ਦੇਹ ਨੂੰ ਪੁਲਿਸ ਵੱਲੋਂ ਪਰਿਵਾਰ ਅਤੇ ਪਿੰਡ ਵਾਸੀਆਂ ਤੋਂ ਜਬਰੀ ਲਿਜਾਣ ਦੀ ਨਿਖੇਧੀ ਕੀਤੀ ਹੈ। ਉਨ੍ਹਾਂ ਮਾਨਸਾ ਧਰਨੇ ਵਿੱਚ ਪੁਲਿਸ ਵੱਲੋਂ ਧੱਕਾ ਕਰਦਿਆਂ ਨੌਜਵਾਨਾਂ ਨੂੰ ਗ੍ਰਿਫਤਾਰ ਕਰਨ ਅਤੇ ਇਸ ਸਮੇਂ ਸਿੱਖਾਂ ਦੀਆਂ ਦਸਤਾਰਾਂ ਦੀ ਬੇਅਬਦੀ ਕਰਨ ਦਾ ਵੀ ਸਖ਼ਤ ਨੋਟਿਸ ਲਿਆ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਦੀ ਇਹ ਮਾਨਸਿਕਤਾ ਉਸ ਦੀ ਪੰਜਾਬ ਅਤੇ ਸਿੱਖ ਵਿਰੋਧੀ ਸੋਚ ਦਾ ਪ੍ਰਗਟਾਅ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਕਾਰਨ ਨੌਜਵਾਨਾਂ ਦੀਆਂ ਜਾ ਰਹੀਆਂ ਜਾਨਾਂ ਪੰਜਾਬ ਲਈ ਬੇਹੱਦ ਚਿੰਤਾਜਨਕ ਹਨ ਅਤੇ ਅਜਿਹੇ ਦੁਖਦਾਈ ਸਮੇਂ ਵਿੱਚ ਪੀੜਤ ਪਰਿਵਾਰ ਨਾਲ ਹਮਦਰਦੀ ਅਤੇ ਸੰਵੇਦਨਸ਼ੀਲਤਾ ਨਾਲ ਪੇਸ਼ ਆਉਣ ਦੀ ਬਜਾਏ ਸਰਕਾਰ ਤਾਨਾਸ਼ਾਹੀ ਕਰ ਰਹੀ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਪੁਲਿਸ ਵੱਲੋਂ ਕੀਤੀ ਗਈ ਇਸ ਹਰਕਤ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ ਤਾਂ ਜੋ ਇਹ ਸਾਹਮਣੇ ਆ ਸਕੇ ਕਿ ਇਹ ਕਾਰਵਾਈ ਕਿਸ ਦੇ ਹੁਕਮਾਂ 'ਤੇ ਕੀਤੀ ਗਈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਜੇਕਰ ਕੋਈ ਪਰਿਵਾਰ ਆਪਣੇ ਜੀਅ ਨੂੰ ਨਸ਼ਿਆਂ ਕਾਰਨ ਗੁਆ ਬੈਠਦਾ ਹੈ ਤਾਂ ਉਸ ਦੇ ਦੁੱਖ ਨੂੰ ਸਮਝਣ ਅਤੇ ਨਸ਼ਿਆਂ ਦੇ ਗੰਭੀਰ ਮੁੱਦੇ ਨੂੰ ਹੱਲ ਕਰਨ ਦੀ ਬਜਾਏ ਸਰਕਾਰ ਵੱਲੋਂ ਅਜਿਹੇ ਮਾਮਲਿਆਂ ਨੂੰ ਧੱਕੇ ਨਾਲ ਦਬਾਇਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਸੰਘਰਸ਼ ਕਰ ਰਹੇ ਲੋਕਾਂ ਦੀ ਗੱਲ ਸੁਣਨਾ ਅਤੇ ਪੰਜਾਬ ਦੀ ਜਵਾਨੀ ਨੂੰ ਇਸ ਲਾਹਨਤ ਤੋਂ ਬਚਾਉਣਾ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਹੈ ਪਰ ਸਰਕਾਰ ਲੋਕਾਂ ਦੀ ਅਵਾਜ਼ ਨੂੰ ਦਬਾਉਣ ਲਈ ਪੁਲਿਸ ਤੰਤਰ ਦੀ ਦੁਰਵਰਤੋਂ ਕਰ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਦਾ ਇਹ ਤਾਨਾਸ਼ਾਹੀ ਰਵੱਈਆ ਠੀਕ ਨਹੀਂ ਹੈ ਅਤੇ ਪੰਜਾਬ ਦੇ ਲੋਕ ਇਸ ਨੂੰ ਬਰਦਾਸ਼ਤ ਨਹੀਂ ਕਰਨਗੇ।

ਗੁਰੂ ਹਰਗੋਬਿੰਦ ਸਾਹਿਬ ਖਾਲਸਾ ਗਰਲਜ ਕਾਲਜ ਕਰਹਾਲੀ ਸਾਹਿਬ ਵਿਖੇ ਸੱਤ ਰੋਜ਼ਾ ਐੱਨ.ਐੱਸ.ਐੱਸ. ਕੈਂਪ ਆਯੋਜਿਤ

ਪਟਿਆਲਾ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-)

ਗੁਰੂ ਹਰਗੋਬਿੰਦ ਸਾਹਿਬ ਖਾਲਸਾ ਗਰਲਜ ਕਾਲਜ ਕਰਹਾਲੀ ਸਾਹਿਬ ਵਿਖੇ ਚੱਲ ਰਹੇ ਸੱਤ ਰੋਜ਼ਾ ਐੱਨ.ਐੱਸ.ਐੱਸ. ਕੈਂਪ ਦੇ ਪੰਜਵੇਂ ਦਿਨ ਟ੍ਰੈਫਿਕ ਨਿਯਮਾਂ ਸਬੰਧੀ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਕਾਲਜ ਦੀ ਪ੍ਰਿੰਸੀਪਲ ਡਾ. ਰਮਨਜੀਤ ਕੌਰ ਦੀ ਸਰਪ੍ਰਸਤੀ ਅਤੇ ਪ੍ਰੋਗਰਾਮ ਅਫਸਰ ਪ੍ਰੋਫੈਸਰ ਅਰਸ਼ਪ੍ਰੀਤ ਕੌਰ, ਐੱਨ.ਐੱਸ.ਐੱਸ. ਵਿਭਾਗ ਦੀ ਅਗਵਾਈ ਹੇਠ ਬੜੀ ਸਫਲਤਾ ਨਾਲ ਚਲਾਇਆ ਜਾ ਰਿਹਾ ਹੈ।

ਇਸ ਸੈਮੀਨਾਰ ਵਿੱਚ ਜ਼ਿਲ੍ਹਾ ਟ੍ਰੈਫਿਕ ਐਜੂਕੇਸ਼ਨ ਸੈਲ ਪਟਿਆਲਾ ਦੇ ਇੰਚਾਰਜ ਇੰਸਪੈਕਟਰ ਸਰਬਜੀਤ ਕੌਰ ਨੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜਦਕਿ ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ। ਕਾਲਜ ਪੁੱਜਣ



ਤੇ ਪ੍ਰਿੰਸੀਪਲ ਡਾ. ਰਮਨਜੀਤ ਕੌਰ ਅਤੇ ਪ੍ਰੋਫੈਸਰ ਅਰਸ਼ਪ੍ਰੀਤ ਕੌਰ ਵੱਲੋਂ ਮਹਿਮਾਨਾਂ ਦਾ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਡਾਕਟਰ ਸੁਖਵਿੰਦਰ ਸਿੰਘ, ਪ੍ਰੋਫੈਸਰ ਲਵਪ੍ਰੀਤ ਕੌਰ, ਪ੍ਰੋਫੈਸਰ ਹਰਦੀਪ ਕੌਰ, ਪ੍ਰੋਫੈਸਰ ਹੁਸਨਪ੍ਰੀਤ ਕੌਰ, ਪ੍ਰੋਫੈਸਰ ਪਿੰਕੀ, ਹਰਜਿੰਦਰ ਕੌਰ ,ਏ ਐਸ ਆਈ ਰਾਮ ਸਰਨ ਨੇ ਸ਼ਿਰਕਤ ਕੀਤੀ

ਆਪਣੇ ਸੰਬੋਧਨ ਦੌਰਾਨ ਇੰਸਪੈਕਟਰ ਸਰਬਜੀਤ ਕੌਰ ਨੇ ਵਿਦਿਆਰਥਣਾਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਦੇ ਮਹੱਤਵ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਸੜਕ ਹਾਦਸੇ ਇੱਕ ਗੰਭੀਰ ਸਮੱਸਿਆ ਬਣਦੇ ਜਾ ਰਹੇ ਹਨ ਅਤੇ ਇਨ੍ਹਾਂ ਹਾਦਸਿਆਂ ਦਾ ਮੁੱਖ ਕਾਰਨ ਟ੍ਰੈਫਿਕ ਨਿਯਮਾਂ ਦੀ ਅਣਗਹਿਲੀ ਹੈ। ਉਨ੍ਹਾਂ ਵਿਦਿਆਰਥਣਾਂ ਨੂੰ ਦੋ ਪਹੀਆ ਵਾਹਨ ਚਲਾਉਂਦੇ ਸਮੇਂ ਹੈਲਮਟ ਪਾਉਣ, ਚਾਰ ਪਹੀਆ ਵਾਹਨ ਵਿੱਚ ਸੀਟ ਬੈਲਟ ਲਗਾਉਣ, ਓਵਰ ਸਪੀਡਿੰਗ ਨਾ ਕਰਨ, ਮੋਬਾਈਲ ਫੋਨ ਦੀ ਵਰਤੋਂ ਨਾ ਕਰਨ, ਸ਼ਰਾਬ ਪੀ ਕੇ ਗੱਡੀ ਨਾ ਚਲਾਉਣ ਅਤੇ ਟ੍ਰੈਫਿਕ ਸਿਗਨਲਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਇਹ ਵੀ ਦੱਸਿਆ ਕਿ ਘੱਟ ਉਮਰ ਦੇ ਬੱਚਿਆਂ ਨੂੰ ਵਾਹਨ ਚਲਾਉਣ ਨਹੀਂ ਦੇਣਾ ਚਾਹੀਦਾ ਅਤੇ ਹਮੇਸ਼ਾ ਸੜਕ ਤੇ ਖੱਬੇ ਪਾਸੇ ਚੱਲਣਾ ਚਾਹੀਦਾ ਹੈ।

ਉਨ੍ਹਾਂ ਨੇ ਵਿਦਿਆਰਥਣਾਂ ਨੂੰ ਸੜਕ ਸੁਰੱਖਿਆ ਦੇ ਸੁਨਹਿਰੀ ਨਿਯਮਾਂ ਬਾਰੇ ਦੱਸਦੇ ਹੋਏ ਕਿਹਾ ਕਿ ਜੇਕਰ ਅਸੀਂ ਥੋੜ੍ਹੀ ਜਿਹੀ ਸਾਵਧਾਨੀ ਵਰਤੀਏ ਤਾਂ ਕਈ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਉਨ੍ਹਾਂ ਵਿਦਿਆਰਥਣਾਂ ਨੂੰ ਅਪੀਲ ਕੀਤੀ ਕਿ ਉਹ ਖੁਦ ਵੀ ਨਿਯਮਾਂ ਦੀ ਪਾਲਣਾ ਕਰਨ ਅਤੇ ਆਪਣੇ ਪਰਿਵਾਰ ਤੇ ਸਮਾਜ ਨੂੰ ਵੀ ਇਸ ਬਾਰੇ ਜਾਗਰੂਕ ਕਰਨ, ਤਾਂ ਜੋ ਇੱਕ ਸੁਰੱਖਿਅਤ ਸਮਾਜ ਦੀ ਸਿਰਜਣਾ ਹੋ ਸਕੇ।

ਇਸ ਮੌਕੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਨੇ ਕਿਹਾ ਕਿ ਐੱਨ.ਐੱਸ.ਐੱਸ. ਵਲੰਟੀਅਰ ਸਮਾਜ ਦੀ ਰੀੜ੍ਹ ਦੀ ਹੱਡੀ ਹਨ ਅਤੇ ਉਨ੍ਹਾਂ ਨੂੰ ਆਪਣੇ ਆਲੇ-ਦੁਆਲੇ ਟ੍ਰੈਫਿਕ ਨਿਯਮਾਂ ਪ੍ਰਤੀ ਜਾਗਰੂਕਤਾ ਫੈਲਾਉਣੀ ਚਾਹੀਦੀ ਹੈ। ਉਨ੍ਹਾਂ ਨੇ ਪੁਲਿਸ ਦੇ ਸਾਂਝ ਕੇਂਦਰਾਂ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਵੀ ਜਾਣਕਾਰੀ ਦਿੱਤੀ। ਇਸ ਮੌਕੇ ਟ੍ਰੈਫਿਕ ਨਿਯਮਾਂ ਸਬੰਧੀ ਜਾਗਰੂਕਤਾ ਰੈਲੀ ਦਾ ਆਯੋਜਨ ਵੀ ਕੀਤਾ ਗਿਆ। ਪ੍ਰੋਗਰਾਮ ਅਫਸਰ ਪ੍ਰੋਫੈਸਰ ਅਰਸ਼ਪ੍ਰੀਤ ਕੌਰ ਨੇ ਸਾਰੇ ਮਹਿਮਾਨਾਂ, ਸਟਾਫ ਮੈਂਬਰਾਂ ਅਤੇ ਐੱਨ.ਐੱਸ.ਐੱਸ. ਵਲੰਟੀਅਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਕੈਂਪ ਵਿਦਿਆਰਥਣਾਂ ਲਈ ਬਹੁਤ ਲਾਭਦਾਇਕ ਸਾਬਤ ਹੋ ਰਿਹਾ ਹੈ ਅਤੇ ਅੱਗੇ ਵੀ ਅਜਿਹੇ ਜਾਗਰੂਕਤਾ ਪ੍ਰੋਗਰਾਮ ਕਰਵਾਏ ਜਾਂਦੇ ਰਹਿਣਗੇ। ਅੰਤ ਵਿੱਚ ਸੈਮੀਨਾਰ ਦੇ ਸਫਲ ਆਯੋਜਨ ਲਈ ਸਮੂਹ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

ਦਿੱਲੀ ਕਮੇਟੀ ਜੀਐੱਚਪੀਐੱਸ ਸਕੂਲਾਂ ਦੇ ਮਿਆਰ ਉੱਚੇ ਚੁੱਕਣ ਲਈ ਵਚਨਬੱਧ: ਕਾਲਕਾ ਤੇ ਕਾਹਲੋਂ



ਨਵੀਂ ਦਿੱਲੀ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਦੱਸਿਆ ਕਿ ਅੱਜ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਪ੍ਰਿੰਸੀਪਲਾਂ ਨਾਲ ਇੱਕ ਉਸਾਰੂ ਅਤੇ ਸਾਰਥਕ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਮੁੱਖ ਉਦੇਸ਼ ਸਕੂਲਾਂ ਦੀ ਕਾਰਗੁਜ਼ਾਰੀ ਨੂੰ ਹੋਰ ਬਿਹਤਰ ਬਣਾਉਣ, ਵਿਦਿਅਕ ਮਿਆਰਾਂ ਨੂੰ ਉੱਚਾ ਚੁੱਕਣ ਅਤੇ ਵਿਦਿਆਰਥੀਆਂ ਨੂੰ ਗੁਣਵੱਤਾਪੂਰਨ ਸਿੱਖਿਆ ਦੇ ਨਾਲ-ਨਾਲ ਬਿਹਤਰ ਸਿੱਖਣ ਦੇ ਮੌਕੇ ਪ੍ਰਦਾਨ ਕਰਨ ਸਬੰਧੀ ਉਪਰਾਲੇ ਕਰਨਾ ਵਿਸ਼ੇਸ਼ ਤੌਰ ਤੇ ਸ਼ਾਮਿਲ ਸੀ।

ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਜੀਐੱਚਪੀਐੱਸ ਸਕੂਲਾਂ ਨੂੰ ਵਿਦਿਅਕ ਖੇਤਰ ਵਿੱਚ ਹੋਰ ਮਜ਼ਬੂਤ ਬਣਾਉਣ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ ਬੱਚੇ ਸਾਡੇ ਸਮਾਜ ਦਾ ਭਵਿੱਖ ਹਨ ਅਤੇ ਉਨ੍ਹਾਂ ਨੂੰ ਮਿਆਰੀ ਸਿੱਖਿਆ, ਸੁਚੱਜਾ ਮਾਰਗਦਰਸ਼ਨ ਅਤੇ ਅਨੁਕੂਲ ਸਿੱਖਿਆ ਮਾਹੌਲ ਦੇਣਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਤੇ ਵਿਦਿਅਕ ਸੰਸਥਾਵਾਂ ਦੀ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਦੋਵੇਂ ਆਗੂਆਂ ਨੇ ਕਿਹਾ ਕਿ ਇਸ ਦਿਸ਼ਾ ਵਿੱਚ ਸਕੂਲ ਪ੍ਰਿੰਸੀਪਲਾਂ ਦੇ ਤਜਰਬੇ, ਸੁਝਾਅ ਅਤੇ ਸਮੂਹਿਕ ਯਤਨ ਬੇਹੱਦ ਮਹੱਤਵਪੂਰਨ ਹਨ।

ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਆਪਸੀ ਸਹਿਯੋਗ, ਨਵੀਆਂ ਵਿਦਿਅਕ ਪਹਿਲਕਦਮੀਆਂ ਅਤੇ ਸੁਚੱਜੀ ਯੋਜਨਾਬੰਦੀ ਰਾਹੀਂ ਜੀਐੱਚਪੀਐੱਸ ਸਕੂਲਾਂ ਨੂੰ ਹੋਰ ਉੱਤਮ ਬਣਾਇਆ ਜਾਵੇਗਾ, ਤਾਂ ਜੋ ਵਿਦਿਆਰਥੀ ਸਿੱਖਿਆ ਦੇ ਨਾਲ-ਨਾਲ ਨੈਤਿਕ ਕਦਰਾਂ-ਕੀਮਤਾਂ, ਆਤਮ-ਵਿਸ਼ਵਾਸ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨਾਲ ਵੀ ਲੈਸ ਹੋ ਕੇ ਉੱਜਵਲ ਭਵਿੱਖ ਵੱਲ ਅੱਗੇ ਵਧ ਸਕਣ।

ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਮਨਰੇਗਾ ਕਰਮਚਾਰੀ ਯੂਨੀਅਨ ਦੀਆਂ ਮੰਗਾਂ ਦਾ ਸਮਾਂਬੱਧ ਨਿਪਟਾਰਾ ਕਰਨ ਦਾ ਭਰੋਸਾ

ਚੰਡੀਗੜ੍ਹ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਸ਼੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਮਨਰੇਗਾ ਕਰਮਚਾਰੀ ਯੂਨੀਅਨ ਦੇ ਨੁਮਾਇੰਦਿਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ 'ਤੇ ਵਿਚਾਰ ਕਰਕੇ ਇਨ੍ਹਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ, ਤਾਂ ਜੋ ਇਨ੍ਹਾਂ ਮੰਗਾਂ ਦਾ ਸਮਾਂਬੱਧ ਨਿਪਟਾਰਾ ਯਕੀਨੀ ਬਣਾਇਆ ਜਾ ਸਕੇ।

ਖੰਨਾ ਵਿਖੇ ਯੂਨੀਅਨ ਨੁਮਾਇੰਦਿਆਂ ਨਾਲ ਮੁਲਾਕਾਤ ਦੌਰਾਨ ਸ਼੍ਰੀ ਸੌਂਦ ਨੇ ਉਨ੍ਹਾਂ ਦੇ ਮਸਲਿਆਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਵਿਸ਼ਵਾਸ ਦਿਵਾਇਆ ਕਿ ਮਾਨ ਸਰਕਾਰ ਉਨ੍ਹਾਂ ਦੇ ਲੰਬਿਤ ਮਸਲਿਆਂ ਨੂੰ ਸਮੇਂ ਸਿਰ ਹੱਲ ਕਰਨ ਲਈ ਹਰ ਸੰਭਵ ਯਤਨ ਕਰੇਗੀ।

ਕੈਬਨਿਟ ਮੰਤਰੀ ਨੇ ਮਨਰੇਗਾ, ਹੁਣ 'ਵੀਬੀ ਜੀ ਰਾਮ ਜੀ' ਨੂੰ ਲਾਗੂ ਕਰਨ



ਅਤੇ ਜ਼ਮੀਨੀ ਪੱਧਰ 'ਤੇ ਸਰਕਾਰੀ ਸਕੀਮਾਂ ਦੀ ਸੁਚੱਜੀ ਪਹੁੰਚ ਯਕੀਨੀ ਬਣਾਉਣ ਵਿੱਚ ਮਨਰੇਗਾ ਕਰਮਚਾਰੀਆਂ ਦੁਆਰਾ ਨਿਭਾਈ ਗਈ ਅਹਿਮ ਭੂਮਿਕਾ ਨੂੰ ਪ੍ਰਵਾਨ ਕੀਤਾ ਅਤੇ ਕਿਹਾ ਕਿ ਉਨ੍ਹਾਂ ਦਾ ਯੋਗਦਾਨ ਪੇਂਡੂ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਸੂਬੇ ਭਰ ਦੇ ਪਿੰਡਾਂ ਦੇ ਲੋਕਾਂ ਦੇ ਜੀਵਨ ਨੂੰ ਸੁਧਾਰਨ ਲਈ ਬਹੁਤ ਮਹੱਤਵਪੂਰਨ ਹੈ।

ਸ੍ਰੀ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਰਕਾਰੀ ਮੁਲਾਜ਼ਮਾਂ ਦੇ ਹਿੱਤਾਂ ਦੀ ਰਾਖੀ ਅਤੇ ਉਨ੍ਹਾਂ ਦੀ ਭਲਾਈ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਪਾਰਦਰਸ਼ੀ, ਮੁਲਾਜ਼ਮ-ਪੱਖੀ ਅਤੇ ਜਵਾਬਦੇਹ ਸ਼ਾਸਨ ਵਿੱਚ ਵਿਸ਼ਵਾਸ ਰੱਖਦੀ ਹੈ ਅਤੇ ਆਪਣੇ ਸਟਾਫ਼ ਦੀਆਂ ਜਾਇਜ਼ ਚਿੰਤਾਵਾਂ ਨੂੰ ਦੂਰ ਕਰਨ ਲਈ ਨਿਰੰਤਰ ਯਤਨ ਕਰ ਰਹੀ ਹੈ।

ਸੂਬਾ ਸਰਕਾਰ ਦੀ ਲੋਕ-ਪੱਖੀ ਪਹੁੰਚ 'ਤੇ ਚਾਨਣਾ ਪਾਉਂਦਿਆਂ ਮੰਤਰੀ ਨੇ ਕਿਹਾ ਕਿ ਮਾਨ ਸਰਕਾਰ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਔਰਤਾਂ, ਸਰਕਾਰੀ ਮੁਲਾਜ਼ਮਾਂ ਅਤੇ ਪੇਂਡੂ ਭਾਈਚਾਰਿਆਂ ਸਮੇਤ ਸਮਾਜ ਦੇ ਸਾਰੇ ਵਰਗਾਂ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਹੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਸਮੁੱਚੇ ਵਿਕਾਸ ਨੂੰ ਉਤਸ਼ਾਹਿਤ ਕਰਨ, ਪੇਂਡੂ ਸ਼ਾਸਨ ਨੂੰ ਮਜ਼ਬੂਤ ਕਰਨ, ਰੋਜ਼ਗਾਰ ਦੇ ਮੌਕੇ ਵਧਾਉਣ ਅਤੇ ਸੂਬੇ ਭਰ ਵਿੱਚ ਨਾਗਰਿਕ-ਪੱਖੀ ਸੇਵਾਵਾਂ ਪ੍ਰਦਾਨ ਕਰਨਾ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਕੈਬਨਿਟ ਮੰਤਰੀ ਨੇ ਵਫ਼ਦ ਨੂੰ ਅੱਗੇ ਭਰੋਸਾ ਦਿਵਾਇਆ ਕਿ ਮੀਟਿੰਗ ਦੌਰਾਨ ਉਠਾਏ ਗਏ ਸਾਰੇ ਮੁੱਦਿਆਂ ਦੀ ਡੂੰਘਾਈ ਨਾਲ ਸਮੀਖਿਆ ਕੀਤੀ ਜਾਵੇਗੀ ਅਤੇ ਨਿਰਧਾਰਤ ਸਮੇਂ ਅੰਦਰ ਢੁਕਵੀਂ ਕਾਰਵਾਈ ਲਈ ਸਬੰਧਤ ਵਿਭਾਗਾਂ ਕੋਲ ਮਸਲਾ ਉਠਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਵਿਹਾਰਕ ਅਤੇ ਟਿਕਾਊ ਹੱਲਾਂ ਲਈ ਨੀਤੀਗਤ ਫੈਸਲਿਆਂ ਜਾਂ ਵਿੱਤੀ ਪ੍ਰਭਾਵਾਂ ਵਾਲੇ ਮਸਲਿਆਂ 'ਤੇ ਵਿੱਤ ਵਿਭਾਗ ਨਾਲ ਚਰਚਾ ਕੀਤੀ ਜਾਵੇਗੀ।

ਮੁਲਾਜ਼ਮਾਂ ਦੀ ਭਲਾਈ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਸ੍ਰੀ ਸੌਂਦ ਨੇ ਕਿਹਾ ਕਿ ਸੂਬਾ ਸਰਕਾਰ ਮੁਲਾਜ਼ਮ ਯੂਨੀਅਨਾਂ ਨਾਲ ਸਕਾਰਾਤਮਕ ਗੱਲਬਾਤ ਜਾਰੀ ਰੱਖੇਗੀ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਨਿਰਪੱਖ, ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਹੱਲ ਕਰਨ ਲਈ ਕੰਮ ਕਰੇਗੀ।

ਇਸ ਮੀਟਿੰਗ ਵਿੱਚ ਮਨਰੇਗਾ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਸੇਵਕ ਸਿੰਘ, ਚੇਅਰਮੈਨ ਅਮਨਦੀਪ ਕੁਮਾਰ, ਵਿੱਤ ਸਕੱਤਰ ਰਮਨਦੀਪ ਸਿੰਘ, ਹਰਵਿੰਦਰ ਸਿੰਘ, ਬੰਟੀ ਬੈਂਸ, ਕਿਸ਼ੋਰ ਕੁਮਾਰ ਅਤੇ ਜਗਦੇਵ ਸਿੰਘ ਹਾਜ਼ਰ ਸਨ।

ਜਨਗਣਨਾ-2027 ਸਬੰਧੀ ਬਰਲਟਨ ਪਾਰਕ ਵਿਖੇ ਲਗਾਇਆ ਜਾਗਰੂਕਤਾ ਸਟਾਲ

ਜਲੰਧਰ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜਨਗਣਨਾ-2027 ਦੇ ਦੂਜੇ ਪੜਾਅ ਸਬੰਧੀ ਆਮ ਲੋਕਾਂ ਨੂੰ ਜਾਗਰੂਕ ਕਰਨ ਦੇ ਉਦੇਸ਼ ਨਾਲ ਸ਼ਹਿਰ ਦੇ ਬਰਲਟਨ ਪਾਰਕ ਵਿਖੇ ਇੱਕ ਵਿਸ਼ੇਸ਼ ਜਾਗਰੂਕਤਾ ਸਟਾਲ ਲਗਾਇਆ ਗਿਆ। ਇਸ ਸਟਾਲ ਰਾਹੀਂ ਆਮ ਲੋਕਾਂ ਨੂੰ ਜਨਗਣਨਾ ਦੀ ਮਹੱਤਤਾ, ਇਸ ਦੇ ਮੁੱਖ ਉਦੇਸ਼ਾਂ ਅਤੇ ਇਸ ਪ੍ਰਕਿਰਿਆ ਵਿੱਚ ਨਾਗਰਿਕਾਂ ਦੀ ਭੂਮਿਕਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਸਟਾਲ 'ਤੇ ਪਹੁੰਚਣ ਵਾਲੇ ਲੋਕਾਂ ਨੂੰ ਦੱਸਿਆ ਗਿਆ ਕਿ ਜਨਗਣਨਾ ਦੇ ਦੂਜੇ ਪੜਾਅ ਤਹਿਤ ਸਵੈ-ਗਣਨਾ ਦੀ ਪ੍ਰਕਿਰਿਆ 16 ਨਵੰਬਰ ਤੋਂ 30 ਨਵੰਬਰ 2026 ਤੱਕ ਚੱਲੇਗੀ, ਜਦਕਿ ਆਬਾਦੀ ਦੀ ਗਣਨਾ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਕੀਤੀ ਜਾਵੇਗੀ। ਇਸ ਦੌਰਾਨ ਲੋਕਾਂ ਨੂੰ ਜਨਗਣਨਾ ਨਾਲ ਜੁੜੀਆਂ ਅਹਿਮ ਤਰੀਕਾਂ ਅਤੇ ਪ੍ਰਕਿਰਿਆ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ, ਤਾਂ ਜੋ ਉਹ ਸਮੇਂ ਸਿਰ ਇਸ ਵਿੱਚ ਭਾਗ ਲੈ ਸਕਣ। ਇਸ ਮੌਕੇ ਲੋਕਾਂ ਨੂੰ ਦੱਸਿਆ ਗਿਆ ਕਿ ਜਨਗਣਨਾ ਦੇਸ਼ ਦੇ ਸਮਾਜਿਕ ਤੇ ਆਰਥਿਕ ਵਿਕਾਸ ਦੀ ਯੋਜਨਾਬੰਦੀ ਲਈ ਇੱਕ ਅਹਿਮ ਆਧਾਰ ਹੈ। ਜਨਗਣਨਾ ਰਾਹੀਂ ਪ੍ਰਾਪਤ ਹੋਣ ਵਾਲੇ ਅੰਕੜੇ ਵੱਖ-ਵੱਖ ਸਰਕਾਰੀ ਯੋਜਨਾਵਾਂ ਤਿਆਰ ਕਰਨ, ਲੋਕਾਂ ਦੀਆਂ ਲੋੜਾਂ ਨੂੰ ਸਮਝਣ ਅਤੇ ਵਿਕਾਸ ਕਾਰਜਾਂ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਸਹਾਇਕ ਹੁੰਦੇ ਹਨ।

ਆਮ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਜਨਗਣਨਾ ਸਬੰਧੀ ਜਾਣਕਾਰੀ ਨੂੰ ਧਿਆਨ ਨਾਲ ਸਮਝਣ, ਨਿਰਧਾਰਤ ਸਮੇਂ ਅਨੁਸਾਰ ਆਪਣੀ ਭਾਗੀਦਾਰੀ ਯਕੀਨੀ ਬਣਾਉਣ ਅਤੇ ਇਸ ਮਹੱਤਵਪੂਰਨਣ ਪ੍ਰਕਿਰਿਆ ਨੂੰ ਸਫ਼ਲ ਬਣਾਉਣ ਲਈ ਪੂਰਾ ਸਹਿਯੋਗ ਦੇਣ।

ਗੁਰਲੀਨ ਕੌਰ ਰੱਖੜਾ ਨੇ ਜ਼ੋਨਲ ਫੈਂਸਿੰਗ ਲੀਗ 'ਚ ਬ੍ਰਾਊਨਜ਼ ਮੈਡਲ ਜਿੱਤਿਆ

ਪਟਿਆਲਾ, 2 ਨਵੰਬਰ
ਅਮਰਜੀਤ ਸਿੰਘ
-ਕੌਮੀ ਪੱਤ੍ਰਿਕਾ ਬਿਊਰੋ-

ਕੇਂਦਰ ਸਰਕਾਰ ਦੇ ਖੇਡ ਵਿਭਾਗ ਵੱਲੋਂ ਲੜਕੀਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਸਾਈ, ਆਈ. ਐਸ. ਐਫ. ਏ., ਫੈਂਸਿੰਗ ਇੰਡੀਆ ਵੱਲੋਂ ਖੇਲੋ ਇੰਡੀਆ ਅਸਮਿਤਾ ਫੈਂਸਿੰਗ ਜ਼ੋਨਲ ਵੂਮੈਨ ਲੀਗ ਹਿਸਾਬ ਦੇ ਹਾਂਸੀ ਵਿਖੇ ਕਰਵਾਈ ਗਈ ਜਿਥੇ ਤਿੰਨ ਦਿਨ ਚੱਲੇ ਫੈਂਸਿੰਗ ਮੁਕਾਬਲਿਆਂ ਵਿਚ ਦੇਸ਼ ਭਰ ਤੋਂ ਖਿਡਾਰਨਾਂ ਨੇ ਫੁਆਇਲ, ਇਪੀ ਅਤੇ ਸੈਵਰ ਦੇ ਮੁਕਾਬਲਿਆਂ ਵਿਚ ਆਪਣੀ



ਕਲਾ ਦੇ ਜ਼ੌਹਰ ਦਿਖਾਏ। ਇਨ੍ਹਾਂ ਮੁਕਾਬਲਿਆਂ ਵਿਚ ਸਰਕਾਰੀ ਕਾਲਜ ਮੁਹਾਲੀ ਦੀ ਵਿਦਿਆਰਥਣ ਤੇ ਪੰਜਾਬ ਸਰਕਾਰ ਦੇ ਪੀ. ਆਈ. ਐਸ. ਮੁਹਾਲੀ ਦੀ ਖਿਡਾਰਣ ਗੁਰਲੀਨ ਕੌਰ ਰੱਖੜਾ ਨੇ ਤਲਵਾਰਬਾਜ਼ੀ ਫੁਆਇਲ ਈਵੈਂਟ ਵਿਚ ਬ੍ਰਾਊਨਜ਼ ਤਗਮਾ ਜਿੱਤਣ ਦੇ ਨਾਲ-ਨਾਲ 15000 ਰੁਪਏ ਦਾ ਨਕਦ ਇਨਾਮ ਵੀ ਹਾਸਲ ਕੀਤਾ। ਜ਼ਿਕਰਯੋਗ ਹੈ ਕਿ ਗੁਰਲੀਨ ਕੌਰ ਰੱਖੜਾ ਪੀ. ਆਈ. ਐਸ. ਮੁਹਾਲੀ ਵਿਖੇ ਅੰਤਰ ਰਾਸ਼ਟਰੀ ਕੋਚ ਪੰਕਜ ਸਿੰਗਲਾ ਕੋਲੋਂ ਟਰੇਨਿੰਗ ਹਾਸਲ ਕਰ ਰਹੀ ਹੈ ਅਤੇ ਭਵਿੱਖ ਵਿਚ ਨੈਸ਼ਨਲ ਪੱਧਰ 'ਤੇ ਹੋਣ ਵਾਲੀਆਂ ਖੇਡਾਂ ਵਿਚ ਵੀ ਭਾਗ ਲਵੇਗੀ।

ਨਸ਼ਾ ਤਸਕਰਾਂ ਤੋਂ ਛੁਟਕਾਰਾ ਚਾਹੁੰਦੀਆਂ ਹਨ ਪੰਜਾਬ ਦੀਆਂ ਔਰਤਾਂ : ਹਰਸਿਮਰਤ ਕੌਰ ਬਾਦਲ

ਜ਼ੀਰਕਪੁਰ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ਼੍ਰੋਮਣੀ ਅਕਾਲੀ ਦਲ ਦੀ ਸੰਸਦ ਮੈਂਬਰ ਅਤੇ ਸਾਬਕਾ ਕੇਂਦਰੀ ਮੰਤਰੀ ਹਰਸਿਮਰਤ ਕੌਰ ਬਾਦਲ ਨੇ ਡੇਰਾਬੱਸੀ ਹਲਕੇ ਦੀਆਂ ਔਰਤਾਂ ਨੂੰ ਇੱਕਜੁੱਟ ਹੋ ਕੇ ਨਸ਼ੇ ਦੀ ਦੁਰਵਰਤੋਂ ਵਿਰੁੱਧ ਲੜਨ ਦੀ ਅਪੀਲ ਕਰਦਿਆਂ ਕਿਹਾ ਕਿ ਅੱਜ ਪੰਜਾਬ ਦੀਆਂ ਮਾਵਾਂ ਅਤੇ ਭੈਣਾਂ ਨਸ਼ੇ ਦੇ ਤਸਕਰਾਂ ਤੋਂ ਛੁਟਕਾਰਾ ਚਾਹੁੰਦੀਆਂ ਹਨ। ਪਿਛਲੇ ਪੰਜ ਸਾਲਾਂ ਵਿੱਚ, ਨਸ਼ਿਆਂ ਦੇ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲਿਆਂ ਨੂੰ ਸਿਰਫ਼ ਮੌਤ ਹੀ ਮਿਲੀ ਹੈ। ਮੌਜੂਦਾ ਪੰਜਾਬ ਸਰਕਾਰ ਦੀ ਸਭ ਤੋਂ ਵੱਡੀ ਪ੍ਰਾਪਤੀ ਜਗ੍ਹਾ-ਜਗ੍ਹਾ ਸ਼ਰਾਬ ਦੇ ਠੇਕੇ ਖੁੱਲ੍ਹਵਾਉਣਾ ਅਤੇ ਨਸ਼ੇ ਦੇ ਕਾਰੋਬਾਰ ਨੂੰ ਹੁਲਾਰਾ ਦੇਣਾ ਹੈ।



ਹਰਸਿਮਰਤ ਕੌਰ ਬਾਦਲ ਜ਼ੀਰਕਪੁਰ ਵਿੱਚ ਮਾਵਾਂ-ਧੀਆਂ ਦੀ ਲਲਕਾਰ, ਬੰਦ ਕਰਾਵਾਂਗੇ ਨਸ਼ੇ ਦਾ ਕਰੋਬਾਰ ਨਾਮਕ ਰੈਲੀ ਨੂੰ ਸੰਬੋਧਨ ਕਰ ਰਹੀ ਸਨ। ਇਸ ਰੈਲੀ ਵਿੱਚ ਹਲਕੇ ਦੀਆਂ ਵੱਡੀ ਗਿਣਤੀ ਵਿੱਚ ਔਰਤਾਂ ਨੇ ਹਿੱਸਾ ਲਿਆ। ਹਰਸਿਮਰਤ ਕੌਰ ਨੇ ਕਿਹਾ ਕਿ ਪੰਜਾਬ ਵਿੱਚ ਅਕਾਲੀ ਦਲ ਦੀ ਸਰਕਾਰ ਬਣਨ ਤੋਂ ਬਾਅਦ ਮਹਿਲਾ ਆਈਪੀਐਸ ਅਧਿਕਾਰੀ ਦੀ ਅਗਵਾਈ ਵਿੱਚ ਟਾਸਕ ਫੋਰਸ ਬਣਾਈ ਜਾਵੇਗੀ। ਇਹ ਟਾਸਕ ਫੋਰਸ ਅਕਾਲੀ ਦਲ ਦੀ ਮਾਈ ਭਾਗੋ ਫੌਜ ਨਾਲ ਮਿਲਕੇ ਨਸ਼ਾ ਤਸਕਰਾਂ ਦਾ ਸਫਾਇਆ ਕਰੇਗੀ।

ਅਕਾਲੀ ਦਲ ਦੀ ਸੰਸਦ ਮੈਂਬਰ ਨੇ ਕਿਹਾ ਕਿ ਪੰਜਾਬ ਵਿੱਚ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਕਾਰਜਕਾਲ ਦੌਰਾਨ ਹਮੇਸ਼ਾ ਵਿਕਾਸ, ਆਪਸੀ ਭਾਈਚਾਰੇ ਅਤੇ ਸ਼ਾਂਤੀ ਦੀ ਗੱਲ ਹੁੰਦੀ ਸੀ, ਪਰ ਦਿੱਲੀ ਤੋਂ ਰਿਮੋਟ ਕੰਟਰੋਲ ਨਾਲ ਚਲਾਈ ਜਾ ਰਹੀ ਸਰਕਾਰ ਸਿਰਫ਼ ਨਸ਼ਾ ਤਸਕਰਾਂ ਨੂੰ ਉਤਸ਼ਾਹਿਤ ਕਰਨ, ਸ਼ਰਾਬ ਦੇ ਠੇਕੇ ਖੁੱਲ੍ਹਵਾਉਣ ਅਤੇ ਭ੍ਰਿਸ਼ਟਾਚਾਰ ਦੀਆਂ ਗੱਲਾਂ ਕਰਦੀ ਹੈ। ਮੌਜੂਦਾ ਮੁੱਖ ਮੰਤਰੀ ਭਗਵੰਤ ਮਾਨ 'ਤੇ ਨਿਸ਼ਾਨਾ ਸਾਧਦੇ ਹੋਏ, ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਤੋਂ ਵੱਡਾ ਔਰਤਾਂ ਦਾ ਕੋਈ ਦੋਸ਼ੀ ਨਹੀਂ ਹੈ। ਅੱਜ ਪੰਜਾਬ ਵਿੱਚ ਇੱਕ ਵੀ ਔਰਤ ਅਜਿਹੀ ਨਹੀਂ ਹੈ, ਜਿਸਦੇ ਖਾਤੇ ਵਿੱਚ 60,000 ਰੁਪਏ ਆਏ ਹੋਣ, ਜਦੋਂ ਕਿ ਚੋਣਾਂ ਦੌਰਾਨ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਦੇਣ ਦੀ ਗੱਲ ਕੀਤੀ ਗਈ ਸੀ।

ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਔਰਤਾਂ ਦੀ ਇੱਕੋ ਇੱਕ ਪੁਕਾਰ ਹੈ ਕਿ ਆਪਣੇ ਬੱਚਿਆਂ ਨੂੰ ਨਸ਼ਿਆਂ ਤੋਂ ਕਿਵੇਂ ਬਚਾਇਆ ਜਾਵੇ। ਜਿਨ੍ਹਾਂ ਨੇ ਤਿੰਨ ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦੀ ਗਾਰੰਟੀ ਦਿੱਤੀ ਸੀ, ਉਹ ਪੰਜ ਸਾਲਾਂ ਵਿੱਚ ਇੱਕ ਵੀ ਮਗਰਮੱਛ ਨੂੰ ਨਹੀਂ ਫੜ ਸਕੇ।

ਅਕਾਲੀ ਦਲ ਦੇ ਸੰਸਦ ਮੈਂਬਰ ਨੇ ਔਰਤਾਂ ਨੂੰ ਇੱਕਜੁੱਟ ਕਰਦੇ ਹੋਏ ਕਿਹਾ ਕਿ ਉਹ ਆਪਣੇ ਨਾਲ ਘੱਟੋ-ਘੱਟ ਤਿੰਨ ਪਰਿਵਾਰਾਂ ਦੀਆਂ ਔਰਤਾਂ ਨੂੰ ਜੋੜ ਕੇ ਮਾਈ ਭਾਗੋ ਫੌਜ ਦਾ ਹਿੱਸਾ ਬਣਨ। ਅਕਾਲੀ ਦਲ ਦੀ ਸਰਕਾਰ ਬਣਨ 'ਤੇ ਇਹ ਫੌਜ ਨਸ਼ਾ ਤਸਕਰਾਂ ਨੂੰ ਪੰਜਾਬ ਤੋਂ ਬਾਹਰ ਕੱਢਣ ਵਿੱਚ ਸਭ ਤੋਂ ਅਹਿਮ ਭੂਮਿਕਾ ਨਿਭਾਏਗੀ।

ਇਸ ਤੋਂ ਪਹਿਲਾਂ ਹਰਸਿਮਰਤ ਕੌਰ ਬਾਦਲ ਦਾ ਸਵਾਗਤ ਕਰਦੇ ਹੋਏ ਰੈਲੀ ਪ੍ਰਬੰਧਕ ਅਤੇ ਸਾਬਕਾ ਵਿਧਾਇਕ ਐਨ.ਕੇ. ਸ਼ਰਮਾ ਦੀ ਪਤਨੀ ਬਬੀਤਾ ਸ਼ਰਮਾ ਨੇ ਕਿਹਾ ਕਿ ਤਲਵੰਡੀ ਸਾਬੋ ਤੋਂ ਸ਼ੁਰੂ ਹੋਈ ਨਸ਼ਿਆਂ ਵਿਰੁੱਧ ਮੁਹਿੰਮ ਹੁਣ ਡੇਰਾਬੱਸੀ ਪਹੁੰਚ ਗਈ ਹੈ। ਅੱਜ ਡੇਰਾਬੱਸੀ ਹਲਕੇ ਦੇ ਹਰ ਪਿੰਡ ਦੀਆਂ ਔਰਤਾਂ ਸਿਰਫ਼ ਇਸ ਗੱਲ ਦੀ ਚਿੰਤਾ ਵਿੱਚ ਹਨ ਕਿ ਉਨ੍ਹਾਂ ਦੇ ਬੱਚਿਆਂ ਨੂੰ ਨਸ਼ਿਆਂ ਤੋਂ ਕੌਣ ਬਚਾਏਗਾ। ਜਦੋਂ ਉਨ੍ਹਾਂ ਹਲਕੇ ਦਾ ਦੌਰਾ ਕੀਤਾ ਤਾਂ ਪਿੰਡਾਂ ਦੀਆਂ ਔਰਤਾਂ ਨੇ ਉਨ੍ਹਾਂ ਨੂੰ ਦੱਸਿਆ ਕਿ ਕਿਵੇਂ ਸਰਕਾਰੀ ਸੁਰੱਖਿਆ ਹੇਠ ਨਸ਼ੇ ਖੁੱਲ੍ਹੇਆਮ ਮਿਲ ਰਹੇ ਹਨ ਅਤੇ ਉਨ੍ਹਾਂ ਦੇ ਨੌਜਵਾਨ ਬੱਚੇ ਕਿਵੇਂ ਆਦੀ ਹੋ ਗਏ ਹਨ। ਵਾਰ-ਵਾਰ ਸ਼ਿਕਾਇਤਾਂ ਕਰਨ ਦੇ ਬਾਵਜੂਦ, ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ।

ਇਸ ਮੌਕੇ ਬੋਲਦਿਆਂ ਸਾਬਕਾ ਵਿਧਾਇਕ ਐਨ.ਕੇ. ਸ਼ਰਮਾ ਨੇ ਕਿਹਾ ਕਿ ਹਰਸਿਮਰਤ ਕੌਰ ਬਾਦਲ ਨੇ ਨਾ ਸਿਰਫ਼ ਆਪਣੇ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਵਿੱਚ ਸਫਲਤਾ ਹਾਸਲ ਕੀਤੀ ਹੈ, ਸਗੋਂ ਇਸਨੂੰ ਕਾਮਯਾਬ ਵੀ ਕੀਤਾ ਹੈ। ਸ਼ਰਮਾ ਨੇ ਕਿਹਾ ਕਿ ਜਦੋਂ ਪੰਜਾਬ ਵਿੱਚ ਲੜਕਿਆਂ ਦੇ ਮੁਕਾਬਲੇ ਕੁੜੀਆਂ ਦੀ ਗਿਣਤੀ ਘੱਟ ਰਹੀ ਸੀ, ਤਾਂ ਹਰਸਿਮਰਤ ਕੌਰ ਬਾਦਲ ਨੇ ਰਾਜਨੀਤੀ ਨੂੰ ਇੱਕ ਪਾਸੇ ਰੱਖ ਕੇ ਨੰਨ੍ਹੀ ਛਾਂ ਮੁਹਿੰਮ ਸ਼ੁਰੂ ਕੀਤੀ, ਜਿਸ ਨਾਲ ਪੰਜਾਬ ਦੀਆਂ ਔਰਤਾਂ ਵਿੱਚ ਸਮਾਜਿਕ ਕ੍ਰਾਂਤੀ ਆਈ। ਅੱਜ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਪੰਜਾਬ ਭਰ ਦੀਆਂ ਔਰਤਾਂ ਹਰਸਿਮਰਤ ਕੌਰ ਦੇ ਨਾਲ ਇੱਕਜੁੱਟਤਾ ਨਾਲ ਖੜ੍ਹੀਆਂ ਹੋ ਗਈਆਂ ਹਨ।ਇਸ ਮੌਕੇ ਬੀਬੀ ਪਰਮਜੀਤ ਕੌਰ ਲਾਂਡਰਾਂ, ਬਲਵਿੰਦਰ ਕੌਰ ਈਸਾਪੁਰ, ਮਨੀਸ਼ਾ ਮਲਿਕ, ਮਨਜੀਤ ਕੌਰ, ਗੁਰਪ੍ਰੀਤ ਕੌਰ ਬਾਜਵਾ, ਈਸ਼ਾ ਬੱਤਰਾ, ਸਲੋਚਨਾ ਦੇਵੀ, ਸਲਿਤਾ ਸੈਣੀ, ਬਲਜਿੰਦਰ ਕੌਰ, ਅਨੀਤਾ ਕਟਾਰੀਆ ਸਮੇਤ ਕਈ ਮਹਿਲਾ ਆਗੂ ਹਾਜ਼ਰ ਸਨ।

70ਵੀਂਆ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਤਾਇਕਮਾਂਡੋ ਤੇ ਕਰਾਟੇ ਦਾ ਹੋਇਆ ਆਗਾਜ਼



ਪਟਿਆਲਾ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ-14 ਲੜਕੇ/ ਲੜਕੀਆਂ ਦੇ ਤਾਈਕਮਾਂਡੋ ਅਤੇ ਅੰਡਰ-17 ਲੜਕੇ/ਲੜਕੀਆਂ ਦੇ ਕਰਾਟੇ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਦਾ ਆਗਾਜ਼ ਪਲੇ ਵੇਜ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵਿਖੇ ਹੋਇਆ। ਅੱਜ ਮੁੱਖ ਮਹਿਮਾਨ ਦੇ ਤੌਰ ਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ, ਡਾ ਰਾਜਦੀਪ ਸਿੰਘ (ਚੇਅਰਮੈਨ) ਹਰਲੀਨ ਕੌਰ (ਡਾਇਰੈਕਟਰ) ਨੇ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ।ਇਹ ਟੂਰਨਾਮੈਂਟ 2 ਨਵੰਬਰ ਤੋਂ 31 ਅਕਤੂਬਰ ਤੱਕ ਹੋਵੇਗਾ। ਇਸ ਟੂਰਨਾਮੈਂਟ ਵਿੱਚ 400 ਦੇ ਕਰੀਬ ਖਿਡਾਰੀ ਹਿੱਸਾ ਲੈ ਰਹੇ ਹਨ।ਪਲੇ ਵੇਜ ਸੀਨੀਅਰ ਸੈਕੰਡਰੀ ਸਕੂਲ ਦੀਆਂ ਵਿਦਿਆਰਥਣਾਂ ਨੇ ਬਹੁਤ ਹੀ ਵਧੀਆ ਗਿੱਧੇ ਦੀ ਪੇਸ਼ਕਾਰੀ ਕੀਤੀ। ਸਟੇਜ ਦਾ ਸੰਚਾਲਨ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਨੇ ਬਖੂਬੀ ਨਿਭਾਇਆ।ਇਸ ਮੌਕੇ ਤੇ ਅਬਜਰਵਰ ਨਿਖਿਲ ਹੰਸ, ਅਬਜਰਵਰ ਰਾਜੇਸ਼ ਸ਼ਰਮਾ, ਪ੍ਰਿੰਸੀਪਲ ਰਕਸ਼ਾ ਵਰਮਾ, ਚਰਨਜੀਤ ਸਿੰਘ ਰੈਫਰੀ,ਸ਼ਸੀ ਮਾਨ,ਬਲਵਿੰਦਰ ਸਿੰਘ ਜੱਸਲ, ਰਾਜੇਸ਼ ਕੁਮਾਰ,ਡਾ ਆਸਾ ਸਿੰਘ,ਬਿਪਨ ਚੰਦ,ਰੇਨੂੰ ਕੌਸ਼ਲ, ਜਾਹੀਦਾ ਕੁਰੈਸ਼ੀ,ਬੇਅੰਤ ਕੌਰ, ਰਾਕੇਸ਼ ਕੁਮਾਰ,ਸਤਵਿੰਦਰ ਸਿੰਘ,ਸੁਰਿੰਦਰ ਪਾਲ ਸਿੰਘ ਐਸਪੀ,ਪਵਨ ਸਿੰਗਲਾ,ਰਾਕੇਸ਼ ਕੁਮਾਰ,ਹਰਜੀਤ ਸਿੰਘ,ਸਾਰੇ ਜਿਲ੍ਹਿਆਂ ਦੇ ਖਿਡਾਰੀ ਅਤੇ ਡਿਊਟੀ ਸਟਾਫ ਹਾਜਰ ਸੀ।



ਗੁਰਦੇਵ ਸਿੰਘ ਨਾਰਲੀ
98146-58915



ਮਾਂ ਵਰਗਾ ਘਣਛਾਵਾਂ ਬੂਟਾ

ਕਿਸੇ ਨੇ ਠੀਕ ਹੀ ਕਿਹਾ ਹੈ ਕਿ ਮਾਂ ਦਾ ਰਿਸ਼ਤਾ ਸਭ ਰਿਸ਼ਤਿਆਂ ਨਾਲੋਂ ਉੱਤਮ, ਪਵਿੱਤਰ ਤੇ ਰੱਬ ਦੀ ਨੇੜਤਾ ਦਾ ਸਬੂਤ ਹੁੰਦਾ ਹੈ। ਸੰਖੇਪ ਭਾਵ ਅਰਥ ਇਹ ਹੈ ਕਿ ਰੱਬ ਦਾ ਦੂਜਾ ਨਾਂ ਹੀ ਮਾਂ ਹੈ। ਆਪਣੀ ਔਲਾਦ ਨੂੰ ਦੁਨੀਆ ਵਿਖਾਉਣ ਵਾਲੀ ਮਾਂ ਵਰਗੀ ਸ਼ਾਇਦ ਕੋਈ ਦੂਜੀ ਮਿਸਾਲ ਨਹੀਂ ਹੋ ਸਕਦੀ। ਇਕੋ-ਇਕ ਅਨੋਖਾ ਤੇ ਵਿਲੱਖਣ ਰਿਸ਼ਤਾ ਮਾਂ ਦਾ ਹੀ ਹੁੰਦਾ ਹੈ, ਜਿਹੜਾ ਸਾਰੇ ਕਸ਼ਟ ਅਤੇ ਤਕਲੀਫ਼ਾਂ ਹੰਢਾ ਕੇ ਦੁਨੀਆ ਭਰ ਦੇ ਸੁੱਖ ਆਪਣੀ ਔਲਾਦ ਵਾਸਤੇ ਪੈਦਾ ਕਰਦਾ ਹੀ ਰਹਿੰਦਾ ਹੈ।

ਮਾਂ ਤੋਂ ਵਿਰਵੇ ਬੱਚੇ

ਮਾਂ ਦਾ ਦੇਣ ਤਾਂ ਔਲਾਦ ਸਾਰੀ ਉਮਰ ਨਹੀਂ ਦੇ ਸਕਦੀ। ਅਸੀਂ ਕਿਤੇ ਥੋੜ੍ਹਾ ਜਿਹਾ ਵੀ ਗਿੱਲੇ ਥਾਂ ’ਤੇ ਲੰਮੇ ਪੈ ਜਾਈਏ ਤਾਂ ਉਸੇ ਵੇਲੇ ਹੀ ਜਗ੍ਹਾ ਬਦਲ ਲੈਂਦੇ ਹਾਂ ਪਰ ਧੰਨ ਹੈ ਮਾਂ, ਜਿਹੜੀ ਆਪਣੀ ਔਲਾਦ ਨੂੰ ਪਾਲਣ-ਪੋਸ਼ਣ ਸਮੇਂ ਸਾਰੀ-ਸਾਰੀ ਰਾਤ ਸੁੱਕੇ ਥਾਂ ’ਤੇ ਪਾ ਕੇ ਆਪ ਬੱਚੇ ਦੇ ਪਿਸ਼ਾਬ ਨਾਲ ਹੋਏ ਗਿੱਲੇ ਥਾਂ ’ਤੇ ਵੀ ਸਕੂਨ ਨਾਲ ਸੌਂਦੀ ਹੈ। ਜਦੋਂਕਿ ਬਹੁਤ ਘੱਟ ਬੱਚੇ ਵੱਡੇ ਹੋ ਕੇ ਇਸ ਗੱਲ ਦਾ ਮੁੱਲ ਪਾਉਂਦੇ ਹਨ। ਕਈ ਬੱਚੇ ਆਪਣੀ ਮਾਂ ਨੂੰ ‘ਰੱਬ’ ਸਮਝ ਕੇ ਪੂਜਦੇ ਹਨ ਤੇ ਘਰੋਂ ਕਿਤੇ ਵੀ ਕੰਮ ’ਤੇ ਜਾਣ ਤੋਂ ਪਹਿਲਾਂ ਉਸ ਦਾ ਅਸ਼ੀਰਵਾਦ ਲੈਣਾ ਨਹੀਂ ਭੁੱਲਦੇ ਤੇ ਕਈ ਅਸ਼ੀਰਵਾਦ ਤਾਂ ਬੜੀ ਦੂਰ ਦੀ ਗੱਲ, ਮਾਂ ਨੂੰ ਦੱਸ-ਪੁੱਛ ਕੇ ਵੀ ਨਹੀਂ ਜਾਂਦੇ। ਖ਼ੈਰ, ਸਾਰੇ ਬੱਚੇ ਇੱਕੋ ਜਿਹੇ ਵੀ ਤਾਂ ਨਹੀਂ ਹੁੰਦੇ। ਕਈ ਤਾਂ ਮੰਦਭਾਗੇ ਅਜਿਹੇ ਵੀ ਹੁੰਦੇ ਹਨ, ਜਿਨ੍ਹਾਂ ਦੀਆਂ ਮਾਵਾਂ ਜਨਮ ਦੇ ਕੇ ਇਸ ਜਹਾਨ ਤੋਂ ਤੁਰ ਜਾਂਦੀਆਂ ਹਨ। ਰੱਬ ਕਰੇ ਕਿ ਕਿਸੇ ਦੀ ਵੀ ਮਾਂ ਨਾ ਮਰੇ। ਇਹ ਅਹਿਸਾਸ ਇਕ ਮਾਂ ਤੋਂ ਵਿਰਵੇ ਬੱਚੇ ਤੋਂ ਵੱਧ ਕਿਸੇ ਦੂਜੇ ਨੂੰ ਨਹੀਂ ਹੋ ਸਕਦਾ।

ਸ਼ਰੀਕ ਤੇ ਰਿਸ਼ਤੇਦਾਰ

ਮਾਂ ਦੇ ਮਰਨ ਤੋਂ ਬਾਅਦ ਕੀ ਹਾਲ ਬੱਚੇ ਦਾ ਹੁੰਦਾ ਹੈ, ਇਹ ਰੱਬ ਜਾਂ ਫਿਰ ਉਸ ਬੱਚੇ ਨੂੰ ਹੀ ਪਤਾ ਹੁੰਦਾ ਹੈ। ਮਾਂ ਤੋਂ ਵਿਰਵੇ ਬੱਚੇ ਦੀ ਜ਼ਿੰਦਗੀ ਤਾਂ ਇੰਨੀ ਬੁਰੀ ਹੋ ਜਾਂਦੀ ਹੈ ਕਿ ਉਹ ਦਰ-ਦਰ ਦੀਆਂ ਠੋਕਰਾਂ ਖਾਂਦਾ ਹੈ ਤੇ ਦੂਜਿਆਂ ਦੇ ਟੁਕੜਿਆਂ ’ਤੇ ਪਲਦਾ ਹੈ। ਹਰ ਰੋਜ ਪਤਾ ਨਹੀ ਕਿੰਨੀਆਂ ਕੁ ਝਿੜਕਾਂ ਤੇ ਗਾਲ੍ਹਾਂ ਦੂਜਿਆਂ ਦੀਆਂ ਸੁਣਦਾ ਹੈ। ਇਸ ਵਿਚ ਕੋਈ ਸ਼ੱਕ ਨਹੀ ਹੈ ਕਿ ਰੱਬ ਦਾ ਦੂਜਾ ਨਾਂ ‘ਮਾਂ’ ਹੈ ਪਰ ਫਿਰ ਵੀ ਰੱਬ ਮਾਂਵਾ ਨੂੰ ਆਪਣੇ ਕੋਲ ਬੁਲਾ ਕੇ ਬੱਚਿਆਂ ਦਾ ਇੰਨਾਂ ਕਰੜਾ ਇਮਤਿਹਾਨ ਕਿਉਂ ਲੈਂਦਾ ਹੈ, ਇਹ ਤਾਂ ਸ਼ਾਇਦ ਰੱਬ ਹੀ ਜਾਣਦਾ ਹੈ। ਅਜਿਹੇ ਬੱਚਿਆਂ ਨੂੰ ਸ਼ਰੀਕ ਤੇ ਰਿਸ਼ਤੇਦਾਰ ਦੁਸ਼ਟ, ਅਭਾਗਾ ਤੇ ਮਨਹੂਸ ਕਹਿ ਕੇ ਉਨ੍ਹਾਂ ਦਾ ਨਿੱਤ ਮਜ਼ਾਕ ਉਡਾਉਂਦੇ ਹਨ। ਉਸ ਸਮੇਂ ਬੱਚੇ ਦੇ ਦਿਲ ’ਤੇ ਕੀ ਬੀਤਦੀ ਹੋਵੇਗੀ, ਇਸ ਦਾ ਅਹਿਸਾਸ ਤਾਂ ਉਹ ਬੱਚਾ ਹੀ ਕਰ ਸਕਦਾ ਹੈ।

ਮਾੜਾ ਵਿਵਹਾਰ

ਕਹਿੰਦੇ ਹਨ ਜਿਹੜੇ ਬੱਚਿਆਂ ਦੀਆਂ ਮਾਵਾਂ ਮਰ ਜਾਣ ਉਨ੍ਹਾਂ ਦੇ ਹੱਥਾਂ ਵਿੱਚੋਂ ਤਾਂ ਰੋਟੀਆਂ ਵੀ ‘ਕਾਂ’ ਖੋਹ ਕੇ ਖਾ ਲੈਂਦੇ ਹਨ ਤਾਂ ਫਿਰ ਸ਼ਰੀਕ ਜਾਂ ਰਿਸ਼ਤੇਦਾਰ ਕਿਵੇਂ ਪਿੱਛੇ ਰਹਿ ਸਕਦੇ ਹਨ। ਬਹੁਤ ਥੋੜ੍ਹੇ ਰਿਸ਼ਤੇਦਾਰ ਅਜਿਹੇ ‘ਮਾਂ-ਮਿੱਟਰਾਂ’ ਨਾਲ ਚੰਗਾ ਸਲੂਕ ਕਰਨ ਵਾਲੇ ਵੀ ਹੁੰਦੇ ਹਨ। ਉਨ੍ਹਾਂ ਨੂੰ ਤਾਂ ਰੱਬ ਤੇ ਜਹਾਨ ਵੀ ਸ਼ਾਬਾਸ਼ ਤੇ ਅਸੀਸਾਂ ਦਿੰਦਾ ਹੈ ਪਰ ਜਿਹੜੇ ਮਾਵਾਂ ਤੋਂ ਸੱਖਣੇ ਬੱਚਿਆਂ ਨਾਲ ਮਾੜਾ ਵਿਵਹਾਰ ਕਰਦੇ ਹਨ, ਉਹ ਤਾਂ ਫਿਰ ਲੇਖਾ ਅਗਲੇਰੀ ਉਮਰੇ ਤਸੱਲੀ ਨਾਲ ਹੀ ਦੇ ਕੇ ਜਾਂਦੇ ਹਨ।

ਮਾਵਾਂ ਨਾਲ ਬਦਸਲੂਕੀ

ਰੱਬਾ! ਹਰੇਕ ਬੱਚੇ ਦੀ ਮਾਂ ਸਲਾਮਤ ਰਹੇ ਤੇ ਆਪਣੇ ਬਣਦੇ ਕਾਰਜ ਪੂਰੀ ਤਰ੍ਹਾਂ ਕਰ ਕੇ ਹੀ ਦੁਨੀਆ ਤੋਂ ਜਾਵੇ। ਇਸ ‘ਦੂਆ’ ਨੂੰ ਤੂੰ ਕਬੂਲ ਜ਼ਰੂਰ ਕਰੀਂ। ਮਾਵਾਂ ਸਿਦਕ ਤੇ ਸ਼ਹਿਣਸ਼ੀਲਤਾ ਦੀ ਮੂਰਤ ਹੁੰਦੀਆਂ ਹਨ। ਬੱਚਿਆਂ ਨੂੰ ਕਦੀ ਵੀ ਆਪਣੀਆਂ ਮਾਂਵਾ ਨਾਲ ਬਦਸਲੂਕੀ ਨਾਲ ਪੇਸ਼ ਨਹੀਂ ਆਉਣਾ ਚਾਹੀਦਾ, ਸਗੋਂ ਹਰੇਕ ਮਨੁੱਖ ਨੂੰ ਆਪਣੀ ਪਤਨੀ, ਭੈਣ-ਭਾਈ ਅਤੇ ਬਾਕੀ ਰਿਸ਼ਤੇਦਾਰਾਂ ਨੂੰ ਥਾਉਂ-ਥਾਈਂ ਰੱਖਦਿਆਂ ਹੋਇਆ ਵੱਧ ਤੋਂ ਵੱਧ ਪਿਆਰ ਆਪਣੀ ਮਾਂ ਨੂੰ ਵੀ ਕਰਨਾ ਚਾਹੀਦਾ ਹੈ। ਕਹਿੰਦੇ ਹਨ ਕਿ ਮਾਵਾਂ ਦੇ ਪੈਰਾਂ ਵਿਚ ‘ਜੰਨਤ’ ਹੁੰਦੀ ਹੈ ਪਰ ਇਸ ਦਾ ਨਿੱਘ ਉਹੀ ਮਾਣ ਸਕਦੇ ਹਨ ਜਿਹੜੇ ਆਪਣੀ ਮਾਂ ਨੂੰ ਦਿਲੋਂ ਸਤਿਕਾਰਦੇ ਹਨ। ਸ਼ਾਇਦ ਤਾਂ ਹੀ ਤਾਂ ਰੱਬ ਦਾ ਦੂਜਾ ਨਾਂ ਮਾਂ ਹੈ। ਇਸ ਲਈ ਮਾਂ ਦਾ ਸਤਿਕਾਰ ਸਿੱਧਾ ਰੱਬ ਦਾ ਹੀ ਸਤਿਕਾਰ ਹੈ।

ਕਈ ਬੱਚੇ ਮਾਂ ਨੂੰ ‘ਰੱਬ’ ਸਮਝ ਕੇ ਪੂਜਦੇ ਹਨ ਤੇ ਘਰੋਂ ਕਿਤੇ ਵੀ ਜਾਣ ਤੋਂ ਪਹਿਲਾਂ ਉਸ ਦਾ ਅਸ਼ੀਰਵਾਦ ਲੈਣਾ ਨਹੀਂ ਭੁੱਲਦੇ। ਕਈ ਅਸ਼ੀਰਵਾਦ ਤਾਂ ਬੜੀ ਦੂਰ ਦੀ ਗੱਲ ਮਾਂ ਨੂੰ ਦੱਸ-ਪੁੱਛ ਕੇ ਵੀ ਨਹੀਂ ਜਾਂਦੇ। ਖ਼ੈਰ, ਸਾਰੇ ਬੱਚੇ ਇੱਕੋ ਜਿਹੇ ਨਹੀਂ ਹੁੰਦੇ ਪਰ ਜਿਹੜੇ ਮਾਂ ਦੀ ਕਦਰ ਕਰਦੇ ਹਨ ਉਹ ਹਰ ਥਾਂ ਸਫਲ ਹੁੰਦੇ ਹਨ...



ਰੱਬ ਦਾ ਦੂਜਾ ਨਾਂ

ਅਜੋਕਾ ਮਨੁੱਖ ‘ਮਾਂ-ਦਿਵਸ’ ਵਰਗੇ ਦਿਨ ’ਤੇ ਮੋਬਾਈਲ ਸੰਦੇਸ਼ਾਂ ਰਾਹੀਂ ਬੜੇ-ਬੜੇ ਵੱਡੇ ਸ਼ੰਦੇਸ਼ ਅੱਗੇ ਤੋਂ ਅੱਗੇ ਭੇਜਦਾ ਹੈ ਪਰ ਕੋਈ ਟਾਵਾਂ ਹੀ ਹੁੰਦਾ ਹੈ ਜਿਹੜਾ ਇਸ ’ਤੇ ਅਮਲ ਵੀ ਕਰਦਾ ਹੈ। ਕਈ ਤਾਂ ਮਾਵਾਂ ਨੂੰ ‘ਬਿਰਧ-ਘਰਾਂ’ ਦਾ ਰਸਤਾ ਤਕ ਵੀ ਵਿਖਾ ਦਿੰਦੇ ਹਨ, ਸ਼ਾਇਦ ਉਨ੍ਹਾਂ ਨੂੰ ਇਹ ਨਹੀਂ ਪਤਾ ਹੁੰਦਾ ਕਿ ਸਾਡੀ ਔਲਾਦ ਵੀ ਤਾਂ ਸਾਡੇ ਨਾਲ ਇਸੇ ਤਰ੍ਹਾਂ ਹੀ ਪੇਸ਼ ਆਵੇਗੀ ਕਿਉਂਕਿ ਇਕ ਕਹਾਵਤ ਹੈ ਕਿ ‘ਜਿਹਾ ਬੀਜੋਗਾ, ਤਿਹਾ ਵੱਢੋਗੇ।’ ਸਾਨੂੰ ਬਹੁਤ ਜ਼ਿਆਦਾ ਸੁਚੇਤ ਹੋਣ ਦੀ ਲੋੜ ਹੈ ਕਿਉਂਕਿ ਰੱਬ ਦਾ ਦੂਜਾ ਨਾਂ ਹੈ ਮਾਂ ਵਾਲੀ ਪੰਗਤੀ ਜੇਕਰ ਕਿਤੇ ਸਾਡੇ ਮਨ ਵਿਚ ਦ੍ਰਿੜ ਹੋ ਜਾਵੇਗੀ ਤਾਂ ਫਿਰ ਅਸੀਂ ਸਦਾ ਹੀ ਮਾਂ ਨੂੰ ਰੱਬ ਵਾਂਗੂ ਸਮਝਾਂਗੇ ਅਤੇ ਕਦੀ ਵੀ ਇਸ ਰੱਬ-ਰੂਪੀ ਮਾਂ ਨੂੰ ‘ਬਿਰਧ-ਘਰ’ ਨਹੀਂ ਜਾਣ ਦੇਵਾਂਗੇ।

ਤੋਹਫ਼ਾ

ਮਾਂ ਤਾਂ ਰੱਬ ਤੋਂ ਪੁੱਤ ਦੇ ਪ੍ਰਾਣ ਤਕ ਵਾਪਸ ਲਿਆ ਸਕਦੀ ਹੈ। ਰੱਬ ਨੇ ਵੀ ਸਾਰੇ ਰਾਖਵੇਂ ਅਧਿਕਾਰ ਮਾਂ ਦੀ ਝੋਲੀ ਵਿਚ ਹੀ ਪਾਏ ਹੋਏ ਹਨ। ਸਾਨੂੰ ਮਾਂ-ਦਿਵਸ ’ਤੇ ਆਪਣੀ ਮਾਂ ਨੂੰ ਬਹੁਤ ਜ਼ਿਆਦਾ ਪਿਆਰ ਕਰਨ ਦਾ ਤੋਹਫ਼ਾ ਦੇਣਾ ਚਾਹੀਦਾ ਹੈ ਕਿਉਂਕਿ ਮਾਂ ਨੂੰ ਦੁਨਿਆਵੀ ਤੋਹਫ਼ਿਆਂ ਨਾਲੋਂ ਮੋਹ ਤੇ ਪਿਆਰ ਰੂਪੀ ਤੋਹਫ਼ਿਆਂ ਦੀ ਜ਼ਿਆਦਾ ਲੋੜ ਹੁੰਦੀ ਹੈ। ਕਿਸੇ ਗਾਇਕ ਨੇ ਵੀ ਤਾਂ ਮਾਂ ਦੀ ਉਪਮਾਂ ਬਾਬਤ ਸ਼ਾਇਦ ਇੰਝ ਕਿਹਾ ਹੈ ਕਿ ‘ਮਾਂ ਹੁੰਦੀ ਏ ਮਾਂ ਉਹ ਦੁਨੀਆਂ ਵਾਲਿਓ, ਉਹ ਰੱਬ ਦਾ ਦੂਜਾ ਨਾਂ ਹੈ ਦੁਨੀਆਂ ਵਾਲਿਓ।’ ਸੱਚ ਮੁੱਚ ਹੀ ਮਨੁੱਖ ਆਪਣੀ ਮਾਂ ਦਾ ਕਰਜ ਕਦੀ ਨਹੀਂ ਉਤਾਰ ਸਕਦਾ। ਜੇਕਰ ਕੁਝ ਕਰ ਸਕਦਾ ਹੈ ਤਾਂ ਆਪਣੀ ਮਾਂ ਨੂੰ ਸਦਾ ਹੀ ਖ਼ੁਸ਼ ਰੱਖੇ ਅਤੇ ਹਰ ਕੰਮ ਮਾਂ ਦੇ ਅਸ਼ੀਰਵਾਦ ਨਾਲ ਕਰੇ, ਫਿਰ ਵੇਖਿਓ ਕਿ ਕਿਵੇਂ ‘ਬਰਕਤਾਂ’ ਤੁਹਾਡੇ ਹਰੇਕ ਕੰਮ ਵਿਚ ਖ਼ੁਦ ਚੱਲ ਕੇ ਆਉਣਗੀਆਂ।

ਆਦਰਸ਼ ਤੇ ਸੁਚੱਜਾ-ਸਮਾਜ

ਸਾਰੇ ਪੁੱਤਰ ਵੀ ‘ਸਰਵਣ ਕੁਮਾਰ’ ਵਾਂਗੂ ਆਪਣੇ ਮਾਂ-ਬਾਪ ਦੀ ਸੇਵਾ ਦਾ ਪ੍ਰਣ ਇਸ ਮਾਂ-ਦਿਵਸ ’ਤੇ ਕਰਨ। ਇਸ ਤਰ੍ਹਾਂ ਦੇ ਸੁਚੱਜੇ ਕੰਮ ਸਮਾਜ ਨੂੰ ਇਕ ਆਦਰਸ਼ ਤੇ ਸੁਚੱਜਾ-ਸਮਾਜ ਬਣਾ ਦੇਣਗੇ ਤੇ ਵੈਰ-ਵਿਰੋਧ ਖੰਭ ਲਾ ਕੇ ਉੱਡ ਜਾਣਗੇ। ਆਓ, ਫਿਰ ਸਾਰੇ ਹੀ ਜਣੇ ਇਸ ਪਵਿੱਤਰ ਦਿਹਾੜੇ ’ਤੇ ਰੱਬ-ਰੂਪੀ ਮਾਂ ਦੀਆਂ ਸਾਰੀਆਂ ਹੀ ਅਸੀਸਾਂ ਲਈਏ ਤੇ ਆਪਣੀ ਜ਼ਿੰਦਗੀ ਨੂੰ ਵੀ ਸਵਰਗ ਬਣਾ ਲਈਏ। ਅੰਤ ਵਿਚ ਪੇਸ਼ ਹਨ ਕਿਸੇ ਗੀਤ ਦੀਆਂ ਇਹ ਸਤਰਾਂ :

ਮਾਂ ਵਰਗਾ ਘਣਛਾਵਾਂ ਬੂਟਾ
ਮੈਨੂੰ ਕਿਧਰੇ ਨਜ਼ਰ ਨਾ ਆਵੇ
ਲੈ ਕੇ ਜਿਸ ਤੋਂ ਛਾਂ ਉਧਾਰੀ
ਰੱਬ ਨੇ ਸਵਰਗ ਬਣਾਏ। •

ਅਸ਼ੀਰਵਾਦ

ਮਨੁੱਖ ਵੱਡੀ ਤੋਂ ਵੱਡੀ ਪਦਵੀਂ ਜਾਂ ਅਹੁਦਾ ਜਿੰਨੀ ਛੇਤੀ ਮਾਂ ਦੇ ਅਸ਼ੀਰਵਾਦ ਨਾਲ ਪ੍ਰਾਪਤ ਕਰ ਸਕਦਾ ਹੈ। ਸ਼ਾਇਦ ਹੋਰ ਕਿਸੇ ਵੀ ਤਰੀਕੇ ਨਾਲ ਨਹੀਂ ਕਰ ਸਕਦਾ। ਇਕ ਹੋਰ ਗੱਲ ਇੱਥੇ ਵਿਚਾਰਨੀ ਜ਼ਰੂਰੀ ਹੈ ਕਿ ਕਈ ਆਪਣੀਆਂ ਮਾਵਾਂ ਨੂੰ ਅਨਪੜ੍ਹ ਜਾਂ ਘੱਟ ਪੜ੍ਹੀਆਂ-ਲਿਖੀਆਂ ਹੋਣ ਕਰਕੇ ਸਕੂਲ-ਕਾਲਜ ਦੀ ਮੀਟਿੰਗ ’ਚ ਜਾਂ ਕਿਸੇ ਵੀ ਵੱਡੇ ਸਮਾਰੋਹ ਵਿਚ ਲਿਜਾਣ ਤੋਂ ਕੰਨੀਂ ਕਤਰਾਉਂਦੇ ਹਨ। ਯਾਦ ਰੱਖਿਓ ਕਿ ਕੋਈ ਔਲਾਦ ਭਾਵੇਂ ਜਿੰਨੀ ਮਰਜ਼ੀ ਪੜ੍ਹ-ਲਿਖ ਜਾਵੇ, ਭਾਵੇਂ ਦੇਸ਼ ਦੇ ਸਭ ਤੋਂ ਉੱਚ ਅਹੁਦੇ ’ਤੇ ਵੀ ਹੋਵੇ, ਆਪਣੀ ਮਾਂ ਤੋਂ ਵੱਡੀ ਕਦੇ ਵੀ ਨਹੀਂ ਹੋ ਸਕਦੀ। ਇਹ ਗੱਲ ਹਮੇਸ਼ਾ ਹੀ ਆਪਣੇ ਮਨ ’ਚ ਸਾਨੂੰ ਬਿਠਾ ਲੈਣੀ ਚਾਹੀਦੀ ਹੈ ਕਿ ਔਲਾਦ ਨੂੰ ‘ਹੀਰੋ’ ਬਣਾਉਣ ਵਾਲੀ ਮਾਂ ਕਦੇ ਵੀ ‘ਜ਼ੀਰੋ’ ਨਹੀਂ ਹੋ ਸਕਦੀ। ਉਹ ਸਦਾ ਹੀ ਹੀਰੋ ਸੀ, ਹੀਰੋ ਹੈ ਅਤੇ ਹੀਰੋ ਹੀ ਰਹੇਗੀ ਭਾਵੇਂ ਪੜ੍ਹੀ ਹੋਵੇ ਜਾਂ ਨਾ, ਇਹ ਅਲੱਗ ਮਸਲਾ ਹੈ। ਅਗਲੀ ਗੱਲ ਇਹ ਹੈ ਕਿ ਬੇਟੀ ਵੀ ਇਕ ਸੁਚੱਜੀ ਧੀ ਬਣਨ ਲਈ ਅਗਵਾਈ ਸਦਾ ਹੀ ਆਪਣੀ ਮਾਂ ਤੋਂ ਲਵੇ। ਇਕ ਨੂੰਹ ਵੀ ਆਪਣੀ ਸਕੀ-ਮਾਂ ਵਾਂਗੂ ਸੱਸ ਨਾਲ ਪਿਆਰ ਕਰੇ ਤੇ ਸੱਸ ਵੀ ਸਕੀ-ਮਾਂ ਬਣ ਕੇ ਨੂੰਹ ਦੇ ਚਾਅ ਕਰੇ।





ਮਨੀਸ਼ਾ ਬੱਤਰਾ
098912-71517

ਇਹ ਮਾਂ ਹੀ ਹੁੰਦੀ ਹੈ ਜੋ ਮਨੁੱਖ ਨੂੰ ਜ਼ਿੰਦਗੀ ਜਿਊਣ ਦੀ ਸੇਧ ਦਿੰਦੀ ਹੈ। ਉਹ ਸਭ ਕੁਝ ਸਮਝ ਸਕਦੀ ਹੈ ਜੋ ਅਸੀਂ ਆਪਣੇ ਬਾਰੇ ਸੋਚ ਵੀ ਨਹੀਂ ਸਕਦੇ...

ਮਾਂ ਨੂੰ ਦਿਉ ਸਤਿਕਾਰ ਦਾ ਤੋਹਫ਼ਾ

‘ਮਾਂ’ ਜਦੋਂ ਵੀ ਇਹ ਸ਼ਬਦ ਮਨ ਦੀਆਂ ਤਰੰਗਾਂ ਤੋਂ ਹੁੰਦਾ ਹੋਇਆ ਸ਼ਬਦਾਂ ਦੇ ਸੰਸਾਰ ਦੀ ਯਾਤਰਾ ਕਰਦਾ ਹੈ ਤਾਂ ਅਜਿਹਾ ਮਹਿਸੂਸ ਹੁੰਦਾ ਹੈ ਕਿ ਪੂਰੇ ਬ੍ਰਹਿਮੰਡ ਦੇ ਦਰਸ਼ਨ ਹੋ ਗਏ ਹੋਣ। ਇੰਝ ਲੱਗਦਾ ਹੈ ਜਿਵੇਂ ਸੂਰਜ, ਚੰਨ ਤੇ ਸਿਤਾਰੇ ਸਭ ਮਾਂ ਨੂੰ ਮਿਲਣ ਆਏ ਹੋਣ ਰੱਬ ਆਪ ਆ ਕੇ ਮਾਂ ਦੇ ਪੈਰਾਂ ’ਚ ਡਿੱਗ ਕੇ ਕਹਿੰਦਾ ਹੋਵੇ ‘ਮਾਂ ਤੂੰ ਠੀਕ ਹੈ, ਮੇਰੇ ਤੋਂ ਪਹਿਲਾਂ ਅਗਰ ਇਨਸਾਨ ਕਿਸੇ ਨੂੰ ਯਾਦ ਕਰਦਾ ਹੈ ਤਾਂ ਉਹ ਸਿਰਫ਼ ਤੂੰ ਹੈ, ਜ਼ਰਾ ਆਪਣਾ ਖ਼ਿਆਲ ਰੱਖਿਆ ਕਰ ਮਾਂ !!! ਕਿਉਂਕਿ ਇਹ ਸਿਰਫ਼ ਤੂੰ ਹੀ ਤਾਂ ਹੈ ਜੋ ਦੂਜਿਆਂ ਦੀ ਜਗ੍ਹਾ ਲੈ ਸਕਦੀ ਹੈ ਪਰ ਤੇਰੀ ‘ਥਾਂ’ ਹੋਰ ਕੋਈ ਨਹੀਂ ਲੈ ਸਕਦਾ। ਇਹ ਗੱਲ ਸਹੀ ਹੈ ਕਿ ਮਾਂ ਕਿਸੇ ਦੀ ਵੀ ਹੋਵੇ, ਪੜ੍ਹੀ-ਲਿਖੀ ਹੋਵੇ ਜਾਂ ਅਨਪੜ੍ਹ ਉਸ ਦੇ ਪਿਆਰ ਦਾ ਅਹਿਸਾਸ ਸਰਵਵਿਆਪੀ ਤੇ ਇਕਸਾਰ ਹੁੰਦਾ ਹੈ। ਜਦੋਂ ਵੀ ਅਸੀਂ ਆਪਣੀ ਜ਼ਿੰਦਗੀ ਵਿਚ ਅਸਫ਼ਲ ਹੁੰਦੇ ਹੋ ਤਾਂ ਉਹ ਸਾਨੂੰ ਦੁਨੀਆ ਦੀ ਹਰ ਸਮੱਸਿਆ ਤੋਂ ਬਾਹਰ ਕੱਢ ਲੈਂਦੀ ਹੈ। ਮਾਂ ਹੀ ਹੁੰਦੀ ਹੈ ਜੋ ਮਨੁੱਖ ਨੂੰ ਜ਼ਿੰਦਗੀ ਜਿਊਣ ਦੀ ਸਭ ਤੋਂ ਵਧੀਆ ਸੇਧ ਦਿੰਦੀ ਹੈ। ਮਾਂ ਉਹ ਸਭ ਕੁਝ ਸਮਝ ਸਕਦੀ ਹੈ ਜੋ ਅਸੀਂ ਆਪਣੇ ਬਾਰੇ ਸੋਚ ਵੀ ਨਹੀਂ ਸਕਦਾ। ਉਂਜ ਤਾਂ ਹਰ ਦਿਨ ਮਾਂ, ਉਸ ਦੇ ਪਿਆਰ ਤੇ ਬਲਿਦਾਨ ਨੂੰ ਸਮਰਪਤ ਹੁੰਦਾ ਹੈ ਪਰ ਇਸ ਦੇ ਨਾਲ ਹੀ ਇਕ ਹੋਰ ਖ਼ਾਸ ਦਿਨ ਮਾਂ ਦੇ ਸਮਰਪਣ ਵਿਚ ਮਨਾਇਆ ਜਾਂਦਾ ਹੈ ਜਿਸ ਨੂੰ ਅਸੀਂ ‘ਮਾਂ-ਦਿਵਸ’ ਦੇ ਤੌਰ ’ਤੇ ਮਨਾਉਂਦੇ ਹਾਂ। ਹਰ ਸਾਲ ਮਈ ਮਹੀਨੇ ਦੇ ਦੂਜੇ ਐਤਵਾਰ ਨੂੰ ਮਾਂ ਦਿਵਸ ਮਨਾਇਆ ਜਾਂਦਾ ਹੈ ਤੇ ਇਸ ਸਾਲ ਇਹ ਵਿਸ਼ੇਸ਼ ਦਿਨ 12 ਮਈ ਨੂੰ ਮਨਾਇਆ ਜਾ ਰਿਹਾ ਹੈ। ਹਾਲਾਂਕਿ ਅਸੀਂ ਕੁਝ ਵੀ ਕਰ ਕੇ ਆਪਣੀ ਮਾਂ ਦੁਆਰਾ ਕੀਤੇ ਗਏ ਕੰਮਾਂ ਦੀ ਸ਼ੁਕਰਗੁਜ਼ਾਰੀ ਨਹੀਂ ਕਰ ਸਕਦੇ ਪਰ ਅਸੀਂ ਇਸ ਦਿਨ ਨੂੰ ਮਨਾ ਕੇ ਇਕ ਵਾਰ ਫਿਰ ਆਪਣੀ ਮਾਂ ਨੂੰ ਇਹ ਯਾਦ ਕਰਾ ਸਕਦੇ ਹਾਂ ਕਿ ‘ਉਹ ਸਾਡੇ ਲਈ ਅਨਮੋਲ ਹੈ।’ ਮਾਂ ਆਪਣੇ ਪਰਿਵਾਰ ਲਈ ਬਹੁਤ ਸਾਰੀਆਂ ਕੁਰਬਾਨੀਆਂ ਦਿੰਦੀ ਹੈ ਪਰ ਉਸ ਦੁਆਰਾ ਕੀਤੇ ਬਲੀਦਾਨਾਂ ਨੂੰ ਹਮੇਸ਼ਾ ਤੋਂ ਹੀ ਨਜ਼ਰ ਅੰਦਾਜ਼ ਕੀਤਾ ਜਾਂਦਾ ਰਿਹਾ ਹੈ। ਆਮ ਤੌਰ ’ਤੇ ਘਰੇਲੂ ਅਤੇ ਆਫ਼ਿਸ ਦੀਆਂ ਬਹੁਤ ਜ਼ਿਆਦਾ ਜ਼ਿੰਮੇਵਾਰੀਆਂ ਅਤੇ ਰੁਝੇਵੇਂ ਕਾਰਣ ਮਾਵਾਂ ਆਪਣੀ ਸਿਹਤ ਨੂੰ ਨਜ਼ਰ ਅੰਦਾਜ਼ ਕਰ ਦਿੰਦਿਆਂ ਹਨ। ਉਹ ਹਰ ਸਮੇਂ ਆਪਣੇ ਪਰਿਵਾਰ, ਬੱਚਿਆਂ ਦੀ ਦੇਖਭਾਲ ਅਤੇ ਉਨ੍ਹਾਂ ਨੂੰ ਪਾਲਣ ਵਿਚ ਲੱਗੀਆਂ ਰਹਿੰਦੀਆਂ ਹਨ। ਜਦੋਂ ਬੱਚੇ ਵੱਡੇ ਹੋ ਜਾਂਦੇ ਹਨ ਤਾਂ ਉਹ ਆਪਣਾ ਕੈਰੀਅਰ ਬਣਾਉਣ ਦੇ ਰੁਝੇਵਿਆਂ ਵਿਚ ਇਸ ਕਦਰ ਫੱਸ ਜਾਂਦੇ ਹਨ ਕਿ ਉਨ੍ਹਾਂ ਨੂੰ ਆਪਣੀ ਮਾਂ ਦੀ ਸਿਹਤ ਦਾ ਖ਼ਿਆਲ ਹੀ ਨਹੀਂ ਰਹਿੰਦਾ। ਸਾਡੀ ਨੈਤਿਕ ਜ਼ਿੰਮੇਂਵਾਰੀ ਬਣਦੀ ਹੈ ਕਿ ‘ਮਾਂ-ਦਿਵਸ’ ’ਤੇ ਕਿਸੇ ਕੀਮਤੀ ਤੋਹਫ਼ੇ ਤੋਂ ਜ਼ਿਆਦਾ ਕੀਮਤੀ ਉਪਹਾਰ ਉਸ ਨੂੰ ਸਤਿਕਾਰ ਦਿੱਤਾ ਜਾਵੇ। ਆਉ ਅਸੀਂ ਸਾਰੇ ਆਪਣੀ ਮਾਂ ਨੂੰ ਖ਼ਾਸ ਮਹਿਸੂਸ ਕਰਾਉਣ ਤੇ ਉਸ ਦੀ ਦੇਖਭਾਲ ਕਰਨ ਦਾ ਵਾਅਦਾ ਕਰੀਏ। ਮਾਂ ਨੂੰ ‘ਉਸ ਦੀ ਸਿਹਤ’ ਨੂੰ ਤਰਜੀਹ ਦੇਣ ਬਾਰੇ ਪ੍ਰੇਰਿਤ ਕਰੀਏ ਤਾਂ ਜੋ ਉਹ ਸਿਹਤਮੰਦ ਅਤੇ ਸੁਰੱਖਿਅਤ ਜੀਵਨ ਦਾ ਅਨੰਦ ਮਾਣ ਸੱਕੇ। ਇਸ ਦਿਵਸ ਦੇ ਮੌਕੇ ’ਤੇ ਸਾਨੂੰ ਸਾਰਿਆਂ ਨੂੰ ਸਮੇਂ-ਸਮੇਂ ’ਤੇ ਉਨ੍ਹਾਂ ਦੀ ਸਿਹਤ ਦੀ ਜਾਂਚ-ਪੜਤਾਲ ਕਰਵਾਉਣ ਵਿਚ ਉਨ੍ਹਾਂ ਦੀ ਮਦਦ ਕਰਨੀ ਚਾਹੀਦੀ ਹੈ। ਹਮੇਸ਼ਾ ਉਨ੍ਹਾਂ ਨਾਲ ਰਹਿ ਕੇ ਉਨ੍ਹਾਂ ਦਾ ਸਾਥ ਦੇਣਾ ਚਾਹੀਦਾ ਹੈ। ਮਾਂ ਨੂੰ ਇਹ ਦੱਸਣਾ ਚਾਹੀਦਾ ਹੈ ਕਿ ਉਨ੍ਹਾਂ ਦੀ ਉਮਰ ਭਾਵੇਂ ਕੁਝ ਵੀ ਹੋਵੇ ਪਰ ਤੰਦਰੁਸਤ ਜੀਵਨ ਜਿਊਣਾ ਉਨ੍ਹਾਂ ਦਾ ਮੌਲਿਕ ਅਧਿਕਾਰ ਹੈ। ਸਾਡੀ ਜ਼ਿੰਮੇਂਵਾਰੀ ਬਣਦੀ ਹੈ ਕਿ ਉਨ੍ਹਾਂ ਨੂੰ ਸਮਝਾਈਏ ਕਿ ਉਹ ਆਪਣੀ ਖ਼ੁਰਾਕ ਵਿਚ ਫਲ਼ਾਂ ਤੇ ਸਬਜ਼ੀਆਂ ਨੂੰ ਜ਼ਿਆਦਾ ਮਾਤਰਾ ਵਿਚ ਸ਼ਾਮਲ ਕਰਨਾ ਕਿਉਂਕਿ ਇਹ ਸਰੀਰ ਨੂੰ ਜ਼ਰੂਰੀ ਫ਼ਾਇਬਰ, ਵਿਟਾਮਿਨ ਅਤੇ ਖਣਿਜ ਪ੍ਰਦਾਨ ਕਰਦੇ ਹਨ। ਇਸ ਦੇ ਨਾਲ ਇਹ ਕੈਂਸਰ ਅਤੇ ਹੋਰ ਗੰਭੀਰ ਬਿਮਾਰੀਆਂ ਦੇ ਖ਼ਤਰੇ ਨੂੰ ਵੀ ਘਟਾਉਂਦੇ ਹਨ। ਉਨ੍ਹਾਂ ਨੂੰ ਲੂਣ-ਮਿੱਠੇ ਦੀ ਮਾਤਰਾ ਨੂੰ ਸੀਮਿਤ ਕਰਨ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ ਤੇ ਜਿੰਨਾ ਹੋ ਸਕੇ ਪਾਣੀ ਪੀਣ ਲਈ ਕਹਿਣਾ ਚਾਹੀਦਾ ਹੈ। ਸਾਨੂੰ ਸਾਰਿਆਂ ਨੂੰ ਮਾਵਾਂ ਨੂੰ ਨਿਯਮਿਤ ਤੌਰ ’ਤੇ ਚੈੱਕਅਪ ਕਰਾਉਣ ਲਈ ਆਪਣੇ ਨਾਲ ਲੈ ਕੇ ਜਾਣਾ ਚਾਹੀਦਾ ਹੈ। ਸਾਨੂੰ ਅਜਿਹਾ ਵਾਤਾਵਰਣ ਤਿਆਰ ਕਰਨ ਕਰਨਾ ਚਾਹੀਦਾ ਹੈ ਜਿਸ ਵਿਚ ਉਹ ਆਪਣੀ ਨੀਂਦ ਪੂਰੀ ਕਰ ਸਕਣ ਆਦਿ। ਇਨ੍ਹਾਂ ਨਿੱਕੇ-ਨਿੱਕੇ ਨੁਕਤਿਆਂ ਨਾਲ ਹੀ ਅਸੀਂ ਆਪਣੀ ਮਾਂ ਦੀ ਸਿਹਤ ਦਾ ਖ਼ਿਆਲ ਕਰ ਸਕਦੇ ਹਾਂ। ਪਰਿਵਾਰ ਵਿਚ ਸਿਰਫ਼ ਇਕ ਮਾਂ ਦੀ ਸਿਹਤ ਹੁੰਦੀ ਹੈ ਜੋ ਪ੍ਰਤੱਖ-ਪਰੋਖ ਰੂਪ ਵਿਚ ਪਰਿਵਾਰ ਦੇ ਸਾਰੇ ਮੈਂਬਰਾਂ ਦੇ ਨਾਲ-ਨਾਲ ਪੂਰੇ ਸਮਾਜ ਨੂੰ ਪ੍ਰਭਾਵਿਤ ਕਰਦੀ ਹੈ। ਸੋ, ਆਉ ਮਾਂ ਦਿਵਸ ਦੇ ਇਸ ਮੌਕੇ ’ਤੇ ਇਸ ਤੋਹਫ਼ੇ ਨੂੰ ਹਰ ਮਾਂ ਨੂੰ ਦੇਈਏ। •

ਜਸਪ੍ਰੀਤ ਕੌਰ ਸੰਘਾ

ਸ਼ਹਿਦ ਤੋਂ ਮਿੱਠੀ ਹੁੰਦੀ ਹੈ ਮਮਤਾ

ਮਾਂ ਸ਼ਬਦ ਲਿਖਣ ਅਤੇ ਬੋਲਣ ਵਿਚ ਜਿੰਨਾ ਛੋਟਾ ਹੈ ਇਸ ਦੇ ਅਰਥ ਉਨੇ ਹੀ ਡੂੰਘੇ ਹਨ। ਜਨਮਦਾਤੀ ਹੈ ਮਾਂ। ਮਮਤਾ ਦਾ ਸਾਗਰ ਅਤੇ ਤਿਆਗ ਦੀ ਮੂਰਤ ਹੈ ਮਾਂ। ਦੁਨੀਆ ਦਾ ਹਰ ਰਿਸ਼ਤਾ ਸਵਾਰਥੀ ਹੋ ਸਕਦਾ ਹੈ ਪਰ ਮਾਂ ਦੀ ਮਮਤਾ ਨਿਸਵਾਰਥ ਹੁੰਦੀ ਹੈ। ਮਾਂ ਦੀ ਮਮਤਾ ਵਿਚ ਛਲ, ਕਪਟ, ਧੋਖਾ ਨਹੀਂ ਹੁੰਦਾ। ਮਾਂ ਦੀ ਮਮਤਾ ਤਾਂ ਪਾਕ ਹੁੰਦੀ ਹੈ। ਧਰਤੀ ਉੱਪਰ ਰੱਬ ਦਾ ਦੂਸਰਾ ਰੂਪ ਹੈ ਮਾਂ। ਸ਼ਹਿਦ ਨਾਲੋਂ ਵੀ ਮਿੱਠੀ ਹੁੰਦੀ ਹੈ ਮਾਂ ਦੀ ਮਮਤਾ । ਪਹਾੜ ਨਾਲੋਂ ਵੀ ਵੱਡਾ ਜੇਰਾ ਹੁੰਦਾ ਹੈ ਮਾਂ ਦਾ । ਇਸੇ ਲਈ ਇਕ ਮਾਂ ਆਪਣੀ ਔਲਾਦ ਲਈ ਵੱਡੀ ਤੋਂ ਵੱਡੀ ਮੁਸ਼ਕਿਲ ਨਾਲ ਵੀ ਟਕਰਾ ਜਾਂਦੀ ਹੈ। ਜੋ ਇਨਸਾਨ ਆਪਣੀ ਮਾਂ ਦੀ ਕਦਰ ਕਰਦਾ ਹੈ ਉਸ ਨੂੰ ਧਰਤੀ ’ਤੇ ਹੀ ਜੰਨਤ ਮਿਲ ਜਾਂਦੀ ਹੈ :

ਮਾਵਾਂ, ਮਾਵਾਂ, ਮਾਵਾਂ
ਮਾਂ ਜੰਨਤ ਦਾ ਪਰਛਾਵਾਂ
ਮਾਏ ਤੇਰੇ ਵਿਹੜੇ ਵਿਚ ਰੱਬ ਵਸਦਾ
ਤੈਥੋਂ ਪਲ ਵੀ ਦੂਰ ਨਾ ਜਾਵਾਂ...

ਮਾਂ ਬਣਨ ਦਾ ਸੁਭਾਗ ਪਰਮਾਤਮਾ ਨੇ ਔਰਤ ਨੂੰ ਹੀ ਬਖ਼ਸ਼ਿਆ ਹੈ ਕਿਉਂਕਿ ਔਰਤ ਅੰਦਰ ਮਰਦ ਨਾਲੋਂ ਕਿਤੇ ਜ਼ਿਆਦਾ ਸਹਿਣ-ਸ਼ਕਤੀ ਹੁੰਦੀ ਹੈ। ਮਾਂ ਅਖਵਾਉਣ ਲਈ ਇਕ ਔਰਤ ਜ਼ਿੰਦਗੀ ਅਤੇ ਮੌਤ ਨਾਲ ਲੜਦੀ ਹੈ। ਬੱਚੇ ਦੇ ਜਨਮ ਸਮੇਂ ਜੋ ਪੀੜਾ ਔਰਤ ਸਹਿੰਦੀ ਹੈ ਮਰਦ ਉਸ ਬਾਰੇ ਸੋਚ ਵੀ ਨਹੀਂ ਸਕਦਾ ਪਰ ਆਪਣੇ ਬੱਚੇ ਦੀ ਇਕ ਮੁਸਕਾਨ ਨਾਲ ਉਹ ਆਪਣੇ ਸਾਰੇ ਦਰਦ ਭੁਲਾ ਦਿੰਦੀ ਹੈ। ਦੁਨੀਆ ਦਾ ਹਰ ਕਰਜ਼ ਚੁਕਾਇਆ ਜਾ ਸਕਦਾ ਹੈ ਪਰ ਮਾਂ ਦੀ ਮਮਤਾ ਦਾ ਕਰਜ਼ ਔਲਾਦ ਕਦੇ ਨਹੀਂ ਚੁੱਕਾ ਸਕਦੀ। ਇਕ ਮਾਂ ਆਪਣੀ ਔਲਾਦ ਖ਼ਾਤਰ ਸਾਰੀ ਜ਼ਿੰਦਗੀ ਕੁਰਬਾਨੀ ਦਿੰਦੀ ਹੈ। ਖ਼ੁਦ ਗਿੱਲੇ ’ਤੇ ਸੌਂ ਜਾਵੇਗੀ ਤਾਂ ਕਿ ਉਸ ਦਾ ਬੱਚਾ ਸੁੱਕੇ ਥਾਂ ਸੌਂਵੇ। ਖ਼ੁਦ ਭੁੱਖੀ ਰਹਿ ਲਵੇਗੀ ਤਾਂ ਕਿ ਉਸ ਦੇ ਬੱਚੇ ਦਾ ਢਿੱਡ ਭਰ ਜਾਵੇ। ਬੱਚੇ ਦੀ ਪਹਿਲੀ ਗੁਰੂ ਉਸ ਦੀ ਮਾਂ ਹੀ ਹੁੰਦੀ ਹੈ। ਮਾਂ ਦੀ ਉਂਗਲੀ ਫੜ ਕੇ ਹੀ ਬੱਚਾ ਚਲਣਾ ਸਿੱਖਦਾ ਹੈ । ਬੱਚਾ ਮਾਂ ਦੀ ਪਰਛਾਈ ਹੁੰਦਾ ਹੈ। ਮਾਂ ਦੇ ਵਜੂਦ ਦਾ ਇਕ ਅੰਸ਼। ਮਾਂ ਆਪਣੀ ਔਲਾਦ ਦੀ ਹਰ ਰਮਜ਼ ਨੂੰ ਪਛਾਣਦੀ ਹੈ। ਉਹ ਦੀ ਸਾਰੀ ਦੁਨੀਆ ਉਸ ਦੀ ਔਲਾਦ ਹੀ ਹੁੰਦੀ ਹੈ। ਮਾਂ ਦੇ ਦਿਲੋਂ ਆਪਣੀ ਔਲਾਦ ਲਈ ਹਮੇਸ਼ਾ ਅਸੀਸਾਂ ਹੀ ਨਿਕਲਦੀਆਂ ਹਨ। ਮਾਂ ਦੀ ਮਮਤਾ ਤਾਂ ਉਸ ਛਾਂਦਾਰ ਰੁੱਖ ਦੀ ਤਰ੍ਹਾਂ ਹੁੰਦੀ ਹੈ ਜੋ ਸਭ ਨੂੰ ਛਾਂ ਦਿੰਦਾ ਹੈ ਪਰ ਆਪ ਧੁੱਪਾਂ ਜਰਦਾ ਹੈ। ਮਾਂ ਦੀ ਮਮਤਾ ਹੀ ਔਲਾਦ ਨੂੰ ਜ਼ਿੰਦਗੀ ਦੀਆਂ ਧੁੱਪਾਂ ਅਤੇ ਝੱਖੜਾਂ ਤੋਂ ਬਚਾਉਂਦੀ ਹੈ। ਇਹ ਸੱਚ ਹੈ ਕਿ ਮਾਂ ਦੀ ਬੁੱਕਲ ਵਿਚ ਹੀ ਅਸਲੀ ਸਵਰਗ ਹੈ । ਜਿਸ ਕੋਲ ਮਾਂ ਹੈ ਉਸ ਜਿਹਾ ਖ਼ੁਸ਼ਨਸੀਬ ਇਸ ਦੁਨੀਆ ’ਤੇ ਕੋਈ ਨਹੀਂ ਹੋ ਸਕਦਾ ਅਤੇ ਜਿਸ ਦੀ ਮਾਂ ਨਾ ਹੋਵੇ ਉਸ ਜਿਹਾ ਬਦਨਸੀਬ ਕੋਈ ਨਹੀਂ ਹੋ ਸਕਦਾ। ਜਿਸ ਇਨਸਾਨ ਨੇ ਸੱਚੇ ਦਿਲੋਂ ਮਾਂ ਦੀ ਸੇਵਾ ਕਰ ਲਈ ਉਸ ਨੂੰ ਤੀਰਥਾਂ ’ਤੇ ਜਾਣ ਦੀ ਜ਼ਰੂਰਤ ਨਹੀ ਕਿਉਂਕਿ ਅਸਲੀ ਤੀਰਥ ਤਾਂ ਮਾਂ ਦੇ ਪੈਰਾਂ ਵਿਚ ਹੁੰਦਾ ਹੈ। ਵੱਡੇ ਤੋਂ ਵੱਡੇ ਰਾਜੇ ਮਹਾਰਾਜੇ ਵੀ ਮਾਂ ਦੀ ਮਮਤਾ ਦੀ ਕੀਮਤ ਨਹੀਂ ਚੁੱਕਾ ਸਕਦੇ ਕਿਉਂਕਿ ਮਮਤਾ ਅਨਮੋਲ ਹੁੰਦੀ ਹੈ :

ਮਾਂ ਤੂੰ ਮਮਤਾ ਦੀ ਮੂਰਤ ਹੈਂ
ਮਾਂ ਤੂੰ ਮੇਰੀ ਜ਼ਰੂਰਤ ਹੈਂ
ਮਾਂ ਤੂੰ ਮੇਰਾ ਅਭਿਮਾਨ ਹੈਂ
ਮਾਂ ਤੂੰ ਮੇਰਾ ਭਗਵਾਨ ਹੈਂ। •

99150 -33176



ਪਰਮਾਤਮਾ ਨੇ ਮਾਂ ਬਣਨ ਦਾ ਸੁਭਾਗ ਸਿਰਫ਼ ਔਰਤ ਨੂੰ ਹੀ ਬਖ਼ਸ਼ਿਆ ਹੈ ਕਿਉਂਕਿ ਔਰਤ ਅੰਦਰ ਮਰਦ ਨਾਲੋਂ ਕਿਤੇ ਜ਼ਿਆਦਾ ਸਹਿਣ-ਸ਼ਕਤੀ ਹੁੰਦੀ ਹੈ...



ਕਮਲ ਬਰਾੜ

ਮੇਰਾ ਪਹਿਲਾ ਗੁਰੂ ਮੇਰੀ ਮਾਂ

ਬੱਚੇ ਦਾ ਪਹਿਲਾ ਗੁਰੂ, ਆਧਿਆਪਕ ਉਸ ਦੀ ਮਾਂ ਹੀ ਹੁੰਦੀ ਹੈ। ਬੱਚਾ ਮਾਂ ਕੋਲੋਂ ਬਹੁਤ ਕੁਝ ਸਿੱਖਦਾ ਹੈ। ਉਹ ਪਹਿਲਾ ਸ਼ਬਦ ਵੀ ਮਾਂ ਹੀ ਬੋਲਦਾ ਹੈ। ਬੱਚੇ ਦੀ ਸ਼ਖ਼ਸੀਅਤ ਤੇ ਬਹੁਤਾ ਪ੍ਰਭਾਵ ਉਸ ਦੀ ਮਾਂ ਦਾ ਹੀ ਹੁੰਦਾ ਹੈ ਤੇ ਉਸ ਦਾ ਵਿਕਾਸ ਵੀ ਉਸ ਦੀ ਮਾਂ ਦੀ ਸ਼ਖ਼ਸੀਅਤ ’ਤੇ ਨਿਰਭਰ ਕਰਦਾ ਹੈ। ਆਮ ਤੌਰ ’ਤੇ ਕੁਝ ਲੋਕ ਇਹ ਕਹਿ ਦਿੰਦੇ ਹਨ ਕਿ ਚੋਰ ਨੂੰ ਨਾ ਮਾਰੋ, ਚੋਰ ਦੀ ਮਾਂ ਨੂੰ ਮਾਰੋ ਪਰ ਕੋਈ ਵੀ ਮਾਂ ਨਹੀਂ ਚਾਹੁੰਦੀ ਕਿ ਉਸ ਦਾ ਪੁੱਤਰ ਚੋਰ ਬਣੇ। ਹਾਂ ਉਹ ਆਪਣੇ ਚੋਰ ਪੁੱਤਰ ਨੂੰ ਕਦੇ ਵੀ ਚੋਰ ਮੰਨਣ ਲਈ ਤਿਆਰ ਨਹੀਂ ਹੋਵੇਗੀ ਕਿਉਂਕਿ ਇੱਥੇ ਉਸ ਦੀ ਮਮਤਾ ਭਾਰੀ ਪੈ ਜਾਂਦੀ ਹੈ। ਮਾਂ ਅਤੇ ਮਮਤਾ ਦਾ ਸਿੱਧਾ ਸਬੰਧ ਹੈ।

ਅਹਿਸਾਸ

ਨਿੱਕਾ ਹੁੰਦਾ ਮੈਂ ਦੇਖਦਾ ਸੀ ਕਿ ਮੇਰੀ ਮਾਂ ਹਮੇਸ਼ਾ ਅਜਿਹੀਆਂ ਗੱਲਾਂ ਕਰਦੀ ਤੇ ਉਸ ਦੀ ਮਮਤਾ ਸਪੱਸ਼ਟ ਝਲਕਦੀ। ਮੈਂ ਕਈ ਵਾਰੀ ਸੋਚਦਾ ਇਹ ਕਿਹੋ ਜਿਹੀਆਂ ਗੱਲਾਂ ਕਰਦੀ ਹੈ ਪਰ ਹੁਣ ਅਹਿਸਾਸ ਹੁੰਦਾ ਹੈ ਕਿ ਉਹ ਸਾਰੀ ਉਸ ਦੀ ਮਮਤਾ ਹੀ ਸੀ। ਕਦੇ ਤਾਪ ਚੜ੍ਹ ਜਾਣਾ ਤਾਂ ਸਾਰੀ-ਸਾਰੀ ਰਾਤ ਮੱਥੇ ’ਤੇ ਗਿੱਲੀਆਂ ਪੱਟੀਆਂ ਰੱਖੀ ਜਾਣੀਆਂ ਤੇ ਅੱਖਾਂ ’ਚੋਂ ਹੰਝੂ ਕੇਰੀ ਜਾਣੇ। ਮੈਂ ਸੋਚਦਾ ਤਾਪ ਹੀ ਚੜ੍ਹਿਆ ਹੈ ਮਰਨ ਥੋੜ੍ਹਾ ਲੱਗਾ ਹਾਂ ਪਰ ਇਕ ਮਾਂ ਕਿਵੇਂ ਬਰਦਾਸ਼ਤ ਕਰਦੀ ਕਿ ਉਸ ਦੇ ਪੁੱਤ ਨੂੰ ਤਾਪ ਚੜ੍ਹਿਆ ਰਹੇ। ਉਹ ਹਰ ਇਕ ਨੂੰ ਦੱਸਦੀ ਮੁੰਡੇ ਨੂੰ ਪੰਜ ਭੱਠ ਤਾਪ ਚੜ੍ਹਿਆ ਹੈ ਭੋਰਾ ਸੁਰਤ ਨਹੀਂ ਕਰਦਾ। ਇਹ ਹੁੰਦੀ ਹੈ ਮਾਂ ਦੀ ਮਮਤਾ।



ਸਸਤੀਆਂ ਚੱਪਲਾਂ

ਮੇਰੀ ਮਾਂ ਕਈ ਵਾਰੀ ਗਲ਼ੀ ਵਿਚ ਵਿਕਣ ਆਈਆਂ ਸਸਤੀਆਂ ਚੱਪਲਾਂ ਖ਼ਰੀਦ ਲੈਂਦੀ। ਅਸੀ ਗੁੱਸੇ ਹੁੰਦੇ ਮਾਂ ਇਹ ਚੱਪਲਾ ਤੇਰੇ ਪਾਉਣ ਆਲੀਆਂ ਨਹੀਂ ਕਿਉਂ ਗਲ਼ੀ ਵਿਚ ਸਾਡੀ ਬੇਇੱਜ਼ਤੀ ਕਰਵਾਉਂਦੀ ਹੈ। ਮਾਂ ਚੁੱਪ ਰਹਿੰਦੀ ਤੇ ਸ਼ਾਮ ਨੂੰ ਉਹੀ ਚੱਪਲਾਂ ਕੰਮ ਵਾਲੀਆਂ ਸ਼ਿੰਦੋ, ਰਾਮਰੱਤੀ ਜਾਂ ਗੋਰਾਂ ਨੂੰ ਦੇ ਦਿੰਦੀ ਤੇ ਕਹਿੰਦੀ ਪੁੱਤ ਮੈਂ ਇਨ੍ਹਾਂ ਵਾਸਤੇ ਲਈਆਂ ਸਨ ਵਿਚਾਰੀਆਂ ਰੋਜ਼ ਨੰਗੇ ਪੈਰੀ ਕੰਮ ਕਰਦੀਆਂ ਹਨ ਤੇ ਕਈ ਵਾਰੀ ਮਾਂ ਆਪਣਾ ਪੁਰਾਣਾ ਸ਼ਾਲ, ਸਵੈਟਰ ਕੰਮ ਵਾਲੀਆਂ ਨੂੰ ਦੇ ਦਿੰਦੀ। ਤੇ ਸਾਨੂੰ ਹਮੇਸ਼ਾ ਗ਼ਰੀਬਾਂ ਦਾ ਭਲਾ ਕਰਨ ਦੀ ਨਸੀਅਤ ਦਿੰਦੀ। ਜੇ ਗਲ਼ੀ ਵਿਚ ਕੋਈ ਸਮਾਨ ਜਾਂ ਸ਼ਬਜ਼ੀ ਵੇਚਣ ਵਾਲੀ ਗ਼ਰੀਬ ਔਰਤ ਆਉਂਦੀ ਤਾਂ ਉਸ ਨੂੰ ਚਾਹ ਪਿਆਉਂਦੀ ਤੇ ਵੱਸ ਲੱਗਦਾ ਰੋਟੀ ਵੀ ਖਵਾਉਂਦੀ।

ਮਾਂ ਨੂੰ ਡਰ ਸੀ

ਸਾਡੀ ਮੱਝ ਦਾ ਕੱਟਾ ਕਾਫ਼ੀ ਵੱਡਾ ਹੋ ਗਿਆ। ਮੱਝ ਦੂਜੀ ਵਾਰ ਵੀ ਸੂ ਪਈ ਪਰ ਮੇਰੀ ਮਾਂ ਨੇ ਕੱਟਾ ਨਾ ਵੇਚਿਆ। ਲੋਕੀ ਹੱਸਿਆ ਕਰਨ ਬਈ ਸੇਠ ਹੁਣ ਕੱਟਾ ਪਾਲਣਗੇ। ਮੇਰੀ ਮਾਂ ਨੂੰ ਡਰ ਸੀ ਕਿ ਜੇ ਉਸ ਨੇ ਕੱਟਾ ਵੇਚ ਦਿੱਤਾ ਤਾਂ ਉਹ ਕਸਾਈ ਉਸ ਨੂੰ ਵੱਢ ਦੇਣਗੇ। ਲੋਕਾਂ ਦੇ ਬਹੁਤਾ ਕਹਿਣ ’ਤੇ ਮਾਂ ਨੇ ਕੱਟਾ ਵੀਹ ਰੁਪਿਆ ਦਾ ਵੇਚ ਦਿੱਤਾ ਤੇ ਨਾਲੇ ਰੋਈ ਜਾਵੇ।

ਮੇਰੀਆਂ ਗ਼ਲਤੀਆਂ

ਮੈਂ ਅਕਸਰ ਦੇਖਦਾ ਕਿ ਮਾਂ ਮੇਰੀਆਂ ਗ਼ਲਤੀਆਂ ਛਿਪਾਉਂਦੀ ਸੌ-ਸੌ ਝੂਠ ਬੋਲਦੀ। ਪਾਪਾ ਤੋਂ ਝਿੜਕਾਂ ਵੀ ਖਾ ਲੈਂਦੀ। ਹਰ ਵੇਲੇ ਮੈਨੂੰ ਪਾਪਾ ਦੇ ਗੁੱਸੇ ਤੋਂ ਬਚਾਉਂਦੀ ਸਾਰੇ ਇਲਜ਼ਾਮ ਆਪਣੇ ਸਿਰ ਲੈ ਲੈਂਦੀ ਹੈ ਪਰ ਮੈਨੂੰ ਤੱਤੀ ਵਾਅ ਨਾ ਲੱਗਣ ਦਿੰਦੀ। ਜਦੋਂ ਕਦੇ ਜੇਬ ਖ਼ਰਚੀ ਜਾ ਕਿਸੇ ਮੰਗ ਤੋਂ ਇਨਕਾਰੀ ਹੋ ਜਾਂਦੀ ਤਾਂ ਮਾਂ ਆਪਣੀ ਜ਼ਿੰਮੇਵਾਰੀ ’ਤੇ ਕਈ ਤਰ੍ਹਾਂ ਦੇ ਪਾਪੜ ਵੇਲ ਮੇਰੀ ਮੰਗ ਪੂਰੀ ਕਰਦੀ। ਹਮੇਸ਼ਾ ਵੱਡਿਆਂ ਦਾ ਸਤਿਕਾਰ ਕਰਨ ਤੇ ਛੋਟਿਆਂ ਨਾਲ ਪਿਆਰ ਕਰਨ ਦੀ ਨਸੀਹਤ ਦਿੰਦੀ। ਇਕ ਦਿਨ ਮੇਰੇ ਚਾਚੇ ਨੇ ਮੇਰੇ ਥੱਪੜ ਜੜ੍ਹ ਦਿੱਤਾ। ਮੇਰਾ ਕੋਈ ਕਸੂਰ ਨਹੀਂ ਸੀ। ਮੇਰੀ ਮਾਂ ਤੋਂ ਇਹ ਬਰਦਾਸ਼ਤ ਨਾ ਹੋਇਆ। ਉਸ ਨੇ ਚਾਚੇ ਨਾਲ ਖ਼ੂਬ ਲੜਾਈ ਕੀਤੀ ਤੇ ਉਸ ਨੂੰ ਉਸ ਦੀ ਗ਼ਲਤੀ ਦਾ ਅਹਿਸਾਸ ਕਰਵਾਕੇ ਦਮ ਲਿਆ। •

ਜਨਮਦਾਤੀ

ਮਾਂ ਨੂੰ ਰੱਬ ਦਾ ਦੂਜਾ ਰੂਪ ਕਿਹਾ ਗਿਆ ਹੈ ਪਰ ਮਾਂ ਤਾਂ ਰੱਬ ਤੋਂ ਵੀ ਉੱਚੀ ਤੇ ਵੱਡੀ ਹੁੰਦੀ ਹੈ। ਰੱਬ ਨਜ਼ਰ ਨਹੀਂ ਆਉਂਦਾ ਪਰ ਮਾਂ ਜਨਮ ਤੋਂ ਹੀ ਸਾਡੇ ਨਾਲ ਹੁੰਦੀ ਹੈ ਉਹ ਸਾਡੀ ਜਨਮਦਾਤੀ ਹੁੰਦੀ ਹੈ। ਫਿਰ ਰੱਬ ਜੋ ਸਿਰਫ਼ ਇਨਸਾਨ ਦੀ ਇਕ ਕਲਪਨਾ ਹੈ। ਉਸ ਦੀ ਹੋਂਦ ਬਾਰੇ ਵੀ ਕਈ ਵਾਰ ਖ਼ਦਸ਼ਾ ਪ੍ਰਗਟਾਇਆ ਜਾਂਦਾ ਹੈ। ਹਰ ਪ੍ਰਾਣੀ ਦੀ ਇਕ ਹੀ ਜਨਮਦਾਤੀ ਮਾਂ ਹੁੰਦੀ ਹੈ। ਜਿੱਥੇ ਮਾਂ ਹੁੰਦੀ ਹੈ ਉੱਥੇ ਮਮਤਾ ਵੀ ਹੁੰਦੀ ਹੈ। ਦੁਨਿਆ ਵਿਚ ਸਭ ਤੋਂ ਮਿੱਠੀ ਤੇ ਉੱਤਮ ਵਸਤੂ ਮਾਂ ਦੀ ਮਮਤਾ ਹੈ। ਜਿਸ ਦੀ ਕਦਰ ਕਰਨਾ ਮਨੁੱਖ ਦਾ ਫ਼ਰਜ਼ ਹੈ।

73077-36899

ਸੀ.ਆਈ.ਏ. ਸਟਾਫ਼ ਮਾਹੋਰਾਣਾ ਵੱਲੋਂ ਅੰਤਰ-ਜ਼ਿਲ੍ਹਾ ਸਨੈਚਿੰਗ ਗਿਰੋਹ ਦਾ ਪਰਦਾਫ਼ਾਸ਼; ਚਾਰ ਦੋਸ਼ੀ ਗ੍ਰਿਫ਼ਤਾਰ

➢ ਗਿਰੋਹ ਮਾਲੇਰਕੋਟਲਾ, ਲੁਧਿਆਣਾ ਅਤੇ ਤਰਨਤਾਰਨ ਵਿੱਚ ਔਰਤਾਂ ਨੂੰ ਨਿਸ਼ਾਨਾ ਬਣਾ ਕੇ ਸੋਨੇ ਦੇ ਗਹਿਣੇ ਖੋਹਦਾ ਸੀ ➢ ਖੋਹਿਆ ਸੋਨਾ ਖ਼ਰੀਦਣ ਵਾਲੇ ਦੋ ਸੁਨਿਆਰੇ ਮੁਕੱਦਮੇ ਵਿੱਚ ਨਾਮਜ਼ਦ ➢ ਸੋਨੇ ਦੇ ਗਹਿਣੇ, ਦੋ ਮੋਟਰਸਾਈਕਲ ਅਤੇ ਮੋਬਾਈਲ ਫ਼ੋਨ ਬਰਾਮਦ ➢ ਔਰਤਾਂ ਵਿਰੁੱਧ ਅਪਰਾਧਾਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ: ਐਸ.ਪੀ. (ਇਨਵੈਸਟੀਗੇਸ਼ਨ) ਭੁੱਲਰ

ਮਲੇਰਕੋਟਲਾ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਮਾਲੇਰਕੋਟਲਾ ਪੁਲਿਸ ਨੇ ਇੱਕ ਵੱਡੀ ਕਾਮਯਾਬੀ ਹਾਸਲ ਕੀਤੀ ਹੈ। ਪੁਲਿਸ ਨੇ ਔਰਤਾਂ ਨੂੰ ਨਿਸ਼ਾਨਾ ਬਣਾ ਕੇ ਉਨ੍ਹਾਂ ਦੇ ਸੋਨੇ ਦੇ ਗਹਿਣੇ ਖੋਹਣ ਵਾਲੇ ਇੱਕ ਅੰਤਰ-ਜ਼ਿਲ੍ਹਾ ਗਿਰੋਹ ਦਾ ਪਰਦਾਫ਼ਾਸ਼ ਕੀਤਾ ਹੈ। ਇਸ ਗਿਰੋਹ ਨੇ ਮਾਲੇਰਕੋਟਲਾ, ਲੁਧਿਆਣਾ ਅਤੇ ਤਰਨਤਾਰਨ ਵਿੱਚ ਘੱਟੋ-ਘੱਟ ਅੱਠ ਅਜਿਹੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ। ਚਾਰ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

ਗ੍ਰਿਫ਼ਤਾਰ ਦੋਸ਼ੀਆਂ ਦੀ ਪਛਾਣ ਸਾਮੂ ਵਾਸੀ ਵਾਰਡ ਨੰਬਰ 02, ਗਲੀ ਨਾਥਾਂ ਵਾਲੀ, ਰਾਮ ਚੰਦ ਕਲੋਨੀ, ਗੋਕਲਪੁਰ, ਜ਼ਿਲ੍ਹਾ ਤਰਨਤਾਰਨ; ਮੁਕੱਦਰਾ ਕੁਮਾਰ ਰਾਹੋ ਵਾਲੀ, ਜਲੰਧਰ; ਕਾਡਾ ਰਾਮ ਵਾਸੀ ਰਾਮ ਦੇਵ ਕਲੋਨੀ, ਮੁਹੱਲਾ ਗੋਕਲਪੁਰ, ਜ਼ਿਲ੍ਹਾ ਤਰਨਤਾਰਨ ਅਤੇ ਸੰਜੇ ਕੁਮਾਰ ਵਾਸੀ ਮੁਹੱਲਾ ਨੀਲ ਕੰਠ, ਨੇੜੇ ਟਾਂਡਾ ਬਾਈਪਾਸ, ਹੁਸ਼ਿਆਰਪੁਰ ਵਜੋਂ ਹੋਈ ਹੈ।

ਜਾਣਕਾਰੀ ਸਾਂਝੀ ਕਰਦਿਆਂ ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਰਮਨਦੀਪ ਸਿੰਘ ਭੁੱਲਰ ਨੇ ਦੱਸਿਆ ਕਿ ਸੀਨੀਅਰ ਕਪਤਾਨ ਪੁਲਿਸ (ਐਸ.ਐਸ.ਪੀ.) ਮਾਲੇਰਕੋਟਲਾ ਸ੍ਰੀ ਹਰਕਮਲਪ੍ਰੀਤ ਸਿੰਘ ਖੱਖ ਦੀ ਸਮੁੱਚੀ ਨਿਗਰਾਨੀ ਹੇਠ ਇਹ ਕਾਰਵਾਈ ਜ਼ਿਲ੍ਹੇ ਵਿੱਚ ਨਸ਼ਾ ਤਸਕਰਾਂ ਅਤੇ ਮਾੜੇ ਅਨਸਰਾਂ ਵਿਰੁੱਧ ਵਿੱਢੀ ਗਈ ਮੁਹਿੰਮ ਤਹਿਤ ਕੀਤੀ ਗਈ ਹੈ। ਇਸ ਕਾਰਵਾਈ ਨੂੰ ਇੰਚਾਰਜ ਸੀ.ਆਈ.ਏ. ਸਟਾਫ਼ ਮਾਹੋਰਾਣਾ ਇੰਸਪੈਕਟਰ ਹਰਜਿੰਦਰ ਸਿੰਘ ਦੀ ਅਗਵਾਈ ਵਾਲੀ ਟੀਮ ਨੇ ਅੰਜਾਮ ਦਿੱਤਾ।

ਟੀਮ ਨੇ ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਸ੍ਰੀ ਰਮਨਦੀਪ ਸਿੰਘ ਭੁੱਲਰ ਅਤੇ ਉਪ ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਸ੍ਰੀ ਦੀਪਵਿੰਦਰਪਾਲ ਸਿੰਘ ਦੀ ਨਿਗਰਾਨੀ ਹੇਠ ਕੰਮ ਕੀਤਾ।

ਮਿਤੀ 19.10.2026 ਨੂੰ ਸਹਾਇਕ ਥਾਣੇਦਾਰ ਲਖਵਿੰਦਰ ਸਿੰਘ ਦੀ ਅਗਵਾਈ ਹੇਠ ਪੁਲਿਸ ਪਾਰਟੀ ਇੱਕ ਮੁਕੱਦਮੇ ਦੀ ਤਫ਼ਤੀਸ਼ ਕਰ ਰਹੀ ਸੀ। ਇਹ ਮੁਕੱਦਮਾ ਮਿਤੀ 01.07.2026 ਨੂੰ ਥਾਣਾ ਸਿਟੀ-1 ਮਾਲੇਰਕੋਟਲਾ ਵਿਖੇ ਬੀ.ਐਨ.ਐਸ. ਦੀਆਂ ਧਾਰਾਵਾਂ 307, 126(2), 351(3), 191(3), 190 ਅਤੇ ਅਸਲਾ ਐਕਟ ਦੀਆਂ ਧਾਰਾਵਾਂ 25/54/59 ਤਹਿਤ ਦਰਜ ਹੈ। ਸ਼ੱਕੀ ਵਿਅਕਤੀਆਂ ਅਤੇ ਵਾਹਨਾਂ ਦੀ ਚੈਕਿੰਗ ਦੌਰਾਨ ਪੁਲਿਸ ਪਾਰਟੀ ਨੂੰ ਖ਼ਾਸ ਮੁਖ਼ਬਰੀ ਮਿਲੀ ਕਿ ਦੋਸ਼ੀ ਛਾਉਣੀ ਰੋਡ, ਮਾਲੇਰਕੋਟਲਾ ਸਥਿਤ ਮਸਜਿਦ ਨੇੜੇ ਰਾਤ ਠਹਿਰਨ ਦਾ ਪ੍ਰਬੰਧ ਕਰ ਰਹੇ ਹਨ।

ਜਦੋਂ ਪੁਲਿਸ ਪਾਰਟੀ ਮੌਕੇ 'ਤੇ ਪਹੁੰਚੀ ਤਾਂ ਚਾਰ ਨੌਜਵਾਨ ਪੁਲਿਸ ਦੀ ਗੱਡੀ ਦੇਖ ਕੇ ਭੱਜਣ ਲੱਗੇ। ਮੁੱਦਈ ਮੁਕੱਦਮਾ ਸ. ਦਾਰਾ ਸਿੰਘ ਨੇ ਉਨ੍ਹਾਂ ਦੀ ਸ਼ਨਾਖ਼ਤ ਕੀਤੀ। ਇਨ੍ਹਾਂ ਵਿੱਚੋਂ ਤਿੰਨ ਦੋਸ਼ੀਆਂ, ਸਾਮੂ, ਮੁਕੱਦਰਾ ਕੁਮਾਰ ਅਤੇ ਕਾਡਾ ਰਾਮ ਨੂੰ ਮੌਕੇ 'ਤੇ ਹੀ ਕਾਬੂ ਕਰ ਲਿਆ ਗਿਆ। ਚੌਥਾ ਦੋਸ਼ੀ, ਸੰਜੇ ਕੁਮਾਰ, ਭੱਜਣ ਵਿੱਚ ਸਫ਼ਲ ਹੋ ਗਿਆ।



ਪੁੱਛਗਿੱਛ ਦੌਰਾਨ ਦੋਸ਼ੀਆਂ ਨੇ ਅੱਠ ਵਾਰਦਾਤਾਂ ਕਬੂਲ ਕੀਤੀਆਂ। ਉਨ੍ਹਾਂ ਦੱਸਿਆ ਕਿ ਇਹ ਵਾਰਦਾਤਾਂ ਉਨ੍ਹਾਂ ਨੇ ਆਪਣੇ ਦੋ ਸਾਥੀਆਂ ਨਾਲ ਮਿਲ ਕੇ ਕੀਤੀਆਂ ਸਨ। ਇਹ ਸਾਥੀ ਲੰਬੂ ਬਾਬਾ ਵਾਸੀ ਮੁਹੱਲਾ ਮੁਰਾਦਪੁਰਾ, ਤਰਨਤਾਰਨ ਅਤੇ ਮਮਤਾ ਪਤਨੀ ਤੋਰਮੀ ਵਾਸੀ ਮੁਹੱਲਾ ਨੇੜੇ ਰੇਲਵੇ ਸਟੇਸ਼ਨ, ਤਰਨਤਾਰਨ ਹਨ।

ਮਾਲੇਰਕੋਟਲਾ ਵਿੱਚ ਗਿਰੋਹ ਨੇ ਚਾਰ ਵਾਰਦਾਤਾਂ ਕੀਤੀਆਂ। ਕਰੀਬ ਤਿੰਨ-ਚਾਰ ਮਹੀਨੇ ਪਹਿਲਾਂ ਉਨ੍ਹਾਂ ਨੇ ਲੁਧਿਆਣਾ ਰੋਡ 'ਤੇ ਨਰਸਰੀਆਂ ਨੇੜੇ ਇੱਕ ਔਰਤ ਤੋਂ ਕੰਨ ਦੀ ਵਾਲੀ ਖੋਹੀ। ਕਰੀਬ ਸੱਤ-ਅੱਠ ਮਹੀਨੇ ਪਹਿਲਾਂ ਲੁਧਿਆਣਾ ਬਾਈਪਾਸ ਨੇੜੇ ਉਨ੍ਹਾਂ ਨੇ ਪੈਦਲ ਜਾ ਰਹੀ ਇੱਕ ਔਰਤ ਨੂੰ ਗੱਲਾਂ ਵਿੱਚ ਉਲਝਾਇਆ ਅਤੇ ਧੋਖੇ ਨਾਲ ਉਸ ਦੀਆਂ ਵਾਲੀਆਂ ਲੈ ਲਈਆਂ। ਕਰੀਬ ਅੱਠ-ਨੌਂ ਮਹੀਨੇ ਪਹਿਲਾਂ ਉਨ੍ਹਾਂ ਨੇ ਸਰੌਦ ਰੋਡ 'ਤੇ ਇੱਕ ਔਰਤ ਤੋਂ ਇੱਕ ਵਾਲੀ ਅਤੇ ਇੱਕ ਮੁੰਦਰੀ ਖੋਹੀ। ਕਰੀਬ 20-25 ਦਿਨ ਪਹਿਲਾਂ ਉਨ੍ਹਾਂ ਨੇ ਰਟੋਲਾ ਰੋਡ 'ਤੇ ਇੱਕ ਔਰਤ ਅਤੇ ਇੱਕ ਵਿਅਕਤੀ ਨੂੰ ਰੋਕ ਕੇ ਉਨ੍ਹਾਂ ਦੀਆਂ ਵਾਲੀਆਂ ਖੋਹ ਲਈਆਂ।

ਗਿਰੋਹ ਨੇ ਮਾਲੇਰਕੋਟਲਾ ਤੋਂ ਬਾਹਰ ਵੀ ਵਾਰਦਾਤਾਂ ਕੀਤੀਆਂ। ਕਰੀਬ ਅੱਠ-ਨੌਂ ਮਹੀਨੇ ਪਹਿਲਾਂ ਉਨ੍ਹਾਂ ਨੇ ਦਾਣਾ ਮੰਡੀ ਨੇੜੇ ਸਬਜ਼ੀ ਮੰਡੀ, ਜਲੰਧਰ ਬਾਈਪਾਸ, ਲੁਧਿਆਣਾ ਵਿਖੇ ਇੱਕ ਬਜ਼ੁਰਗ ਔਰਤ ਤੋਂ ਵਾਲੀਆਂ ਖੋਹੀਆਂ। ਉਨ੍ਹਾਂ ਨੇ ਖਡੂਰ ਸਾਹਿਬ ਵਿਖੇ ਵੀ ਇੱਕ ਬਜ਼ੁਰਗ ਔਰਤ ਤੋਂ ਇੱਕ ਵਾਲੀ ਖੋਹੀ। ਕਰੀਬ ਸੱਤ-ਅੱਠ ਮਹੀਨੇ ਪਹਿਲਾਂ ਉਨ੍ਹਾਂ ਨੇ ਕਚਹਿਰੀ ਰੋਡ/ਜੰਡਿਆਲਾ ਰੋਡ 'ਤੇ ਇੱਕ ਔਰਤ ਤੋਂ ਟੌਪਸ ਖੋਹੇ। ਕਰੀਬ ਇੱਕ ਸਾਲ ਪਹਿਲਾਂ ਉਨ੍ਹਾਂ ਨੇ ਪੱਟੀ ਸ਼ਹਿਰ ਵਿੱਚ ਖੇਮਕਰਨ ਬਾਈਪਾਸ 'ਤੇ ਇੱਕ ਔਰਤ ਤੋਂ ਇੱਕ ਵਾਲੀ ਖੋਹੀ।

ਗਿਰੋਹ ਦੇ ਮੈਂਬਰ ਤਰਨਤਾਰਨ ਅਤੇ ਹੋਰ ਜ਼ਿਲ੍ਹਿਆਂ ਤੋਂ ਮੋਟਰਸਾਈਕਲਾਂ 'ਤੇ ਆਉਂਦੇ ਸਨ। ਪਛਾਣ ਤੋਂ ਬਚਣ ਲਈ ਉਹ ਹੋਟਲਾਂ ਵਿੱਚ ਨਹੀਂ ਠਹਿਰਦੇ ਸਨ। ਇਸ ਦੀ ਬਜਾਏ ਉਹ ਜਨਤਕ ਥਾਵਾਂ, ਜਿਵੇਂ ਧਾਰਮਿਕ ਸਥਾਨਾਂ ਦੇ ਨੇੜੇ, ਰਾਤਾਂ ਕੱਟਦੇ ਸਨ। ਉਹ ਆਮ ਤੌਰ 'ਤੇ ਭੀੜ-ਭਾੜ ਵਾਲੀਆਂ ਸੜਕਾਂ ਅਤੇ ਬਾਈਪਾਸਾਂ ਨੇੜੇ ਇਕੱਲੀਆਂ ਜਾ ਰਹੀਆਂ ਔਰਤਾਂ, ਖ਼ਾਸ ਕਰਕੇ ਬਜ਼ੁਰਗ ਔਰਤਾਂ, ਨੂੰ ਨਿਸ਼ਾਨਾ ਬਣਾਉਂਦੇ ਸਨ। ਪਹਿਲਾਂ ਉਹ ਪੀੜਤ ਔਰਤ ਨੂੰ ਗੱਲਾਂ ਵਿੱਚ ਉਲਝਾ ਕੇ ਉਸ ਦਾ ਧਿਆਨ ਭਟਕਾਉਂਦੇ ਸਨ। ਫਿਰ ਕਦੇ ਧੋਖੇ ਨਾਲ ਅਤੇ ਕਦੇ ਝਪਟ ਮਾਰ ਕੇ ਉਸ ਦੀਆਂ ਸੋਨੇ ਦੀਆਂ ਵਾਲੀਆਂ, ਟੌਪਸ ਜਾਂ ਮੁੰਦਰੀਆਂ ਲਾਹ ਲੈਂਦੇ ਸਨ। ਪਲਾਂ ਵਿੱਚ ਹੀ ਉਹ ਮੋਟਰਸਾਈਕਲਾਂ 'ਤੇ ਫ਼ਰਾਰ ਹੋ ਜਾਂਦੇ ਸਨ। ਖੋਹਿਆ ਸੋਨਾ ਬਾਅਦ ਵਿੱਚ ਤਰਨਤਾਰਨ ਦੇ ਸੁਨਿਆਰਿਆਂ ਨੂੰ ਵੇਚ ਦਿੱਤਾ ਜਾਂਦਾ ਸੀ, ਜਿਸ ਕਾਰਨ ਇਸ ਦਾ ਪਤਾ ਲਗਾਉਣਾ ਔਖਾ ਹੋ ਜਾਂਦਾ ਸੀ। ਤਿੰਨੇ ਗ੍ਰਿਫ਼ਤਾਰ ਦੋਸ਼ੀਆਂ ਨੂੰ ਮਾਣਯੋਗ ਮਿਸ ਕਾਜਲ, ਜੇ.ਐਮ.ਆਈ.ਸੀ. (ਡਿਊਟੀ ਮੈਜਿਸਟ੍ਰੇਟ), ਮਾਲੇਰਕੋਟਲਾ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਅਦਾਲਤ ਤੋਂ ਤਿੰਨ ਦਿਨ ਦਾ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ। ਮਿਤੀ 21.10.2026 ਨੂੰ ਰਿਮਾਂਡ ਦੌਰਾਨ ਦੋਸ਼ੀ ਕਾਡਾ ਰਾਮ ਦੀ ਨਿਸ਼ਾਨਦੇਹੀ 'ਤੇ ਸੰਜੇ ਕੁਮਾਰ ਨੂੰ ਗ੍ਰਿਫ਼ਤਾਰ ਕੀਤਾ ਗਿਆ। ਉਸ ਸਮੇਂ ਵਾਰਦਾਤਾਂ ਵਿੱਚ ਵਰਤਿਆ ਮੋਟਰਸਾਈਕਲ ਨੰਬਰ P2-46-AP-1223 ਵੀ ਬਰਾਮਦ ਕੀਤਾ ਗਿਆ।

ਹੋਰ ਪੁੱਛਗਿੱਛ ਦੌਰਾਨ ਦੋਸ਼ੀਆਂ ਨੇ ਖ਼ੁਲਾਸਾ ਕੀਤਾ ਕਿ ਉਨ੍ਹਾਂ ਨੇ ਖੋਹੇ ਗਏ ਸੋਨੇ ਦੇ ਗਹਿਣੇ ਦੋ ਭਰਾਵਾਂ ਨੂੰ ਵੇਚੇ ਸਨ। ਇਹ ਭਰਾ ਰਾਜਵਿੰਦਰ ਸਿੰਘ ਉਰਫ਼ ਰਾਜਨ ਅਤੇ ਹਰਪ੍ਰੀਤ ਸਿੰਘ ਉਰਫ਼ ਭੋਲੂ ਹਨ। ਦੋਵੇਂ ਮਾਸਟਰ ਕਲੋਨੀ, ਮੁਰਾਦਪੁਰਾ, ਤਰਨਤਾਰਨ ਦੇ ਵਾਸੀ ਹਨ ਅਤੇ ਤਰਨਤਾਰਨ ਵਿੱਚ ਸੁਨਿਆਰੇ ਦੀ ਦੁਕਾਨ ਲਾਉਂਦੇ ਹਨ। ਦੋਵਾਂ ਨੂੰ ਮੁਕੱਦਮੇ ਵਿੱਚ ਨਾਮਜ਼ਦ ਕਰ ਲਿਆ ਗਿਆ ਹੈ। ਪੁਲਿਸ ਨੇ ਇੱਕ ਕਾਲੇ ਰੰਗ ਦਾ ਪਲਸਰ ਮੋਟਰਸਾਈਕਲ ਸਮੇਤ ਵਨਪਲੱਸ ਮੋਬਾਈਲ ਫ਼ੋਨ, ਮੋਟਰਸਾਈਕਲ ਨੰਬਰ P2-46-1P-1223, ਇੱਕ ਸੋਨੇ ਦੀ ਅੰਗੂਠੀ, ਇੱਕ ਸੋਨੇ ਦੀ ਨੱਥੀ ਅਤੇ ਇੱਕ ਜੋੜਾ ਸੋਨੇ ਦੀਆਂ ਵਾਲੀਆਂ ਬਰਾਮਦ ਕੀਤੀਆਂ ਹਨ। ਦੋਸ਼ੀਆਂ ਤੋਂ ਡੂੰਘਾਈ ਨਾਲ ਪੁੱਛਗਿੱਛ ਜਾਰੀ ਹੈ ਅਤੇ ਹੋਰ ਬਰਾਮਦਗੀ ਹੋਣ ਦੀ ਸੰਭਾਵਨਾ ਹੈ। ਐਸ.ਪੀ. (ਇਨਵੈਸਟੀਗੇਸ਼ਨ) ਭੁੱਲਰ ਨੇ ਕਿਹਾ ਕਿ ਔਰਤਾਂ ਦੀ ਸੁਰੱਖਿਆ ਅਤੇ ਮਾਣ-ਸਨਮਾਨ ਮਾਲੇਰਕੋਟਲਾ ਪੁਲਿਸ ਦੀ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਅਜਿਹੇ ਅਪਰਾਧ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਜਾਣ-ਬੁੱਝ ਕੇ ਚੋਰੀ ਦਾ ਸੋਨਾ ਖ਼ਰੀਦਣ ਵਾਲਿਆਂ ਵਿਰੁੱਧ ਵੀ ਅਜਿਹੀ ਹੀ ਕਾਰਵਾਈ ਹੋਵੇਗੀ।

ਚੰਡੀਗੜ੍ਹ ਪ੍ਰਸ਼ਾਸਨ ਦੇ ਇੰਜਨੀਅਰਿੰਗ ਵਿਭਾਗ ਨੇ ਸਤਰਕਤਾ ਜਾਗਰੂਕਤਾ ਸਪਤਾਹ ਦੇ ਤਹਿਤ ਸਤਿਆਨਿਸ਼ਠਾ ਦੀ ਸਹੁੰ ਚੁੱਕੀ;



ਚੰਡੀਗੜ੍ਹ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਚੰਡੀਗੜ੍ਹ ਪ੍ਰਸ਼ਾਸਨ ਦੇ ਇੰਜੀਨੀਅਰਿੰਗ ਵਿਭਾਗ ਦੁਆਰਾ ਸਤਰਕਤਾ ਜਾਗਰੂਕਤਾ ਸਪਤਾਹ 2026 ਦੇ ਤਹਿਤ ਅੱਜ 'ਸਮ੍ਰਿੱਧੀ ਲਈ ਸਤਿਆਨਿਸ਼ਠਾ' ਵਿਸ਼ੇ 'ਤੇ ਸਹੁੰ ਚੁੱਕ ਸਮਾਰੋਹ ਆਯੋਜਿਤ ਕੀਤਾ ਗਿਆ।

ਇਸ ਅਵਸਰ 'ਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਚੀਫ਼ ਇੰਜੀਨੀਅਰ, ਸ਼੍ਰੀ ਸੀ.ਬੀ.ਓਝਾ ਨੇ ਇੰਜਨੀਅਰਿੰਗ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਤਿਆਨਿਸ਼ਠਾ ਦੀ ਸਹੁੰ ਚੁਕਾਈ। ਸਾਰੇ ਪ੍ਰਤੀਭਾਗੀਆਂ ਨੇ ਆਪਣੀਆਂ ਅਧਿਕਾਰਿਤ ਜ਼ਿੰਮੇਵਾਰੀਆਂ ਨਿਭਾਉਣ ਵਿੱਚ ਇਮਾਨਦਾਰੀ, ਸਤਿਆਨਿਸ਼ਠਾ, ਪਾਰਦਰਸ਼ਤਾ ਅਤੇ ਜਵਾਬਦੇਹੀ ਦੇ ਉੱਚਤਮ ਮਿਆਰਾਂ ਦਾ ਪਾਲਨ ਕਰਨ ਦਾ ਸੰਕਲਪ ਲਿਆ।

ਇਸ ਅਵਸਰ 'ਤੇ ਸ਼੍ਰੀ ਸੀ. ਬੀ.ਓਝਾ ਨੇ ਲੋਕ ਸੇਵਾ ਵਿੱਚ ਨੈਤਿਕ ਆਚਰਣ, ਪਾਰਦਰਸ਼ਤਾ ਅਤੇ ਜਵਾਬਦੇਹੀ ਦੇ ਮਹੱਤਵ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਆਪਣੇ ਕਰਤੱਵਾਂ ਦਾ ਨਿਰਬਾਹ ਪੂਰੀ ਨਿਸ਼ਠਾ ਅਤੇ ਇਮਾਨਦਾਰੀ ਨਾਲ ਕਰਨ ਅਤੇ ਜਨਕਲਿਆਣ ਲਈ ਜਨਤਕ ਸੰਸਾਧਨਾਂ ਦਾ ਕੁਸ਼ਲ, ਪਾਰਦਰਸ਼ੀ ਅਤੇ ਜ਼ਿੰਮੇਦਾਰੀਪੂਰਨ ਉਪਯੋਗ ਸੁਨਿਸ਼ਚਿਤ ਕਰਨ ਦਾ ਸੱਦਾ ਦਿੱਤਾ।

ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਭ੍ਰਿਸ਼ਟਾਚਾਰ ਦੀ ਰੋਕਥਾਮ, ਸੁਸ਼ਾਸਨ ਨੂੰ ਹੁਲਾਰਾ ਦੇਣ ਅਤੇ ਸਰਕਾਰੀ ਕਾਰਜਪ੍ਰਣਾਲੀ ਵਿੱਚ ਇਮਾਨਦਾਰੀ ਅਤੇ ਨਿਰਪੱਖਤਾ ਦੇ ਜ਼ਰੀਏ ਜਨਤਾ ਦਾ ਵਿਸ਼ਵਾਸ ਹੋਰ ਅਧਿਕ ਮਜ਼ਬੂਤ ??ਕਰਨ ਪ੍ਰਤੀ ਆਪਣੀ ਸਮੂਹਿਕ ਪ੍ਰਤੀਬੱਧਤਾ ਦੁਹਰਾਈ।

ਇੰਜਨੀਅਰਿੰਗ ਵਿਭਾਗ ਨੇ ਸਤਰਕਤਾ ਜਾਗਰੂਕਤਾ ਸਪਤਾਹ ਦੇ ਵਿਸ਼ੇ 'ਸਮ੍ਰਿੱਧੀ ਲਈ ਸਤਿਆਨਿਸ਼ਠਾ' ਦੀ ਭਾਵਨਾ ਦੇ ਅਨੁਰੂਪ ਸਾਰੇ ਪੱਧਰਾਂ 'ਤੇ ਇਮਾਨਦਾਰੀ, ਜਵਾਬਦੇਹੀ ਅਤੇ ਨੈਤਿਕ ਕਾਰਜਪ੍ਰਣਾਲੀ ਦੇ ਸੱਭਿਆਚਾਰ ਨੂੰ ਮਜ਼ਬੂਤ ਕਰਨ ਦਾ ਆਪਣਾ ਸੰਕਲਪ ਦੁਹਰਾਇਆ।

ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਭੱਠਾ ਸਾਹਿਬ ਖੇਤਰ ਦੇ ਸ਼ਰਧਾਲੂਆਂ ਦੀ ਬੱਸ ਰਵਾਨਾ



ਰੂਪਨਗਰ, 2 ਨਵੰਬਰ-ਸੰਦੀਪ ਜੋਸ਼ੀ-
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਭੱਠਾ ਸਾਹਿਬ ਖੇਤਰ ਦੇ ਵੱਖ-ਵੱਖ ਵਸਨੀਕਾਂ ਨੂੰ ਤੀਰਥ ਯਾਤਰਾ ਕਰਵਾਉਣ ਲਈ ਬੱਸ ਰਵਾਨਾ ਕੀਤੀ ਗਈ। ਇਸ ਮੌਕੇ ਹਲਕਾ ਵਿਧਾਇਕ ਦਿਨੇਸ਼ ਚੱਢਾ ਨੇ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।

ਇਸ ਦੌਰਾਨ ਵਿਧਾਇਕ ਦਿਨੇਸ਼ ਚੱਢਾ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਦਾ ਮੁੱਖ ਮਕਸਦ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਪ੍ਰਦਾਨ ਕਰਨਾ ਹੈ, ਤਾਂ ਜੋ ਉਹ ਬਿਨਾਂ ਕਿਸੇ ਆਰਥਿਕ ਬੋਝ ਦੇ ਆਪਣੀ ਸ਼ਰਧਾ ਅਨੁਸਾਰ ਤੀਰਥ ਯਾਤਰਾ ਕਰ ਸਕਣ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਲੋਕ ਆਰਥਿਕ ਜਾਂ ਹੋਰ ਕਾਰਨਾਂ ਕਰਕੇ ਦੂਰ-ਦੁਰਾਡੇ ਸਥਿਤ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਤੋਂ ਵਾਂਝੇ ਰਹਿ ਜਾਂਦੇ ਹਨ। ਅਜਿਹੇ ਲੋਕਾਂ ਲਈ ਇਹ ਸਕੀਮ ਲਾਹੇਵੰਦ ਸਾਬਤ ਹੋ ਰਹੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਵੱਖ-ਵੱਖ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ ਅਤੇ ਤੀਰਥ ਯਾਤਰਾ ਸਕੀਮ ਵੀ ਇਸੇ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਉਪਰਾਲਾ ਹੈ। ਇਸ ਨਾਲ ਸ਼ਰਧਾਲੂਆਂ ਨੂੰ ਧਾਰਮਿਕ ਯਾਤਰਾ ਦੀ ਸਹੂਲਤ ਮਿਲਣ ਦੇ ਨਾਲ-ਨਾਲ ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਵੀ ਸਨਮਾਨ ਮਿਲਦਾ ਹੈ। ਇਸ ਮੌਕੇ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਵਿੱਚ ਉਤਸ਼ਾਹ ਦੇਖਣ ਨੂੰ ਮਿਲਿਆ। ਉਨ੍ਹਾਂ ਨੇ ਇਸ ਸਹੂਲਤ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਬੱਸ ਦੀ ਰਵਾਨਗੀ ਮੌਕੇ ਇਲਾਕੇ ਦੇ ਲੋਕ ਵੀ ਮੌਜੂਦ ਸਨ।

ਸਿਵਲ ਹਸਪਤਾਲ ਸੰਗਰੂਰ ਦੇ ਬੰਦ ਗੇਟ ਕਦੋਂ ਖੁੱਲ੍ਹਣਗੇ ? ਕੈਂਸਰ ਹਸਪਤਾਲ ਦਾ ਮੁੱਖ ਦਰਵਾਜ਼ਾ ਬੰਦ ਹੋਣ ਕਾਰਨ ਮਰੀਜ਼ ਪ੍ਰੇਸ਼ਾਨ : ਖਾਲਸਾ

ਕੈਂਸਰ ਦੇ ਮਰੀਜ਼ਾਂ ਨੂੰ ਹਸਪਤਾਲ ਆਉਣ-ਜਾਣ ਵਿੱਚ ਹੋ ਰਹੀ ਦਿੱਕਤ; ਸਾਈਕਲ ਸਟੈਂਡ ਦੇ ਠੇਕੇਦਾਰ ਨੂੰ ਫਾਇਦਾ ਪਹੁੰਚਾਉਣ ਦੇ ਲੱਗੇ ਦੋਸ਼, ਡੀਸੀ ਅਤੇ ਸਿਹਤ ਵਿਭਾਗ ਤੋਂ ਤੁਰੰਤ ਦਖ਼ਲ ਦੀ ਮੰਗ : ਕੇਹਰ ਸਿੰਘ

ਸੰਗਰੂਰ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸੰਗਰੂਰ ਦੇ ਸਿਵਲ ਹਸਪਤਾਲ ਦੇ ਕੁਝ ਮੁੱਖ ਗੇਟ ਬੰਦ ਹੋਣ ਦਾ ਮਾਮਲਾ ਹੁਣ ਗੰਭੀਰ ਸਵਾਲ ਖੜ੍ਹੇ ਕਰਨ ਲੱਗਾ ਹੈ। ਖ਼ਾਸ ਤੌਰ 'ਤੇ ਕੈਂਸਰ ਹਸਪਤਾਲ ਦਾ ਮੁੱਖ ਦਰਵਾਜ਼ਾ ਬੰਦ ਹੋਣ ਕਾਰਨ ਇਲਾਜ ਲਈ ਆਉਣ ਵਾਲੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮਾਮਲੇ ਨੂੰ ਲੈ ਕੇ ਪੰਜਾਬ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਦੀ ਕਾਰਜਪ੍ਰਣਾਲੀ 'ਤੇ ਸਵਾਲ ਉੱਠ ਰਹੇ ਹਨ। ਲੋਕਾਂ ਦੀ ਮੰਗ ਹੈ ਕਿ ਪ੍ਰਸ਼ਾਸਨ ਸਪੱਸ਼ਟ ਕਰੇ ਕਿ ਹਸਪਤਾਲ ਦੇ ਗੇਟ ਆਖ਼ਰ ਕਿਸ ਕਾਰਨ ਬੰਦ ਰੱਖੇ ਗਏ ਹਨ ਅਤੇ ਇਨ੍ਹਾਂ ਨੂੰ ਖੋਲ੍ਹਣ ਲਈ ਹੁਣ ਤੱਕ ਕੀ ਕਦਮ ਚੁੱਕੇ ਗਏ ਹਨ।

ਮਰੀਜ਼ਾਂ ਨੂੰ ਸਿਹਤ ਸਹੂਲਤਾਂ ਦੇਣ ਲਈ ਬਣਾਏ ਗਏ ਹਸਪਤਾਲ ਵਿੱਚ ਜੇਕਰ ਐਂਬੂਲੈਂਸ ਦਾਖ਼ਲ ਹੋਣ ਅਤੇ ਬਾਹਰ ਨਿਕਲਣ ਦੇ ਰਸਤੇ ਹੀ ਬੰਦ ਕਰ ਦਿੱਤੇ ਜਾਣ, ਤਾਂ ਇਸ ਦਾ ਸਿੱਧਾ ਅਸਰ ਇਲਾਜ ਲਈ ਆਉਣ ਵਾਲੇ ਲੋਕਾਂ 'ਤੇ ਪੈਂਦਾ ਹੈ। ਕੈਂਸਰ ਵਰਗੀ ਗੰਭੀਰ ਬਿਮਾਰੀ ਨਾਲ ਜੂਝ ਰਹੇ ਮਰੀਜ਼ਾਂ ਲਈ ਹਸਪਤਾਲ ਤੱਕ ਪਹੁੰਚਣਾ ਪਹਿਲਾਂ ਹੀ ਕਿਸੇ ਚੁਣੌਤੀ ਤੋਂ ਘੱਟ ਨਹੀਂ ਹੁੰਦਾ। ਅਜਿਹੇ ਵਿੱਚ ਮੁੱਖ ਦਰਵਾਜ਼ਾ ਬੰਦ ਹੋਣ ਕਾਰਨ ਜੇਕਰ ਉਨ੍ਹਾਂ ਨੂੰ ਵਾਧੂ ਦੂਰੀ ਤੈਅ ਕਰਨੀ ਪਵੇ ਜਾਂ ਦੂਜੇ ਰਸਤੇ ਰਾਹੀਂ ਹਸਪਤਾਲ ਪਹੁੰਚਣਾ ਪਵੇ, ਤਾਂ ਉਨ੍ਹਾਂ ਦੀਆਂ ਮੁਸ਼ਕਲਾਂ ਹੋਰ ਵਧ ਜਾਂਦੀਆਂ ਹਨ।

ਇਸ ਮਾਮਲੇ ਸਬੰਧੀ ਫਰੀਡਮ ਫਾਇਟਰ, ਉਤਰਾਧਿਕਾਰੀ ਸੰਸਥਾਂ ਰਜਿ 196 ਪੰਜਾਬ ਦੇ ਸਰਪ੍ਰਸਤ ਹਰਿੰਦਰ ਪਾਲ ਸਿੰਘ ਖਾਲਸਾ ਨੇ ਪ੍ਰਸ਼ਾਸਨ ਤੋਂ ਸਵਾਲ ਕੀਤਾ ਹੈ ਕਿ ਸਿਵਲ ਹਸਪਤਾਲ ਦੇ ਗੇਟ ਬੰਦ ਰੱਖਣ ਪਿੱਛੇ ਆਖ਼ਰ ਕੀ ਕਾਰਨ ਹਨ ? ਉਨ੍ਹਾਂ ਮੰਗ ਕੀਤੀ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਸਬੰਧਤ ਅਧਿਕਾਰੀ ਤੁਰੰਤ ਕਾਰਵਾਈ ਕਰਨ ਅਤੇ ਗੇਟ ਖੋਲ੍ਹਣ ਲਈ ਸਮਾਂ-ਸੀਮਾ ਤੈਅ ਕੀਤੀ ਜਾਵੇ ਖਾਲਸਾ ਨੇ ਸਵਾਲ ਉਠਾਇਆ ਕਿ ਕੀ ਸਿਵਲ ਹਸਪਤਾਲ ਸੰਗਰੂਰ ਦੇ ਮੁੱਖ ਗੇਟ ਬੰਦ ਰੱਖਣ ਸਬੰਧੀ ਕੋਈ ਲਿਖਤੀ ਹੁਕਮ ਜਾਰੀ ਕੀਤਾ ਗਿਆ ਹੈ ? ਜੇਕਰ ਅਜਿਹਾ ਕੋਈ ਹੁਕਮ ਹੈ, ਤਾਂ ਇਸ ਨੂੰ ਜਾਰੀ ਕਰਨ ਦਾ ਆਧਾਰ ਕੀ ਹੈ ਅਤੇ ਕੀ ਇਹ ਫ਼ੈਸਲਾ ਲੈਂਦੇ ਸਮੇਂ ਮਰੀਜ਼ਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਿਆ ਗਿਆ ਸੀ ?

ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨੂੰ ਇਨ੍ਹਾਂ ਸਵਾਲਾਂ ਦਾ ਸਪੱਸ਼ਟ ਜਵਾਬ ਦੇਣਾ ਚਾਹੀਦਾ ਹੈ। ਹਸਪਤਾਲ ਆਉਣ ਵਾਲੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਇਹ ਜਾਣਨ ਦਾ ਅਧਿਕਾਰ ਹੈ ਕਿ ਉਨ੍ਹਾਂ ਲਈ ਨਿਰਧਾਰਤ ਰਸਤੇ ਬੰਦ ਕਿਉਂ ਕੀਤੇ ਗਏ ਹਨ। ਜੇਕਰ ਗੇਟ ਬੰਦ ਰੱਖਣ ਪਿੱਛੇ ਕੋਈ ਪ੍ਰਸ਼ਾਸਨਿਕ, ਸੁਰੱਖਿਆ ਜਾਂ ਤਕਨੀਕੀ ਕਾਰਨ ਹੈ, ਤਾਂ ਉਸ ਦੀ ਜਾਣਕਾਰੀ ਜਨਤਕ ਕੀਤੀ ਜਾਣੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬੇਯਕੀਨੀ ਵਿੱਚ ਰੱਖਣ ਦੀ ਬਜਾਏ ਪ੍ਰਸ਼ਾਸਨ ਇਹ ਦੱਸੇ ਕਿ ਗੇਟ ਖੋਲ੍ਹਣ ਵਿੱਚ ਕਿਹੜੀਆਂ ਰੁਕਾਵਟਾਂ ਹਨ ਅਤੇ ਇਸ ਸਮੱਸਿਆ ਦਾ ਸਥਾਈ ਹੱਲ ਕਦੋਂ ਤੱਕ ਕੀਤਾ ਜਾਵੇਗਾ। ਸਿਰਫ਼ ਭਰੋਸੇ ਦੇਣ ਨਾਲ ਮਰੀਜ਼ਾਂ ਦੀਆਂ ਮੁਸ਼ਕਲਾਂ ਦੂਰ ਨਹੀਂ ਹੋਣਗੀਆਂ, ਸਗੋਂ ਇਸ ਲਈ ਜ਼ਮੀਨੀ ਪੱਧਰ 'ਤੇ ਠੋਸ ਕਦਮ ਚੁੱਕਣ ਦੀ ਲੋੜ ਹੈ।



ਕੈਂਸਰ ਦੇ ਮਰੀਜ਼ਾਂ ਦੀ ਪ੍ਰੇਸ਼ਾਨੀ ਨੂੰ ਅਣਗੌਲਿਆ ਕਰਨਾ ਗ਼ਲਤ

ਕੈਂਸਰ ਹਸਪਤਾਲ ਵਿੱਚ ਇਲਾਜ ਕਰਵਾਉਣ ਲਈ ਆਉਣ ਵਾਲੇ ਬਹੁਤ ਸਾਰੇ ਮਰੀਜ਼ ਸਰੀਰਕ ਤੌਰ 'ਤੇ ਕਮਜ਼ੋਰ ਹੁੰਦੇ ਹਨ। ਕਈ ਮਰੀਜ਼ਾਂ ਨੂੰ ਤੁਰਨ-ਫਿਰਨ ਵਿੱਚ ਵੀ ਮੁਸ਼ਕਲ ਆਉਂਦੀ ਹੈ, ਜਦਕਿ ਬਹੁਤ ਸਾਰੇ ਮਰੀਜ਼ਾਂ ਨੂੰ ਨਿਯਮਤ ਜਾਂਚ ਅਤੇ ਇਲਾਜ ਲਈ ਵਾਰ-ਵਾਰ ਹਸਪਤਾਲ ਆਉਣਾ ਪੈਂਦਾ ਹੈ। ਅਜਿਹੇ ਵਿੱਚ ਹਸਪਤਾਲ ਦਾ ਮੁੱਖ ਦਰਵਾਜ਼ਾ ਬੰਦ ਹੋਣ ਕਾਰਨ ਜੇਕਰ ਉਨ੍ਹਾਂ ਨੂੰ ਵਾਧੂ ਦੂਰੀ ਤੈਅ ਕਰਨੀ ਪਵੇ, ਤਾਂ ਇਹ ਉਨ੍ਹਾਂ ਲਈ ਬੇਲੋੜੀ ਮੁਸ਼ਕਲ ਦਾ ਕਾਰਨ ਬਣ ਸਕਦਾ ਹੈ। ਸਿਹਤ ਸੰਸਥਾਵਾਂ ਵਿੱਚ ਪ੍ਰਬੰਧ ਮਰੀਜ਼ਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਕੀਤੇ ਜਾਣੇ ਚਾਹੀਦੇ ਹਨ। ਬਜ਼ੁਰਗਾਂ, ਦਿਵਿਆਂਗ ਵਿਅਕਤੀਆਂ ਅਤੇ ਗੰਭੀਰ ਬਿਮਾਰੀਆਂ ਨਾਲ ਜੂਝ ਰਹੇ ਮਰੀਜ਼ਾਂ ਲਈ ਹਸਪਤਾਲ ਤੱਕ ਪਹੁੰਚਣ ਦੀ ਵਿਵਸਥਾ ਆਸਾਨ ਹੋਣੀ ਚਾਹੀਦੀ ਹੈ।

ਸਾਈਕਲ ਸਟੈਂਡ ਦੇ ਠੇਕੇਦਾਰ ਨੂੰ ਫਾਇਦਾ ਪਹੁੰਚਾਉਣ ਦੇ ਦੋਸ਼

ਸਮਾਜ ਸੇਵੀ ਸਿਖ ਆਗੂ ਸ ਕੇਹਰ ਸਿੰਘ ਨੇ ਇਸ ਮਾਮਲੇ ਵਿੱਚ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਹਸਪਤਾਲ ਦੇ ਗੇਟ ਬੰਦ ਰੱਖਣ ਦੀ ਵਿਵਸਥਾ ਨਾਲ ਸਾਈਕਲ ਸਟੈਂਡ ਦੇ ਠੇਕੇਦਾਰ ਨੂੰ ਫਾਇਦਾ ਪਹੁੰਚ ਰਿਹਾ ਹੈ। ਉਨ੍ਹਾਂ ਅਨੁਸਾਰ, ਕੈਂਸਰ ਹਸਪਤਾਲ ਵਿੱਚ ਆਉਣ ਵਾਲੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਾਈਕਲ ਸਟੈਂਡ ਦੀ ਫ਼ੀਸ ਤੋਂ ਛੋਟ ਹੈ, ਪਰ ਦੂਜਾ ਗੇਟ ਬੰਦ ਹੋਣ ਕਾਰਨ ਉਨ੍ਹਾਂ ਨੂੰ ਮਜਬੂਰਨ ਮੁੱਖ ਗੇਟ ਰਾਹੀਂ ਅੰਦਰ ਆਉਣਾ ਪੈਂਦਾ ਹੈ।

ਉਨ੍ਹਾਂ ਦੋਸ਼ ਲਾਇਆ ਕਿ ਇਸ ਸਥਿਤੀ ਵਿੱਚ ਕੈਂਸਰ ਦੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਤੋਂ ਵੀ ਵਾਹਨਾਂ ਦੀ ਪਰਚੀ ਦੇ ਨਾਂ 'ਤੇ ਫ਼ੀਸ ਵਸੂਲੀ ਜਾ ਰਹੀ ਹੈ। ਜੇਕਰ ਅਜਿਹਾ ਹੋ ਰਿਹਾ ਹੈ, ਤਾਂ ਇਹ ਮਰੀਜ਼ਾਂ ਦੀ ਸਹੂਲਤ ਅਤੇ ਫ਼ੀਸ ਵਿੱਚ ਛੋਟ ਨਾਲ ਜੁੜੇ ਨਿਯਮਾਂ ਦੀ ਪਾਲਣਾ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ।

ਕੇਹਰ ਸਿੰਘ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਨ੍ਹਾਂ ਦੋਸ਼ਾਂ ਦੀ ਨਿਰਪੱਖ ਜਾਂਚ ਕਰਵਾਈ ਜਾਵੇ। ਇਹ ਵੀ ਸਪੱਸ਼ਟ ਕੀਤਾ ਜਾਵੇ ਕਿ ਕੈਂਸਰ ਹਸਪਤਾਲ ਵਿੱਚ ਇਲਾਜ ਲਈ ਆਉਣ ਵਾਲੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਾਈਕਲ ਸਟੈਂਡ ਦੀ ਫ਼ੀਸ ਤੋਂ ਛੋਟ ਦੇਣ ਸਬੰਧੀ ਨਿਯਮਾਂ ਦੀ ਪਾਲਣਾ ਹੋ ਰਹੀ ਹੈ ਜਾਂ ਨਹੀਂ।

ਉਨ੍ਹਾਂ ਕਿਹਾ ਕਿ ਜੇਕਰ ਮਰੀਜ਼ਾਂ ਨੂੰ ਨਿਯਮਾਂ ਅਨੁਸਾਰ ਫ਼ੀਸ ਤੋਂ ਛੋਟ ਮਿਲੀ ਹੋਈ ਹੈ, ਤਾਂ ਸਿਰਫ਼ ਰਸਤਾ ਬੰਦ ਹੋਣ ਕਾਰਨ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਆਰਥਿਕ ਪ੍ਰੇਸ਼ਾਨੀ ਨਹੀਂ ਝੱਲਣੀ ਚਾਹੀਦੀ। ਪ੍ਰਸ਼ਾਸਨ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਹਸਪਤਾਲ ਦੇ ਪ੍ਰਬੰਧਾਂ ਦਾ ਲਾਭ ਮਰੀਜ਼ਾਂ ਨੂੰ ਮਿਲੇ, ਨਾ ਕਿ ਉਨ੍ਹਾਂ ਨੂੰ ਵਾਧੂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇ।

ਕੀ ਕਹਿਣਾ ਹੈ ਸਾਇਕਲ ਸਟੈਂਡ ਠੇਕੇਦਾਰ ਦਾ

ਜਦੋਂ ਇਸ ਸਬੰਧੀ ਸਾਈਕਲ ਸਟੈਂਡ ਦੇ ਠੇਕੇਦਾਰ ਦੇ ਕਰੀਦੇ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਅਸੀਂ ਕਿਸੇ ਕੈਂਸਰ ਮਰੀਜ਼ ਤੋਂ ਕੋਈ ਸਟੈਂਡ ਦੇ ਪੈਸੇ ਵਸੂਲ ਨਹੀਂ ਕਰਦੇ ਉਨ੍ਹਾਂ ਲਈ ਛੋਟ ਹੈ ਜੇਕਰ ਕੈਂਸਰ ਹਸਪਤਾਲ ਦਾ ਗੇਟ ਖੁਦ ਜਾਵੇ ਤਾਂ ਸਾਨੂੰ ਵੀ ਸਹੂਲਤ ਹੋਵੇਗੀ ਉਨ੍ਹਾਂ ਦੀ ਵੱਖਰੀ ਪੈਹਚਾਣ ਦੀ ਪਰੇਂਵਲਮ ਤੋਂ ਛੁਟਕਾਰਾ ਮਿਲੇਗਾ

ਕੀ ਕਹਿਣਾ ਹੈ ਐਸ ਐਮ ਓ ਤੇ ਸੀ ਐਮ ਓ ਸੰਗਰੂਰ ਦਾ

ਇਸ ਸਬੰਧੀ ਜਦੋਂ ਸੀ ਐਮ ਓ ਅਮਰਜੀਤ ਕੌਰ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਇਹ ਸਾਡੇ ਉਚ ਅਧਿਕਾਰੀਆਂ ਤੇ ਹੋਮੀ ਭਾਬਾ ਕੈਂਸਰ ਹਸਪਤਾਲ ਦੇ ਸੰਚਾਲਕਾਂ ਨਾਲ ਮੀਟਿੰਗ ਹੋਈ ਸੀ ਉਸ ਸਮੇਂ ਸਾਡੇ ਉਚ ਅਧਿਕਾਰੀਆਂ ਦੀ ਸਹਿਮਤੀ ਨਾਲ ਇਹ ਗੇਟ ਬੰਦ ਹੋਇਆ ਸੀ ਸੀ ਐਮ ਓ ਮੈਡਮ ਨੇ ਅਤੇ ਐਸ ਐਮ ਓ ਵਿਨੋਦ ਕੁਮਾਰ ਜੀ ਨੇ ਦੱਸਿਆ ਕਿ ਅਸੀਂ ਵੀ ਮਹਿਸੂਸ ਕਰਦੇ ਹਾਂ ਇਕ ਗੇਟ ਬੰਦ ਹੋਣ ਕਾਰਨ ਗੱਡੀਆਂ ਤੇ ਐਂਬੂਲੈਂਸਾ ਦਾ ਲੰਘਣਾ ਮੁਸ਼ਕਲ ਹੋਇਆ ਪਿਆ ਹੈ ਅਸੀਂ ਇਸ ਸਬੰਧੀ ਉਚ ਅਧਿਕਾਰੀਆਂ ਨੂੰ ਲਿਖਕੇ ਦੇ ਚੁਕੇ ਹਾਂ ਸਾਡੀ ਕੋਸ਼ਿਸ਼ ਜਾਰੀ ਹੈ ਸਾਡੇ ਆਪਣੇ ਅਧਿਕਾਰ ਖੇਤਰ ਵਿਚ ਨਹੀਂ ਬੰਦ ਕਰਨ ਦੇ ਹੁਕਮ ਉਪਰੋਂ ਹੀ ਸਨ

ਭਰਾ ਦੀ ਮੌਤ ਮਗਰੋਂ ਆਸਟਰੇਲੀਆ 'ਚ ਫ਼ਸੀ ਭਾਰਤੀ ਭੈਣ ਨੇ ਮੰਗੀ ਮਦਦ

ਸਿਡਨੀ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤ ਤੋਂ ਆਸਟਰੇਲੀਆ ਆਪਣੇ ਭਰਾ ਦੀ ਜਾਨ ਬਚਾਉਣ ਲਈ ਪਹੁੰਚੀ ਇੱਕ ਭੈਣ ਹੁਣ ਇੱਥੋਂ ਛੇਤੀ ਵਾਪਿਸ ਮੁੜਨ ਲਈ ਤਰਸ ਰਹੀ ਹੈ। ਭਾਰਤੀ ਨਾਗਰਿਕ ਸ਼ਿਪਰਾ ਸੈਣੀ ਸਾਲ 2025 'ਚ ਆਪਣੇ ਗੰਭੀਰ ਬੀਮਾਰ ਭਰਾ ਦੀ ਦੇਖਭਾਲ ਲਈ ਦਿੱਲੀ ਤੋਂ ਆਸਟਰੇਲੀਆ ਆਈ ਸੀ।

ਉਸ ਤੋਂ ਬਾਅਦ 1 ਨਵੰਬਰ 2025 ਨੂੰ ਦਿਮਾਗ਼ 'ਚ ਖ਼ੂਨ ਵਗਣ (ਬ੍ਰੇਨ ਹੈਮਰੇਜ) ਕਾਰਨ ਉਸ ਦੇ ਭਰਾ ਦੀ ਮੌਤ ਹੋ ਗਈ। ਇਸ ਦੁਖਾਂਤ ਮਗਰੋਂ ਬੈਲਾਰੈਟ ਸ਼ਹਿਰ 'ਚ ਰਹਿ ਰਹੀ ਸ਼ਿਪਰਾ ਉੱਤੇ ਭਰਾ ਦੀ ਸਮੁੱਚੀ ਜਾਇਦਾਦ ਅਤੇ ਕਾਨੂੰਨੀ ਜ਼ਿੰਮੇਵਾਰੀਆਂ ਸੰਭਾਲਣ ਦਾ ਬੋਝ ਆ ਪਿਆ। ਮੌਤ ਦਾ ਸਰਟੀਫ਼ਿਕੇਟ, ਅਦਾਲਤੀ ਪ੍ਰਵਾਨਗੀ, ਮਕਾਨ ਦੀ ਵਿਕਰੀ, ਬੈਂਕ ਖਾਤੇ ਅਤੇ ਬਕਾਇਆ ਭੁਗਤਾਨਾਂ ਵਰਗੀਆਂ ਕਾਰਵਾਈਆਂ ਅਜੇ ਅਧੂਰੀਆਂ ਹਨ।

ਵਿਸ਼ਵ ਅੰਕੜਾ ਦਿਵਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਪਾਵਰਪੁਆਇੰਟ ਪੇਸ਼ਕਾਰੀ ਮੁਕਾਬਲਾ



ਸ੍ਰੀ ਫਤਹਿਗੜ੍ਹ ਸਾਹਿਬ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

: ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਗਣਿਤ ਵਿਭਾਗ ਵੱਲੋਂ ਰਾਮਾਨੁਜਨ ਗਣਿਤ ਕਲੱਬ ਦੇ ਸਹਿਯੋਗ ਨਾਲ 27 ਅਕਤੂਬਰ 2026 ਨੂੰ ਵਿਸ਼ਵ ਅੰਕੜਾ ਦਿਵਸ ਮੌਕੇ ਪਾਵਰਪੁਆਇੰਟ ਪੇਸ਼ਕਾਰੀ ਮੁਕਾਬਲਾ ਸਫਲ ਢੰਗ ਨਾਲ ਕਰਵਾਇਆ ਗਿਆ। ਇਸ ਮੁਕਾਬਲੇ ਦਾ ਉਦੇਸ਼ ਰੋਜ਼ਾਨਾ ਜੀਵਨ ਵਿੱਚ ਅੰਕੜਾ ਵਿਗਿਆਨ ਦੀ ਅਹਿਮੀਅਤ ਨੂੰ ਉਜਾਗਰ ਕਰਨਾ ਸੀ। ਮੁਕਾਬਲੇ ਦਾ ਵਿਸ਼ਾ ਗੁਣਵੱਤਾਪੂਰਨ ਅੰਕੜਿਆਂ ਅਤੇ ਸਾਰਿਆਂ ਲਈ ਡਾਟੇ ਰਾਹੀਂ ਬਦਲਾਅ ਲਿਆਉਣਾ ਸੀ। ਇਹ ਉਪਰਾਲਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਅਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਦੀ ਅਗਵਾਈ ਹੇਠ ਕਰਵਾਇਆ ਗਿਆ। ਗਣਿਤ ਵਿਭਾਗ ਦੇ ਮੁਖੀ ਡਾ. ਰਿਚਾ ਬਰਾੜ ਅਤੇ ਐਸੋਸੀਏਟ ਪ੍ਰੋਫ਼ੈਸਰ ਡਾ. ਬ੍ਰਹਮਿਤ ਕੌਰ ਨੇ ਇਸ ਉਪਰਾਲੇ ਦੇ ਪ੍ਰਬੰਧ ਵਿੱਚ ਅਹਿਮ ਭੂਮਿਕਾ ਨਿਭਾਈ।

ਉਪਰਾਲੇ ਦੀ ਸ਼ੁਰੂਆਤ ਗਣਿਤ ਵਿਭਾਗ ਦੀ ਸਹਾਇਕ ਪ੍ਰੋਫ਼ੈਸਰ ਮਿਸ ਸਿਮਰਨਜੀਤ ਕੌਰ ਵੱਲੋਂ ਡੀਨ ਅਕਾਦਮਿਕ ਮਾਮਲੇ, ਨਿਰਣਾਇਕਾਂ, ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਦੇ ਨਿੱਘੇ ਸਵਾਗਤ ਨਾਲ ਹੋਈ। ਮੁਕਾਬਲੇ ਦੀ ਪਰਖ ਡਾ. ਰਿਚਾ ਬਰਾੜ ਅਤੇ ਕਾਮਰਸ ਐਂਡ ਮੈਨੇਜਮੈਂਟ ਵਿਭਾਗ ਦੀ ਮੁਖੀ ਡਾ. ਕੰਚਨ ਵੱਲੋਂ ਕੀਤੀ ਗਈ। ਮੁਕਾਬਲੇ ਦੌਰਾਨ ਵਿਦਿਆਰਥੀਆਂ ਨੇ ਗੁਣਵੱਤਾਪੂਰਨ ਅੰਕੜਿਆਂ, ਪੁਰਾਤਨ ਸਮੇਂ ਤੋਂ ਅਜੋਕੇ ਯੁੱਗ ਤੱਕ ਅੰਕੜਾ ਵਿਗਿਆਨ ਦੇ ਵਿਕਾਸ ਅਤੇ ਅਸਲ ਜੀਵਨ ਵਿੱਚ ਇਸ ਦੀ ਵਰਤੋਂ ਬਾਰੇ ਜਾਣਕਾਰੀ ਭਰਪੂਰ ਪੇਸ਼ਕਾਰੀਆਂ ਦਿੱਤੀਆਂ। ਗਣਿਤ, ਕਾਮਰਸ ਐਂਡ ਮੈਨੇਜਮੈਂਟ ਅਤੇ ਸਿੱਖਿਆ ਵਿਭਾਗ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਵੱਖ-ਵੱਖ ਵਿਸ਼ਿਆਂ ਨਾਲ ਸੰਬੰਧਿਤ ਗਿਆਨ ਤੇ ਵਿਚਾਰਾਂ ਦੇ ਆਦਾਨ-ਪ੍ਰਦਾਨ ਦਾ ਮੌਕਾ ਪ੍ਰਾਪਤ ਕੀਤਾ। ਮੁਕਾਬਲੇ ਵਿੱਚ ਬੀ.ਬੀ.ਏ. ਸਮੈਸਟਰ ਪੰਜਵਾਂ ਦੀ ਗੁਰਕਮਲਦੀਪ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ। ਬੀ.ਐੱਸਸੀ. ਆਨਰਜ਼ ਗਣਿਤ, ਸਮੈਸਟਰ ਪਹਿਲਾ ਦੀ ਪਰਨੀਤ ਕੌਰ ਸੋਹੀ ਨੇ ਦੂਜਾ ਅਤੇ ਇਸੇ ਜਮਾਤ ਦੀ ਅਰਸ਼ਦੀਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਜੇਤੂ ਵਿਦਿਆਰਥੀਆਂ, ਭਾਗ ਲੈਣ ਵਾਲੇ ਵਿਦਿਆਰਥੀਆਂ ਅਤੇ ਗਣਿਤ ਵਿਭਾਗ ਨੂੰ ਇਸ ਸਫਲ ਉਪਰਾਲੇ ਲਈ ਵਧਾਈ ਦਿੱਤੀ। ਉਨ੍ਹਾਂ ਨੇ ਸੰਖਿਆ ਸਿਧਾਂਤ ਅਤੇ ਗਣਿਤ ਦੇ ਖੇਤਰ ਵਿੱਚ ਸ੍ਰੀਨਿਵਾਸ ਰਾਮਾਨੁਜਨ ਦੀ ਅਹਿਮ ਦੇਣ ਨੂੰ ਵੀ ਉਜਾਗਰ ਕੀਤਾ। ਇਹ ਮੁਕਾਬਲਾ ਵਿਦਿਆਰਥੀਆਂ ਦੇ ਸੰਚਾਰ, ਪੇਸ਼ਕਾਰੀ ਅਤੇ ਹੋਰ ਅਮਲੀ ਮੁਹਾਰਤਾਂ ਨੂੰ ਨਿਖਾਰਨ ਲਈ ਇੱਕ ਅਹਿਮ ਮੰਚ ਸਾਬਤ ਹੋਇਆ। ਇਹ ਉਪਰਾਲਾ ਯੂਨੀਵਰਸਿਟੀ ਦੀ ਵੱਖ-ਵੱਖ ਵਿਸ਼ਿਆਂ ਦੇ ਗਿਆਨ ਨੂੰ ਉਤਸ਼ਾਹਿਤ ਕਰਨ, ਵਿਦਿਆਰਥੀਆਂ ਦੀ ਪ੍ਰਤਿਭਾ ਨਿਖਾਰਨ ਅਤੇ ਉਨ੍ਹਾਂ ਨੂੰ ਅਕਾਦਮਿਕ ਤੇ ਕਿੱਤਾਮੁਖੀ ਖੇਤਰਾਂ ਵਿੱਚ ਬਿਹਤਰ ਪ੍ਰਾਪਤੀਆਂ ਲਈ ਤਿਆਰ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਆਪਰੇਸ਼ਨ ਵਾਕ ਮਿਡ ਐਟਲਾਂਟਿਕ ਅਤੇ ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਨੇ 53 ਲੋੜਵੰਦ ਮਰੀਜ਼ਾਂ ਦੇ ਗੋਡੇ ਬਦਲ ਕੇ ਦਿੱਤਾ ਨਵਾਂ ਜੀਵਨਦਾਨ

ਮੁਫ਼ਤ ਗੋਡੇ ਬਦਲਣ ਦੀਆਂ ਸਰਜਰੀਆਂ ਨਾਲ ਲੋੜਵੰਦ ਮਰੀਜ਼ਾਂ ਨੂੰ ਮਿਲੀ ਨਵੀਂ ਜ਼ਿੰਦਗੀ; ਮੈਡੀਕਲ ਵਿਦਿਆਰਥੀਆਂ ਨੂੰ ਵੀ ਮਿਲਿਆ ਵਿਹਾਰਕ ਤਜਰਬਾ

ਅੰਮ੍ਰਿਤਸਰ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਲੋੜਵੰਦ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਮਰੀਜ਼ਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਅਮਰੀਕਾ ਦੀ ਸੰਸਥਾ ਆਪਰੇਸ਼ਨ ਵਾਕ ਮਿਡ ਐਟਲਾਂਟਿਕ ਅਤੇ ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਅੰਮ੍ਰਿਤਸਰ ਦੇ ਸਾਂਝੇ ਉਪਰਾਲੇ ਸਦਕਾ ਸ੍ਰੀ ਗੁਰੂ ਰਾਮ ਦਾਸ ਚੈਰੀਟੇਬਲ ਹਸਪਤਾਲ ਵਿਖੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਤ ਮਰੀਜ਼ਾਂ ਦੇ ਗੋਡੇ ਬਦਲਣ ਦੇ 53 ਮੁਫ਼ਤ ਆਪ੍ਰੇਸ਼ਨ ਸਫ਼ਲਤਾਪੂਰਵਕ ਕੀਤੇ ਗਏ। ਇਸ ਸੇਵਾ ਤਹਿਤ ਉਨ੍ਹਾਂ ਮਰੀਜ਼ਾਂ ਦੀ ਚੋਣ ਕੀਤੀ ਗਈ, ਜਿਹੜੇ ਗੋਡਿਆਂ ਦੀ ਗੰਭੀਰ ਸਮੱਸਿਆ ਕਾਰਨ ਤੁਰਨ-ਫਿਰਨ ਤੋਂ ਅਸਮਰੱਥ ਸਨ ਅਤੇ ਮਹਿੰਗੇ ਇਲਾਜ ਦਾ ਖ਼ਰਚਾ ਚੁੱਕਣ ਦੀ ਸਮਰੱਥਾ ਨਹੀਂ ਰੱਖਦੇ ਸਨ। ਇਹ ਉਪਰਾਲਾ ਦੋਵਾਂ ਸੰਸਥਾਵਾਂ ਦੀ ਹਰੇਕ ਵਰਗ ਤੱਕ ਅਸਾਨ ਪਹੁੰਚਯੋਗ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਸ ਕੈਂਪ ਦੀ ਸਫਲਤਾ ਉਪਰੰਤ ਅੱਜ ਮੀਡੀਆ ਨਾਲ ਗੱਲਬਾਤ ਕਰਦਿਆਂ ਅਮਰੀਕਾ ਦੀ ਚੈਰੀਟੇਬਲ ਸੰਸਥਾ ਆਪਰੇਸ਼ਨ ਵਾਕ ਮਿਡ ਐਟਲਾਂਟਿਕ ਦੇ ਡਾ. ਹਰਪਾਲ ਸਿੰਘ ਖਨੂਜਾ ਨੇ ਕਿਹਾ ਕਿ ਸਾਡਾ ਮਕਸਦ ਆਰਥਿਕ ਰੁਕਾਵਟਾਂ ਨੂੰ ਦੂਰ ਕਰਕੇ, ਲੋੜਵੰਦਾਂ ਲਈ ਇਲਾਜ ਦੇ ਦਰਵਾਜ਼ੇ ਖੋਲ੍ਹਣਾ ਹੈ, ਜਿਨ੍ਹਾਂ ਨੂੰ ਲੋੜੀਂਦੀਆਂ ਡਾਕਟਰੀ ਪ੍ਰਕਿਰਿਆਵਾਂ ਦਾ ਖ਼ਰਚਾ ਚੁੱਕਣ ਵਿੱਚ ਅਸਮਰੱਥ ਹੋਣ ਕਾਰਨ ਚੁੱਪਚਾਪ ਤਕਲੀਫ਼ ਸਹਿਣੀ ਪੈ ਸਕਦੀ ਸੀ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਤਹਿਤ ਆਰਥਿਕ ਤੌਰ 'ਤੇ ਕਮਜ਼ੋਰ ਮਰੀਜ਼ਾਂ ਦੇ ਇਲਾਜ ਨਾਲ ਸਬੰਧਤ ਸਾਰੇ ਖਰਚੇ ਦੋਵਾਂ ਸੰਸਥਾਵਾਂ ਵੱਲੋਂ ਉਠਾਏ ਗਏ। ਇਨ੍ਹਾਂ ਵਿੱਚ ਸਰਜਰੀ ਦਾ ਖ਼ਰਚਾ, ਗੋਡੇ ਬਦਲਣ ਲਈ ਵਰਤੇ ਜਾਣ ਵਾਲੇ ਇੰਪਲਾਂਟ, ਹਸਪਤਾਲ ਤੋਂ ਛੁੱਟੀ ਮਿਲਣ ਤੋਂ ਬਾਅਦ ਇੱਕ ਮਹੀਨੇ ਤੱਕ ਦੀਆਂ ਦਵਾਈਆਂ ਅਤੇ ਮਰੀਜ਼ਾਂ ਨੂੰ ਚੱਲਣ-ਫਿਰਨ ਅਤੇ ਮੁੜ ਵਸੇਬੇ ਵਿੱਚ ਸਹਾਇਤਾ ਦੇਣ ਲਈ ਵਾਕਰ ਸ਼ਾਮਲ ਸਨ। ਉਨ੍ਹਾਂ ਕਿਹਾ ਕਿ ਗੋਡੇ ਬਦਲਣ ਦੀਆਂ ਸਰਜਰੀਆਂ ਲਈ ਜ਼ਿਮਰ ਬਾਇਓਮੈਟ ਦੇ ਇੰਪਲਾਂਟ ਦੀ ਵਰਤੋਂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਸ ਉਪਰਾਲੇ ਦੀ ਸਫ਼ਲਤਾ ਲਈ ਅਮਰੀਕਾ ਤੋਂ ਆਪਰੇਸ਼ਨ ਵਾਕ ਮਿਡ ਐਟਲਾਂਟਿਕ ਦੇ 49 ਮੈਂਬਰੀ ਵਫ਼ਦ ਜਿਸ ਵਿੱਚ ਡਾਕਟਰ, ਨਰਸਾਂ, ਫਿਜ਼ੀਕਲ ਥੈਰੇਪਿਸਟ ਅਤੇ ਵਲੰਟੀਅਰ ਸ਼ਾਮਲ ਸਨ ਆਏ ਸਨ। ਉਨ੍ਹਾਂ ਕਿਹਾ ਕਿ ਇਸ ਕਾਰਜ਼ ਵਿਚ ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਦੇ ਮੈਡੀਕਲ ਮਾਹਿਰਾਂ, ਖ਼ਾਸ ਕਰਕੇ ਆਰਥੋਪੀਡਿਕਸ ਅਤੇ ਐਨੇਸਥੀਜ਼ਿਓਲੋਜੀ ਵਿਭਾਗਾਂ ਦੇ ਮਾਹਿਰਾਂ ਦੇ ਤਾਲਮੇਲ ਨੇ ਮਰੀਜ਼ਾਂ ਨੂੰ ਪ੍ਰਭਾਵਸ਼ਾਲੀ ਡਾਕਟਰੀ ਸੇਵਾਵਾਂ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ। ਦੋਵਾਂ ਵਿਭਾਗਾਂ ਦੇ ਫੈਕਲਟੀ ਮੈਂਬਰਾਂ, ਮੈਡੀਕਲ ਮਾਹਿਰਾਂ ਅਤੇ ਸਹਾਇਕ ਸਟਾਫ਼ ਨੇ ਆਏ ਹੋਏ ਵਫ਼ਦ ਨਾਲ ਮਿਲ ਕੇ ਪੂਰੀ ਲਗਨ ਅਤੇ ਤਾਲਮੇਲ ਨਾਲ ਕੰਮ ਕੀਤਾ। ਉਨ੍ਹਾਂ ਦੇ ਯੋਗਦਾਨ ਸਦਕਾ ਸਾਰੀਆਂ ਸਰਜਰੀਆਂ ਨੂੰ ਸਫ਼ਲਤਾਪੂਰਵਕ ਸੰਪੰਨ ਕਰਨ ਵਿੱਚ ਮਹੱਤਵਪੂਰਨ ਸਹਾਇਤਾ ਮਿਲੀ। ਇਸ ਮੌਕੇ ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਦੇ ਡੀਨ ਡਾ. ਏ ਪੀ ਸਿੰਘ ਨੇ ਦੱਸਿਆ ਕਿ ਸਿੱਖਾਂ ਦੀ ਇਸ ਮੈਡੀਕਲ ਸੰਸਥਾ ਵਿੱਚ ਜਿਥੇ ਬਹੁਤ ਘੱਟ ਖਰਚੇ ਤੇ ਮਰੀਜ਼ਾਂ ਦਾ ਇਲਾਜ ਕੀਤਾ ਜਾਂਦਾ ਹੈ, ਉਥੇ ਲੋੜਵੰਦ ਮਰੀਜ਼ਾਂ ਲਈ ਸਮੇ ਸਮੇਂ ਕਈ ਉਪਰਾਲੇ ਵੀ ਕੀਤੇ ਜਾਂਦੇ ਹਨ, ਜਿਸ ਵਿਚ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਅਮਰੀਕਾ ਦੀ ਇਸ ਸੰਸਥਾ ਦੇ ਸਹਿਯੋਗ ਨਾਲ ਬੀਤੇ ਸਾਲ ਵੀ 39 ਲੋੜਵੰਦ ਮਰੀਜ਼ਾਂ ਦੇ ਮੁਫ਼ਤ ਆਪਰੇਸ਼ਨ ਕੀਤੇ ਗਏ ਸਨ, ਅਤੇ ਇਸ ਸਾਲ 53 ਮਰੀਜ਼ਾਂ ਦਾ ਸਫ਼ਲ ਇਲਾਜ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਮਨੁੱਖਤਾ ਦੀ ਸੇਵਾ ਅਤੇ ਸੰਸਥਾਗਤ ਸਹਿਯੋਗ ਪ੍ਰਤੀ ਸੰਸਥਾ ਦੀ ਵਚਨਬੱਧਤਾ ਦਾ ਪ੍ਰਗਟਾਵਾ ਹੈ। ਇਹ ਦਰਸਾਉਂਦਾ ਹੈ ਕਿ ਵੱਖ-ਵੱਖ ਸੰਸਥਾਵਾਂ ਵਿਚਕਾਰ ਸਹਿਯੋਗ ਰਾਹੀਂ ਮਹਿੰਗੇ ਇਲਾਜ ਦੇ ਚਲਦਿਆਂ ਆਰਥਿਕ ਤੌਰ 'ਤੇ ਕਮਜ਼ੋਰ ਮਰੀਜ਼ਾਂ ਨੂੰ ਜ਼ਰੂਰੀ ਇਲਾਜ ਦੀਆਂ ਸਹੂਲਤਾਂ ਉਪਲਬਧ ਕਰਵਾਉਣ ਲਈ ਪਰਿਵਰਤਨਕਾਰੀ ਹੱਲ ਕਿਵੇਂ ਲਿਆਂਦੇ ਜਾ ਸਕਦੇ ਹਨ। ਅੱਜ ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਵਿਖੇ ਅਮਰੀਕਾ ਤੋਂ ਆਏ ਡਾਕਟਰਾਂ ਦੇ ਵਫ਼ਦ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸ੍ਰੀ ਗੁਰੂ ਰਾਮ ਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਦੇ ਡੀਨ ਡਾ. ਏ ਪੀ ਸਿੰਘ, ਵਾਈਸ ਚਾਂਸਲਰ ਡਾ. ਮਨਜੀਤ ਸਿੰਘ ਉੱਪਲ, ਡਾ. ਰਾਜ ਕੁਮਾਰ, ਆਪਰੇਸ਼ਨ ਵਾਕ ਮਿਡ ਐਟਲਾਂਟਿਕ ਦੇ ਡਾ. ਹਰਪਾਲ ਖਨੂਜਾ, ਮਾਰੀਆ, ਡਾ. ਦਲਜੀਤ, ਡਾ. ਸੀਮਾਂ, ਡਾ. ਵਿਕੇਕ ਸੂਦ, ਡਾ. ਪਰਮਜੋਤ ਬਿੰਦਰਾ ਸਮੇਤ ਹੋਰ ਮੌਜੂਦ ਸਨ।



ਪੰਜਾਬ ਸਰਕਾਰ ਵੱਲੋਂ ਮੁਲਾਜਮ ਤੇ ਪੈਨਸਨਰਾਂ,ਠੇਕਾ ਅਤੇ ਸਕੀਮ ਵਰਕਰਾਂ ਦੀਆਂ ਮੰਗਾਂ ਮੰਨਣ ਤੋਂ ਕੀਤੀ ਕੋਰੀ ਨਾਂਹ ਆਗੂਆਂ ਵੱਲੋਂ ਆਰ-ਪਾਰ ਦੇ ਸੰਘਰਸ਼ ਵਿੱਚ ਕੁੱਦਣ ਦਾ ਐਲਾਨ

ਮਲੇਰਕੋਟਲਾ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਅੱਜ ਇੱਥੇ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਕੰਨਫੈਡਰੇਸ਼ਨ ਦੇ ਦੇਸ ਵਿਆਪੀ ਸੱਦੇ ਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (1680) ਦੀ ਜਿਲਾ ਇਕਾਈ ਮਾਲੇਰਕੋਟਲਾ ਵੱਲੋਂ ਕੀਤੀ ਰੋਸ ਰੈਲੀ ਦੌਰਾਨ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਐਸ ਆਈ ਆਰ (ਸਪੈਸ਼ਲ ਇਨਟੈਨਸਿਵ ਰੀਵੀਜ਼ਨ) ਦੇ ਬਹਾਨੇ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਵੱਖ ਸੂਬਿਆਂ ਚੋਂ ਕਰੋੜਾਂ ਵੋਟਰਾਂ ਦੇ ਨਾਮ ਵੋਟਰ ਸੂਚੀਆਂ ਵਿੱਚੋਂ ਹਟਾ ਦਿੱਤੇ ਗਏ ਹਨ ,ਵੱਖ ਵੱਖ ਰਿਪੋਰਟਾਂ ਅਨੁਸਾਰ ਅੰਦਾਜ਼ਨ 13.37 ਕਰੋੜ ਵੋਟਰਾਂ ਦੇ ਨਾਮ ਵੋਟਰ ਸੂਚੀਆਂ ਵਿੱਚੋਂ ਹਟਾਏ ਗਏ ਹਨ ਅਤੇ ਕਰੋੜਾਂ ਵੋਟਰਾਂ ਦੇ ਵੋਟ ਹੱਕ ਤੇ ਪ੍ਰਸ਼ਨ ਚਿੰਨ ਲਗਾ ਦਿੱਤਾ ਹੈ, ਪੱਛਮੀਂ ਬੰਗਾਲ, ਬਿਹਾਰ, ਕਰਨਾਟਕਾ, ਦਿੱਲੀ, ਗੁਜਰਾਤ ਤੇ ਉੱਤਰ ਪ੍ਰਦੇਸ ਸਭ ਤੋਂ ਵੱਧ ਪ੍ਰਭਾਵਤ ਹੋਣ ਵਾਲੇ ਸੂਬੇ ਮੰਨੇ ਜਾ ਰਹੇ ਹਨ ਪੰਜਾਬ ਵਿੱਚ ਵੀ ਇਹ ਪ੍ਰਕਿਰਿਆ ਤੇਜੀ ਨਾਲ ਚੱਲ ਰਹੀ ਹੈ, ਇਹਨਾਂ ਵਿੱਚੋਂ ਕਈ ਸੂਬਿਆਂ ਵਿੱਚ ਵੋਟਾਂ ਦੀ ਸੁਧਾਈ ਮੁਹਿਮ ਅਤੇ ਵੋਟਾਂ ਕੱਟਣ ਉਪਰੰਤ ਹੀ ਚੋਣਾਂ ਕਰਵਾਈਆਂ ਗਈਆਂ ਹਨ ਕਰੋੜਾਂ ਵੋਟਰ ਵੋਟ ਪਾਉਣ ਤੋਂ ਵਾਂਝੇ ਰਹਿ ਗਏ ਹਨ

ਕੇਂਦਰੀ ਚੋਣ ਕਮਿਸ਼ਨ ਗਿਆਨੇਸ ਕੁਮਾਰ ਮੋਦੀ ਸਰਕਾਰ ਦਾ ਹੱਥਠੋਕਾ ਬਣਕੇ ਜਮਹੂਰੀਅਤ ਅਤੇ ਸੰਵਿਧਾਨ ਦਾ ਕਤਲ ਅਤੇ ਵੋਟ ਦੇ ਹੱਕ ਤੇ ਡਾਕਾ ਮਾਰ ਰਿਹਾ ਹੈ,ਇਸ ਲਈ ਕੇਂਦਰੀ ਚੋਣ ਕਮਿਸ਼ਨ ਤੁਰੰਤ ਅਸਤੀਫਾ ਦੇਣ ਦੀ ਮੰਗ ਅੱਜ ਦੀ ਰੈਲੀ ਦੌਰਾਨ ਕੀਤੀ ਗਈ,ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਦੇਸ ਭਰ ਵਿੱਚ ਮੁਲਾਜਮਾਂ ਤੇ ਓਲਡ ਪੈਨਸ਼ਨ ਸਕੀਮ ਲਾਗੂ ਨਾ ਕਰਕੇ ਯੂ ਪੀ ਐਸ ਸਕੀਮ ਲਾਗੂ ਕਰਨ ਲਈ ਰਾਜ ਸਰਕਾਰਾਂ ਦੇ ਦਬਾਓ ਪਾ ਰਹੀ ਹੈ ,ਲੱਖਾਂ ਖਾਲੀ ਰੈਗੂਲਰ ਅਸਾਮੀਂਆਂ ਤੇ ਰੈਗੂਲਰ ਭਰਤੀ ਕਰਨ ਦੀ ਵਿਜਾਏ ਠੇਕਾ ਪ੍ਰਣਾਲੀ ਨੂੰ ਵਧਾਵਾ ਦਿੱਤਾ ਜਾ ਰਿਹਾ ਹੈ,ਸਕੀਮ ਵਰਕਰਾਂ ਅਤੇ ਕੱਚੇ ਕਾਮਿਆਂ ਦਾ ਆਰਥਿਕ ਸੋਸਣ ਜੰਗੀ ਪੱਧਰ ਤੇ ਜਾਰੀ ਹੈ, ਇਸੇ ਦੀ ਤਰਜ਼ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੀ ਪੰਜਾਬ ਦੇ ਮੁਲਾਜਮਾਂ ਦੀਆਂ ਮੰਗਾਂ ਨੂੰ ਲਗਾਤਾਰ ਅਣਗੌਲਿਆਂ ਕਰ ਰਹੀ ਹੈ ਜਿਸ ਕਾਰਨ ਪੰਜਾਬ ਦੇ 7 ਲੱਖ ਮੁਲਾਜਮ ਤੇ ਪੈਨਸ਼ਨ ਪੰਜਾਬ ਮੁਲਾਜਮ ਤੇ ਪੈਨਸਨਰ ਦੇ ਫਰੰਟ ਅਤੇ ਮੁਲਾਜਮ ਮੰਚ ਵੱਲੋਂ ਸਾਂਝੀ ਤਾਲਮੇਲ ਕਮੇਟੀ ਦੇ ਬੈਨਰ ਹੇਠ 24 ਅਕਤੂਬਰ ਨੂੰ ਲੁਧਿਆਣਾ ਵਿਖੇ ਮੀਟਿੰਗ ਕਰਕੇ ਭਗਵੰਤ ਮਾਨ ਸਰਕਾਰ ਨੂੰ ਸਕੱਤਰੇਤ ਤੋਂ ਸਤੋਜ ਪਿੰਡ ਪਹੁਚਾਉਣ ਦੇ ਨਾਹਰੇ ਨਾਲ ਆਰ-ਪਾਰ ਦੇ ਤਿੱਖੇ ਸੰਘਰਸਾਂ ਦਾ ਐਲਾਨ ਕੀਤਾ ਗਿਆ ਹੈ ਜਿਸ ਨੂੰ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ (1680) ਨਾਲ ਸਬੰਧਿਤ ਅਤੇ ਸਹਿਯੋਗੀ ਜਥੇਬੰਦੀਆਂ ਪੂਰੀ ਤਰਾਂ ਲਾਗੂ ਕਰਨਗੀਆਂ। ਇੱਥੇ ਜਿਲਾ ਪ੍ਰਬੰਧਕੀ ਕੰਪਲੈਕਸ ਵਿਖੇ ਕੀਤੀ ਰੈਲੀ ਵਿੱਚ ਦਰਸ਼ਨ ਸਿੰਘ ਲੁਬਾਣਾ ਨੇ ਸਮੁੱਚੇ ਕੱਚੇ ਮੁਲਾਜਮਾਂ, ਆਊਟ ਸੋਰਸ, ਪਾਰਟ ਟਾਇਮ, ਆਸ਼ਾ ਵਰਕਰਾਂ ਤੇ ਆਂਗਨਵਾੜੀ, ਮਿਡ-ਡੇ-ਮੀਲ ਸਮੇਤ ਸਫਾਈ ਸੇਵਕਾਂ, ਸਿਵਰਮੈਨਾਂ ਆਦਿ ਵਰਗ ਦੇ ਕਰਮੀਆਂ ਨੂੰ ਬਗੈਰ ਦੇਰੀ ਤੋਂ ਪੱਕਾ ਕਰਨ ਤੇ ਵਿਭਾਗਾਂ ਵਿੱਚ ਖਪਾਉਣ ਦੀ ਮੰਗ ਕੀਤੀ, ਇਹ ਵੀ ਕਿਹਾ ਕਿ ਚੌਥਾ ਦਰਜਾ ਮੁਲਾਜਮਾਂ ਨੂੰ ਦਿਵਾਲੀ ਤੋਂ ਪਹਿਲਾਂ 8.33 ਬੋਨਸ ਦਿੱਤਾ ਜਾਵੇ ਨਹੀਂ ਤਾਂ ਚੌਥਾ ਦਰਜਾ ਮੁਲਾਜਮ ਕਾਲੀ ਦਿਵਾਲੀ ਮਨਾਉਣ ਵੱਲ ਵੱਧਣਗੇ ਤੇ ਸਮੁੱਚੀਆਂ ਮੰਗਾਂ ਦਾ ਨਿਪਟਰਾ ਸਮੇਤ ਮਹਿੰਗਾਈ ਭੱਤਾ ਤੇ ਬਕਾਇਆ ਦਾ ਨਿਪਟਾਰਾ ਦਿਵਾਲੀ ਤੋਂ ਪਹਿਲਾਂ ਕੀਤਾ ਜਾਵੇ ਆਦਿ। ਰੈਲੀ ਵਿੱਚ ਵੱਖ-ਵੱਖ ਆਗੂ ਜੋ ਹਾਜਰ ਸਨ ਉਨ੍ਹਾਂ ਵਿੱਚ ਪ੍ਰਮੁੱਖ ਦਰਸ਼ਨ ਸਿੰਘ ਲੁਬਾਣਾ, ਨਾਰੰਗ ਸਿੰਘ, ਬਲਬੀਰ ਸਿੰਘ, ਸ਼ਿਵ ਚਰਨ, ਰਾਮ ਪ੍ਰਸਾਦ ਸਹੋਤਾ, ਰਾਜੇਸ਼ ਗੋਲੂ, ਸਤਿਆ ਨਰਾਇਣ ਗੋਨੀ, ਬੁੱਧ ਰਾਮ, ਇੰਦਰ ਪਾਲ ਵਾਲੀਆ, ਬਲਜੀਤ ਬੱਲੀ, ਬਲਬੀਰ ਸਿੰਘ, ਰਾਜੇਸ਼ ਕੁਮਾਰ, ਧਰਮਿੰਦਰ ਕੁਮਾਰ, ਸਤਨਾਮ ਸਿੰਘ, ਮੋਦ ਨਾਥ ਸ਼ਰਮਾ, ਹਰਬੰਸ ਵਰਮਾ, ਸੁਭਾਸ਼, ਨਿਸ਼ਾ ਰਾਣੀ, ਬਲਵਿੰਦਰ ਸਿੰਘ ਸਾਮਲੀ, ਜਸਪਾਲ ਸਿੰਘ, ਗੌਤਮ ਭਾਰਦਵਾਜ, ਅਮਰ ਨਾਥ, ਤਰਲੋਚਨ ਮੰਡੋਲੀ, ਆਦਿ ਹਾਜਰ ਸਨ।

ਪਟਿਆਲਾ ਦਿਹਾਤੀ ਹਲਕੇ ਵਿੱਚ ਲਗਾਇਆ ਵਿਸ਼ੇਸ਼ ਕੈਂਪ, 83 ਨੌਜਵਾਨਾਂ ਦੀਆਂ ਵੋਟਾਂ ਬਣਾਈਆਂ



ਪਟਿਆਲਾ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਵਿਧਾਨ ਸਭਾ ਚੋਣ ਹਲਕਾ 110-ਪਟਿਆਲਾ ਦਿਹਾਤੀ ਵਿੱਚ ਅੱਜ ਵਿਸ਼ੇਸ਼ ਕੈਂਪ ਲਗਾਇਆ ਗਿਆ, ਜਿਸ ਦੌਰਾਨ 1 ਜਨਵਰੀ 2027 ਨੂੰ 18 ਸਾਲ ਦੀ ਉਮਰ ਪੂਰੀ ਕਰਨ ਵਾਲੇ ਨੌਜਵਾਨਾਂ ਦੀਆਂ ਵੋਟਾਂ ਬਣਾਈਆਂ ਗਈਆਂ। ਇਹ ਕੈਂਪ ਪੀ.ਐੱਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਤ੍ਰਿਪੜੀ ਵਿਖੇ ਸਕੂਲ ਦੇ ਇਲੈਕਟੋਰਲ ਲਿਟਰੇਸੀ ਕਲੱਬ (ਈ.ਐੱਲ.ਸੀ.) ਵੱਲੋਂ ਲਗਾਇਆ ਗਿਆ। ਕੈਂਪ ਦੌਰਾਨ ਕੁੱਲ 83 ਨੌਜਵਾਨ ਵੋਟਰਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ।

ਕੈਂਪ ਦਾ ਉਦਘਾਟਨ ਓ ਐਸ ਡੀ ਸ਼ਹਿਰੀ ਵਿਕਾਸ ਸ੍ਰੀ ਮੁਕਿਲਨ ਆਰ, ਆਈ.ਏ.ਐੱਸ. ਵੱਲੋਂ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਭਾਰਤ ਦੇ ਲੋਕਤੰਤਰ ਵਿੱਚ ਵੋਟ ਦਾ ਬਹੁਤ ਮਹੱਤਵ ਹੈ ਅਤੇ ਹਰ ਯੋਗ ਨਾਗਰਿਕ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਵੋਟ ਪਾਉਣ ਤੋਂ ਪਹਿਲਾਂ ਰਾਜਨੀਤਿਕ ਪਾਰਟੀਆਂ ਦੇ ਚੋਣ ਮਨੋਰਥ ਪੱਤਰਾਂ ਅਤੇ ਉਮੀਦਵਾਰਾਂ ਬਾਰੇ ਪੂਰੀ ਜਾਣਕਾਰੀ ਹਾਸਲ ਕਰਨੀ ਚਾਹੀਦੀ ਹੈ, ਤਾਂ ਜੋ ਸੂਝ-ਬੂਝ ਨਾਲ ਸਹੀ ਫ਼ੈਸਲਾ ਲਿਆ ਜਾ ਸਕੇ ਅਤੇ ਲੋਕਤੰਤਰ ਨੂੰ ਹੋਰ ਮਜ਼ਬੂਤ ਬਣਾਇਆ ਜਾ ਸਕੇ। ਉਨ੍ਹਾਂ ਵਿਦਿਆਰਥੀਆਂ ਨੂੰ ਵੋਟਰ ਹੈਲਪਲਾਈਨ, ਸੱਕਸ਼ਮ ਅਤੇ 1950 ਹੈਲਪਲਾਈਨ ਸਮੇਤ ਚੋਣਾਂ ਨਾਲ ਸਬੰਧਤ ਵੱਖ-ਵੱਖ ਸਹੂਲਤਾਂ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਨਵੀਂ ਵੋਟ ਬਣਾਉਣ ਲਈ ਵੋਟਰ ਹੈਲਪਲਾਈਨ ਐਪ ਜਾਂ ਆਨਲਾਈਨ ਮਾਧਿਅਮ ਰਾਹੀਂ ਫਾਰਮ ਨੰਬਰ 6 ਭਰਿਆ ਜਾ ਸਕਦਾ ਹੈ।

ਇਸ ਮੌਕੇ ਪੀ.ਐੱਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਤ੍ਰਿਪੜੀ ਦੇ ਪ੍ਰਿੰਸੀਪਲ ਸ੍ਰੀ ਵਿਕਰਮਜੀਤ ਸਿੰਘ ਵੱਲੋਂ ਸ੍ਰੀ ਮੁਕਿਲਨ ਆਰ, ਆਈ.ਏ.ਐੱਸ. ਦਾ ਧੰਨਵਾਦ ਕੀਤਾ ਗਿਆ। ਇਸ ਤੋਂ ਇਲਾਵਾ ਕੈਂਪ ਦੇ ਆਯੋਜਨ ਵਿੱਚ ਸਹਿਯੋਗ ਦੇਣ ਵਾਲੀ ਟੀਮ ਅਤੇ ਵਿਦਿਆਰਥੀਆਂ ਦੀ ਵੀ ਸ਼ਮੂਲੀਅਤ ਰਹੀ।

ਸੁਨੀਲ ਮਿੱਤਲ ਬਣੇ ਲਾਇਨਜ਼ ਕਲੱਬ ਪਟਿਆਲਾ ਫੋਰਟ ਦੇ ਪ੍ਰਧਾਨ

ਪਟਿਆਲਾ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਲਾਇਨਜ਼ ਕਲੱਬ ਪਟਿਆਲਾ ਫੋਰਟ, ਜੋ ਲਾਇਨਜ਼ ਇੰਟਰਨੈਸ਼ਨਲ ਦਾ ਹਿੱਸਾ ਹੈ, ਨੇ ਪਟਿਆਲਾ ਦੇ ਹੋਟਲ ਅਜੂਬਾ ਵਿਖੇ ਆਪਣਾ 45ਵਾਂ ਅਹੁਦਾ ਗ੍ਰਹਿਣ ਸਮਾਰੋਹ ਆਯੋਜਿਤ ਕੀਤਾ। ਇਹ ਸਮਾਰੋਹ ਡਿਸਟ੍ਰਿਕਟ ਗਵਰਨਰ ਅਜੈ ਗੋਇਲ, ਵਾਈਸ ਡਿਸਟ੍ਰਿਕਟ ਗਵਰਨਰ-1 ਨਰੇਸ਼ ਗੋਇਲ ਅਤੇ ਵਾਈ.ਪੀ.ਸੂਦ (ਮਲਟੀਪਲ ਪੀ.ਆਰ. ਚੇਅਰਪਰਸਨ) ਦੀ ਅਗਵਾਈ ਹੇਠ ਹੋਇਆ। ਇਸ ਮੌਕੇ @ਤੇ, ਲਾਇਨਜ਼ ਦੀਆਂ ਮਹਿਲਾ ਮੈਂਬਰਾਂ ਨੇ ਮੁੱਖ ਮਹਿਮਾਨ ਅਜੈ ਗੋਇਲ ਨੂੰ ਰਿਬਨ ਕੱਟਣ ਦੀ ਰਸਮ ਅਦਾ ਕਰਨ ਲਈ ਸੱਦਾ ਦਿੱਤਾ। ਰਸਮੀ ਜੋਤ ਜਗਾਉਣ ਤੋਂ ਬਾਅਦ, ਪ੍ਰਾਰਥਨਾ ਕੀਤੀ ਗਈ ਅਤੇ ਰਾਸ਼ਟਰੀ ਗਾਨ ਗਾਇਆ ਗਿਆ। ਡਿਸਟ੍ਰਿਕਟ ਕੈਬਨਿਟ ਸਕੱਤਰ ਲਾਇਨ ਮੁਕੇਸ਼ ਮਦਾਨ ਨੇ @ਲਾਇਨਜ਼ ਇੰਟਰਨੈਸ਼ਨਲ@ ਬਾਰੇ ਜਾਣਕਾਰੀ ਦਿੱਤੀ ਅਤੇ ਦੋ ਨਵੇਂ ਮੈਂਬਰਾਂ, ਸ਼ਰੁਤੀ ਮਿੱਤਲ ਅਤੇ ਮਨੋਜ ਬਾਂਸਲ ਨੂੰ ਕਲੱਬ ਵਿੱਚ ਸ਼ਾਮਲ ਕੀਤਾ। ਇਸ ਤੋਂ ਬਾਅਦ, ਵਾਈਸ ਡਿਸਟ੍ਰਿਕਟ ਗਵਰਨਰ 1, ਲਾਇਨ ਨਰੇਸ਼ ਗੋਇਲ ਨੇ 2026-27 ਦੇ ਕਾਰਜਕਾਲ ਲਈ ਨਵੀਂ ਟੀਮ ਦਾ ਐਲਾਨ ਕੀਤਾ ਅਤੇ ਉਨ੍ਹਾਂ ਨੂੰ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਬਾਰੇ ਜਾਣਕਾਰੀ ਦਿੱਤੀ। ਨਵੀਂ ਟੀਮ ਵਿੱਚ ਸੁਨੀਲ ਮਿੱਤਲ ਨੂੰ ਪ੍ਰਧਾਨ, ਸੰਜੇ ਮਲਹੋਤਰਾ ਨੂੰ ਸਕੱਤਰ, ਰਵਿੰਦਰ ਜਿੰਦਲ ਨੂੰ ਖਜ਼ਾਨਚੀ, ਕੇ. ਐੱਸ. ਸੰਧੂ ਜਨਤਕ ਸੰਪਰਕ ਅਧਿਕਾਰੀ, ਆਰ. ਪੀ. ਸੂਦ ਅਤੇ ਟੀ. ਪੀ. ਗਰਗ ਉਪ-ਪ੍ਰਧਾਨ, ਮੋਨਿਕਾ ਠਾਕੁਰ ਸੰਯੁਕਤ ਸਕੱਤਰ, ਹਿਤੇਸ਼ੀ ਸੇਠ ਟੇਮਰ, ਜੇ. ਕੇ. ਖੋਸਲਾ ਟੇਲ ਟਵਿਸਟਰ ਅਤੇ ਸੀ. ਡੀ. ਗਰਗ ਤੇ ਬੀ. ਕੇ. ਗੋਇਲ ਨੂੰ ਡਾਇਰੈਕਟਰ ਬਣਾਇਆ ਗਿਆ। ਉੱਥੇ ਮੌਜੂਦ ਸਾਰੇ ਮੈਂਬਰਾਂ ਨੇ ਨਵੇਂ ਮੁਖੀ ਸੁਨੀਲ ਮਿੱਤਲ ਨੂੰ ਹਾਰ ਪਹਿਨਾਏ ਅਤੇ ਉਨ੍ਹਾਂ ਨੂੰ ਵਧਾਈ ਦਿੱਤੀ। ਸਮਾਗਮ ਦੇ ਚੇਅਰਮੈਨ ਬੀ. ਕੇ. ਗੋਇਲ ਅਤੇ ਆਰ. ਐੱਸ. ਪੰਨੂ ਨੇ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ। ਐੱਮ. ਜੇ. ਐੱਫ. ਲਾਇਨ ਮੋਨਿਕਾ ਠਾਕੁਰ ਅਤੇ ਸ਼ੈਲ ਮਲਹੋਤਰਾ ਨੇ ਕਲੱਬ ਦੀ ਕਾਰਵਾਈ ਦਾ ਸੰਚਾਲਨ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ। ਇਸ ਮੌਕੇ ਨਵੇਂ ਨਿਯੁਕਤ ਪ੍ਰਧਾਨ ਸੁਨੀਲ ਮਿੱਤਲ ਨੇ ਕਲੱਬ ਦੀਆਂ ਗਤੀਵਿਧੀਆਂ ਬਾਰੇ ਚਾਨਣਾ ਪਾਇਆ ਅਤੇ ਦੱਸਿਆ ਕਿ ਕਲੱਬ ਵੱਲੋਂ ਐਲ. ਸੀ. ਆਈ. ਐਫ. ਨੂੰ ?3,100 ਦਾ ਚੈੱਕ ਭੇਟ ਕੀਤਾ ਗਿਆ। ਲਾਈਨ ਸੀ. ਡੀ. ਗਰਗ ਜ਼ੋਨ ਚੇਅਰਪਰਸਨ ਨੇ ?3,100, ਰਾਜੀਵ ਗੁਪਤਾ ਨੇ ਅੱਖਾਂ ਦੇ ਕੈਂਪ ਲਈ ?15,000 ਦਾ ਚੈੱਕ ਅਤੇ ਸਰਜੀਵਨ ਬਾਂਸਲ ਅਤੇ ਮਨੋਜ ਕੁਮਾਰ ਨੇ ਕਲੱਬ ਨੂੰ ?15,000 ਦਾ ਚੈੱਕ ਭੇਟ ਕੀਤਾ।

ਸੁਨੀਲ ਮਿੱਤਲ ਨੇ ਦੱਸਿਆ ਕਿ ਇਸ ਮੌਕੇ @ਤੇ ਲੋੜਵੰਦ ਲੜਕੀਆਂ ਨੂੰ ਸਿਲਾਈ ਮਸ਼ੀਨਾਂ ਵੀ ਦਿੱਤੀਆਂ ਗਈਆਂ, ਤਾਂ ਜੋ ਉਹ ਰੋਜ਼ੀ-ਰੋਟੀ ਕਮਾ ਸਕਣ ਅਤੇ ਆਤਮ-ਨਿਰਭਰ ਬਣ ਸਕਣ। ਇਸ ਮੌਕੇ @ਤੇ ਲਾਈਨ ਲੀਡਰਾਂ ਦੁਆਰਾ ਇੱਕ ਯਾਦਗਾਰੀ ਪ੍ਰਕਾਸ਼ਨ ਜਾਰੀ ਕੀਤਾ ਗਿਆ, ਜਿਸ ਵਿੱਚ ਕਲੱਬ ਦੀਆਂ ਗਤੀਵਿਧੀਆਂ ਨੂੰ ਦਰਸਾਇਆ ਗਿਆ ਸੀ। ਕਲੱਬ ਨੇ @ਸਮਾਈਲ ਸਟੋਨ ਜੂਨੀਅਰ ਸਕੂਲ@ ਦੇ ਪੰਜ ਬੱਚਿਆਂ ਨੂੰ ਗੋਦ ਲਿਆ ਹੈ ਅਤੇ ਉਨ੍ਹਾਂ ਦੀ ਸਕੂਲ ਫੀਸ ਤੇ ਵਰਦੀਆਂ ਦਾ ਖਰਚਾ ਚੁੱਕਿਆ ਹੈ। ਵਾਈ. ਪੀ. ਸੂਦ ਨੇ ਦੱਸਿਆ ਕਿ ਕਲੱਬ ਨੇ 40 ਅੱਖਾਂ ਦੇ ਕੈਂਪ ਲਗਾਏ ਹਨ, ਜਿਨ੍ਹਾਂ ਰਾਹੀਂ 1,000 ਤੋਂ ਵੱਧ ਲੋਕਾਂ ਨੂੰ ਅੱਖਾਂ ਦੇ ਲੈਂਜ਼ ਪਾਏ ਗਏ ਅਤੇ ਮੁਫ਼ਤ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ।

ਇਸ ਮੌਕੇ ਜੀ ਐਲ ਟੀ ਕੋਆਰਡੀਨੇਟਰ ਸ਼ਾਮ ਗੌਤਮ, ਆਰ ਐਸ ਬੇਦੀ ਡਿਪਟੀ ਜਿਲਾ ਗਵਰਨਰ, ਪ੍ਰਧਾਨ ਕੇ ਕੇ ਬਾਂਸਲ ਲਾਇਨਜ਼ ਕਲੱਬ ਪਟਿਆਲਾ ਨਿਊ ਸੇਂਟ੍ਰਲ, ਡਾ. ਅਨਿਲ ਕਪੂਰ ਲਾਇਨਜ਼ ਕਲੱਬ ਪਟਿਆਲਾ ਸੁਪ੍ਰੀਮ, ਕਵਲਜੀਤ ਸਿੰਘ ਬਾਗੀ ਲਾਈਨ ਲਾਇਨਜ਼ ਕਲੱਬ ਪਟਿਆਲਾ ਕਲਾਸਿਕ, ਜਗਦੀਸ਼ ਗੁਪਤਾ ਲਾਇਨਜ਼ ਕਲੱਬ ਪਟਿਆਲਾ ਕੋਹਿਨੂਰ ਦੇ ਇਲਾਵਾ ਲਾਇਨ ਯਾਦਵਿੰਦਰ ਸਿੰਗਲਾ, ਸੰਜੀਵ ਵਰਮਾ, ਲਾਇਨ ਐਸ. ਪੀ. ਕਾਂਸਲ, ਸੁਭਾਸ਼ ਗੁਪਤਾ, ਦੀਪਕ ਸੂਦ, ਅਨਿਲ ਮਹਿਤਾ, ਅਮਰੀਕ ਸਿੰਘ, ਇੰਜੀਨੀਅਰ ਰਜਿੰਦਰ ਸ਼ਰਮਾ, ਰਮੇਸ਼ ਸੈਨੀ, ਸੰਦੀਪ ਬਾਂਸਲ, ਮੋਹਿਤ ਮਿੱਤਲ, ਏ ਪੀ ਸਿੰਘ, ਡਾ ਰਵਿੰਦਰ ਸਿੱਧੂ, ਅਸ਼ੋਕ ਅਰੋੜਾ, ਡਾ ਰਮਨ ਗਰੋਵਰਕ ਅਤੇ ਬਹੁਤ ਸਾਰੇ ਲਾਈਨ ਮੈਂਬਰਾਂ ਨੇ ਭਾਗ ਲਿਆ। ਅੰਤ ਵਿੱਚ, ਵਾਈ.ਪੀ.ਸੂਦ, ਐਮ.ਜੇ.ਐਫ. ਨੇ ਉੱਥੇ ਮੌਜੂਦ ਸਾਰੇ ਲਾਇਨ ਆਗੂਆਂ, ਮਹਿਮਾਨਾਂ ਅਤੇ ਮਹਿਲਾਵਾਂ ਦਾ ਧੰਨਵਾਦ ਕੀਤਾ।

2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਵਾਰਿਸ ਜਿੱਤ ਪ੍ਰਾਪਤ ਕਰੇਗੀ: ਸ਼ੇਰ ਸਿੰਘ ਘੁੰਡਰ

ਨਾਭਾ, 2 ਨਵੰਬਰ/-ਪੁਨੀਤ-
-ਕੌਮੀ ਪੱਤ੍ਰਿਕਾ ਬਿਊਰੋ-



ਅਕਾਲੀ ਦਲ ਵਾਰਿਸ ਦੇ ਨਾਭਾ ਹਲਕੇ ਦੇ ਆਗੂ ਸ਼ੇਰ ਸਿੰਘ ਘੁੰਡਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਬਹੁਤ ਦੁਖੀ ਹੋ ਚੁੱਕੇ ਹਨ। ਥਾਂ-ਥਾਂ 'ਤੇ ਕਤਲੇਆਮ, ਚੋਰੀਆਂ ਅਤੇ ਫਿਰੌਤੀਆਂ ਮੰਗਣ ਦੀਆਂ ਘਟਨਾਵਾਂ ਦੇ ਨਾਲ-ਨਾਲ ਨਸ਼ਿਆਂ ਕਾਰਨ ਰੋਜ਼ਾਨਾ ਹੋ ਰਹੀਆਂ ਮੌਤਾਂ ਨੇ ਲੋਕਾਂ ਦਾ ਜਿਊਣਾ ਮੁਸ਼ਕਲ ਕਰ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਅੱਕ ਚੁੱਕੇ ਹਨ ਅਤੇ ਅਕਾਲੀ ਦਲ ਬਾਦਲ ਤੇ ਕਾਂਗਰਸ ਦੀਆਂ ਸਰਕਾਰਾਂ ਨੂੰ ਪਹਿਲਾਂ ਹੀ ਦੇਖ ਚੁੱਕੇ ਹਨ। ਹੁਣ ਲੋਕ ਅਕਾਲੀ ਦਲ ਵਾਰਿਸ ਦੀ ਸਰਕਾਰ ਚਾਹੁੰਦੇ ਹਨ।

ਇਸ ਮੌਕੇ ਸ਼ੇਰ ਸਿੰਘ ਘੁੰਡਰ ਦੇ ਨਾਲ ਜਗਰੂਪ ਸਿੰਘ ਸੁਧੇਵਾਲ, ਵਿੱਕੀ ਸੁਧੇਵਾਲ, ਬਿੱਲੂ ਭਾਦਸੋਂ ਗੁਰਮੀਤ ਸਿੰਘ ਲੋਪੇ ਅਤੇ ਕੁਲਦੀਪ ਸਿੰਘ ਸੁਧੇਵਾਲ ਹਾਜ਼ਰ ਸਨ।

ਇਨਸਾਫ਼ ਦੇ ਮੋਰਚੇ ਲਈ ਉੱਠੇ ਕਾਫ਼ਲੇ ਨੂੰ ਰਾਹ 'ਚ ਰੋਕਿਆ; ਮਜ਼ਦੂਰਾਂ ਤੇ ਨੌਜਵਾਨਾਂ ਨੂੰ ਥਾਣੇ ਬਿਠਾਇਆ



ਜੈਤੋਂ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ਼ਹੀਦ ਭਾਈ ਪਰਵਿੰਦਰ ਸਿੰਘ ਝੋਟੇ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਮਾਨਸਾ ਵਿਖੇ ਚੱਲ ਰਹੇ ਮੋਰਚੇ ਵਿੱਚ ਸ਼ਮੂਲੀਅਤ ਕਰਨ ਜਾ ਰਹੇ ਨੌਜਵਾਨ ਭਾਰਤ ਸਭਾ ਦੇ ਕਾਫ਼ਲੇ ਨੂੰ ਰਸਤੇ ਵਿੱਚ ਰੋਕ ਕੇ ਥਾਣਾ ਬਾਜਾਖਾਨਾ ਵਿਖੇ ਬਿਠਾਇਆ ਗਿਆ। ਇਸ ਕਾਫ਼ਲੇ ਵਿੱਚ ਜੈਤੋ ਅਤੇ ਆਸ-ਪਾਸ ਦੇ ਪਿੰਡਾਂ ਤੋਂ ਆਏ ਕਰੀਬ ਦੋ ਦਰਜਨ ਪੁਰਸ਼ ਅਤੇ ਔਰਤਾਂ ਸ਼ਾਮਲ ਸਨ। ਇਸ ਮੌਕੇ ਨੌਜਵਾਨ ਭਾਰਤ ਸਭਾ ਦੇ ਆਗੂ ਅੰਗਰੇਜ਼ ਸਿੰਘ ਗੋਰਾ ਮੱਤਾ ਨੇ ਕਿਹਾ ਕਿ ਜਦੋਂ ਤੱਕ ਪੰਜਾਬ ਦੇ ਮੁੱਖ ਮੰਤਰੀ ਅਤੇ ਡੀਜੀਪੀ ਅਸਤੀਫ਼ਾ ਨਹੀਂ ਦਿੰਦੇ ਅਤੇ ਮੋਰਚੇ ਦੀਆਂ ਮੰਗਾਂ ਲਾਗੂ ਨਹੀਂ ਹੁੰਦੀਆਂ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ।

ਉਨ੍ਹਾਂ ਪੰਜਾਬ ਪੁਲਿਸ ਦੀ ਕਾਰਵਾਈ 'ਤੇ ਸਵਾਲ ਉਠਾਉਂਦਿਆਂ ਦੋਸ਼ ਲਾਇਆ ਕਿ ਮਾਪਿਆਂ ਤੋਂ ਉਨ੍ਹਾਂ ਦੇ ਪੁੱਤਰਾਂ ਦੀਆਂ ਮ੍ਰਿਤਕ ਦੇਹਾਂ ਖੋਹੀਆਂ ਜਾ ਰਹੀਆਂ ਹਨ। ਉਨ੍ਹਾਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਗੰਭੀਰ ਬਣੀ ਹੋਈ ਹੈ।

ਮੇਰੀ ਦੁਕਾਨ ਮੇਰੇ ਨਾਮ ਸਕੀਮ ਨੂੰ 100 ਫ਼ੀਸਦੀ ਲਾਗੂ ਕੀਤਾ ਜਾਵੇਗਾ: ਅਨਿਲ ਠਾਕੁਰ



ਪਟਿਆਲਾ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ @ਮੇਰੀ ਦੁਕਾਨ ਮੇਰੇ ਨਾਮ@ ਸਕੀਮ ਤਹਿਤ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਅਤੇ ਸਟੇਟ ਪ੍ਰੈਜ਼ੀਡੈਂਟ ਟ੍ਰੇਡ ਵਿੰਗ ਦੇ ਚੇਅਰਮੈਨ ਸ੍ਰੀ ਅਨਿਲ ਠਾਕੁਰ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਦੁਕਾਨਦਾਰਾਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਸਕੀਮ ਨੂੰ 100 ਫ਼ੀਸਦੀ ਲਾਗੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਕੀਮ ਨੂੰ ਸੁਚੱਜੇ ਢੰਗ ਨਾਲ ਲਾਗੂ ਕਰਨ ਲਈ ਪ੍ਰਸ਼ਾਸਨ ਅਤੇ ਵਪਾਰੀਆਂ ਵਿਚਕਾਰ ਆਪਸੀ ਤਾਲਮੇਲ ਬਹੁਤ ਜ਼ਰੂਰੀ ਹੈ।ਇਸ ਮੌਕੇ ਓਹਨਾ ਦੇ ਨਾਲ ਚੇਅਰਮੈਨ ਪਲੇਨਿੰਗ ਬੋਰਡ ਤੇਜਿੰਦਰ ਮਹਿਤਾ , ਜਿਲ੍ਹਾ ਚੇਅਰਮੈਨ ਟ੍ਰੇਡ ਕਮਿਸ਼ਨ ਵਿਨੋਦ ਸਿੰਗਲਾ, ਮੈਂਬਰ ਟ੍ਰੇਡ ਕਮਿਸ਼ਨ ਸੰਜੀਵ ਗੁਪਤਾ ਵੀ ਮੌਜੂਦ ਸਨ।

ਸ੍ਰੀ ਅਨਿਲ ਠਾਕੁਰ ਨੇ ਵਪਾਰੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਸਕੀਮ ਸਬੰਧੀ ਜ਼ਿਲ੍ਹਾ ਪ੍ਰਸ਼ਾਸਨ ਨਾਲ ਪੂਰਾ ਸਹਿਯੋਗ ਕਰਨ ਅਤੇ ਲੋੜੀਂਦੀ ਪ੍ਰਕਿਰਿਆ ਸਮੇਂ ਸਿਰ ਮੁਕੰਮਲ ਕਰਨ, ਤਾਂ ਜੋ ਯੋਗ ਦੁਕਾਨਦਾਰਾਂ ਨੂੰ ਸਕੀਮ ਦਾ ਲਾਭ ਮਿਲ ਸਕੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦੁਕਾਨਦਾਰਾਂ ਨੂੰ ਮਾਲਕੀ ਦੇ ਹੱਕ ਦੇਣ ਲਈ ਜੋ ਉਪਰਾਲਾ ਕੀਤਾ ਗਿਆ ਹੈ, ਉਸ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਇਸ ਸਕੀਮ ਨੂੰ ਲਾਗੂ ਕਰਨ ਲਈ ਸਾਰੇ ਸਬੰਧਤ ਵਿਭਾਗਾਂ ਅਤੇ ਵਪਾਰੀਆਂ ਦੇ ਸਹਿਯੋਗ ਨਾਲ ਲੋੜੀਂਦੇ ਕਦਮ ਚੁੱਕੇ ਜਾਣਗੇ। ਚੇਅਰਮੈਨ ਨੇ ਦੁਕਾਨਦਾਰਾਂ ਨੂੰ ਕਿਹਾ ਕਿ ਜਿਹੜੇ ਦੁਕਾਨਦਾਰ ਇਸ ਸਕੀਮ ਤਹਿਤ ਆਪਣੀ ਦੁਕਾਨ ਦੀ ਮਾਲਕੀ ਲੈਣਾ ਚਾਹੁੰਦੇ ਹਨ, ਉਹ 6 ਤਾਰੀਖ ਤੱਕ ਆਪਣੇ ਫਾਰਮ ਭਰ ਕੇ ਜਮ੍ਹਾਂ ਕਰਵਾਉਣ।

ਸਿੱਖਿਆ ਦੇ ਅੰਬਰ 'ਤੇ ਸਿਲਵਰ ਓਕਸ ਦੀ ਚਮਕ, ਪ੍ਰਿੰਸੀਪਲ ਤੇ ਕੋਆਰਡੀਨੇਟਰ ਨੂੰ ਐਵਾਰਡ

ਜੈਤੋਂ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਸੇਵਾਵਾਂ ਅਤੇ ਮੋਹਰੀ ਅਗਵਾਈ ਲਈ ਸਿਲਵਰ ਓਕਸ ਸਕੂਲ, ਸੇਵੇਵਾਲਾ (ਜੈਤੋ) ਦੀ ਪ੍ਰਿੰਸੀਪਲ ਪ੍ਰਿਅੰਕਾ ਮਹਿਤਾ ਅਤੇ ਕੋਆਰਡੀਨੇਟਰ ਰਮਨਪ੍ਰੀਤ ਕੌਰ ਨੂੰ 'ਐਜੂਕੇਸ਼ਨਲ ਲੀਡਰਸ਼ਿਪ ਐਵਾਰਡ-2026' ਨਾਲ ਸਨਮਾਨਿਤ ਕੀਤਾ ਗਿਆ ਹੈ। ਇਸ ਪ੍ਰਾਪਤੀ ਨਾਲ ਸਕੂਲ ਦਾ ਮਾਣ ਵਧਿਆ ਹੈ।

ਸਿਲਵਰਜ਼ੋਨ ਫਾਊਂਡੇਸ਼ਨ ਵੱਲੋਂ ਆਈ.ਪੀ. ਸਟੱਡੀ ਪਬਲੀਕੇਸ਼ਨਜ਼ ਦੇ ਸਹਿਯੋਗ ਨਾਲ ਜ਼ੀਰਕਪੁਰ ਸਥਿਤ ਹੋਲੀਡੇ ਇਨ ਵਿਖੇ ਕਰਵਾਏ ਸਮਾਗਮ ਦਾ ਮੁੱਖ ਵਿਸ਼ਾ 'ਸਿੱਖਿਆ ਦੇ ਭਵਿੱਖ ਦੀ ਕਲਪਨਾ' ਸੀ। ਇਸ ਮੌਕੇ ਸਿੱਖਿਆ ਵਿੱਚ ਨਵੀਨਤਾ, ਵਿਦਿਅਕ ਸੰਸਥਾਵਾਂ ਦੇ ਸੁਧਾਰ ਅਤੇ ਵਿਦਿਆਰਥੀਆਂ ਲਈ ਬਿਹਤਰ ਸਿੱਖਿਆ ਮਾਹੌਲ ਸਿਰਜਣ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।

ਸਮਾਗਮ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਸਾਬਕਾ ਜੱਜ ਜਸਟਿਸ ਜੋਰਾ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦੋਂਕਿ ਪੰਚਕੂਲਾ ਦੇ ਮੇਅਰ ਸ਼ਾਮ ਲਾਲ ਬਾਂਸਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਵੱਖ-ਵੱਖ ਸੂਬਿਆਂ ਤੋਂ ਆਏ ਸਿੱਖਿਆ ਮਾਹਿਰਾਂ ਨੇ ਪ੍ਰਭਾਵਸ਼ਾਲੀ ਅਗਵਾਈ, ਅਧਿਆਪਕਾਂ ਦੀ ਭੂਮਿਕਾ ਅਤੇ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕਰਨ 'ਤੇ ਜ਼ੋਰ ਦਿੱਤਾ।

ਦੋਵਾਂ ਨੂੰ ਮਿਲੇ ਸਨਮਾਨ 'ਤੇ ਸਕੂਲ ਦੇ ਸਟਾਫ਼ ਅਤੇ ਪ੍ਰਬੰਧਕੀ ਕਮੇਟੀ ਨੇ ਖ਼ੁਸ਼ੀ ਪ੍ਰਗਟ ਕਰਦਿਆਂ ਵਧਾਈ ਦਿੱਤੀ।

ਡੀ.ਬੀ.ਈ.ਈ., ਪਟਿਆਲਾ ਵਿਖੇ 30 ਅਕਤੂਬਰ ਨੂੰ ਰਮਾਯਾ ਹੈਲਥ ਕੇਅਰ ਦਾ ਪਲੇਸਮੈਂਟ ਕੈਂਪ

ਪਟਿਆਲਾ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-


ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਟਿਆਲਾ ਵੱਲੋਂ ਮਿਤੀ 30 ਅਕਤੂਬਰ ਦਿਨ ਸ਼ੁੱਕਰਵਾਰ, ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਰਮਾਯਾ ਹੈਲਥ ਕੇਅਰ ਕੰਪਨੀ ਵਲੋਂ ਵੈਲਨੈਸ ਐਡਵਾਈਜ਼ਰ ਦੀਆਂ ਅਸਾਮੀਆਂ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।

ਇਸ ਬਾਰੇ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ, ਜ਼ਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਬਿਊਰੋ ਰਵਿੰਦਰਪਾਲ ਸਿੰਘ ਨੇ ਦੱਸਿਆ ਕਿ ਰਮਾਯਾ ਹੈਲਥ ਕੇਅਰ ਕੰਪਨੀ ਵਲੋਂ ਵੈਲਨੈਸ ਐਡਵਾਈਜ਼ਰ ਦੀਆਂ ਅਸਾਮੀਆਂ ਲਈ ਉਮੀਦਵਾਰਾਂ ਦੀ ਮੰਗ ਕੀਤੀ ਗਈ ਹੈ।ਜਿਸ ਲਈ ਉਮਰ 18 ਤੋਂ 30 ਸਾਲ, ਵਿੱਦਿਅਕ ਯੋਗਤਾ ਦਸਵੀਂ, ਬਾਰਵੀਂ ਅਤੇ ਮਰਦ ਤੇ ਔਰਤਾਂ ਦੋਵੇਂ ਇੰਟਰਵਿਊ ਦੇ ਸਕਦੇ ਹਨ।

ਨੌਕਰੀ ਦੇ ਚਾਹਵਾਨ ਉਮੀਦਵਾਰ ਇਸ ਪਲੇਸਮੈਂਟ ਕੈਂਪ ਵਿੱਚ ਭਾਗ ਲੈਣ ਲਈ ਆਪਣੀ ਯੋਗਤਾ ਦੇ ਸਾਰੇ ਸਰਟੀਫਿਕੇਟ, ਉਨ੍ਹਾਂ ਦੀਆਂ ਫੋਟੋਕਾਪੀਆਂ ਅਤੇ ਰਜ਼ਿਊਮੇ ਨਾਲ ਲੈ ਕੇ ਮਿਤੀ 30-10-2026, ਸਵੇਰੇ 10 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਲਾਕ ਡੀ, ਮਿੰਨੀ ਸਕੱਤਰੇਤ, ਨੇੜੇ ਸੇਵਾ ਕੇਂਦਰ, ਪਟਿਆਲਾ ਵਿਖੇ ਪਹੁੰਚ ਕੇ ਇਸ ਕੈਂਪ ਵਿੱਚ ਹਿੱਸਾ ਲੈਣ। ਵਧੇਰੇ ਜਾਣਕਾਰੀ ਲਈ ਦਫ਼ਤਰ ਦੇ ਹੈਲਪਲਾਈਨ ਨੰਬਰ 98776-10877 ਤੇ ਸੰਪਰਕ ਕਰ ਸਕਦੇ ਹਨ।

ਰੂਪਨਗਰ ਵਿਖੇ ਦਲਿਤ ਭਾਈਚਾਰੇ ਦੇ ਆਗੂਆਂ ਵੱਲੋਂ ਰੋਸ ਪ੍ਰਦਰਸ਼ਨ, ਬਰਿੰਦਰ ਢਿੱਲੋਂ ਖ਼ਿਲਾਫ਼ ਕਾਰਵਾਈ ਦੀ ਮੰਗ

ਰੂਪਨਗਰ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਕਾਂਗਰਸੀ ਆਗੂ ਬਰਿੰਦਰ ਢਿੱਲੋਂ ਵੱਲੋਂ ਦਲਿਤ ਭਾਈਚਾਰੇ ਨਾਲ ਸਬੰਧਤ ਕਾਂਗਰਸੀ ਆਗੂ ਰਣਜੀਤ ਸਿੰਘ ਤਨਖਾਨ ਮਾਜਰਾ ਦੇ ਸਨਮਾਨ ਦੇ ਖ਼ਿਲਾਫ਼ ਕਥਿਤ ਤੌਰ 'ਤੇ ਟਿੱਪਣੀਆਂ ਕਰਨ ਅਤੇ ਉਨ੍ਹਾਂ ਨਾਲ ਧੱਕੇਸ਼ਾਹੀ ਕੀਤੇ ਜਾਣ ਦੇ ਮਾਮਲੇ ਨੂੰ ਲੈ ਕੇ ਅੱਜ ਰੂਪਨਗਰ ਵਿਖੇ ਦਲਿਤ ਭਾਈਚਾਰੇ ਦੇ ਆਗੂਆਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਮਾਮਲੇ ਦੀ ਨਿੰਦਾ ਕਰਦਿਆਂ ਇਨਸਾਫ਼ ਦੀ ਮੰਗ ਕੀਤੀ।

ਰੋਸ ਪ੍ਰਦਰਸ਼ਨ ਵਿੱਚ ਸ਼ਾਮਲ ਆਗੂਆਂ ਨੇ ਕਿਹਾ ਕਿ ਕਿਸੇ ਵੀ ਵਿਅਕਤੀ ਦੇ ਸਨਮਾਨ ਨੂੰ ਠੇਸ ਪਹੁੰਚਾਉਣ ਵਾਲੀਆਂ ਟਿੱਪਣੀਆਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਉਨ੍ਹਾਂ ਮੰਗ ਕੀਤੀ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਸਬੰਧਤ ਧਿਰ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇ, ਤਾਂ ਜੋ ਪੀੜਤ ਆਗੂ ਨੂੰ ਇਨਸਾਫ਼ ਮਿਲ ਸਕੇ।

ਇਸ ਮੌਕੇ ਗੁਰਵਿੰਦਰ ਸਿੰਘ ਗੋਲਡੀ ਪੁਰਖਾਲੀ, ਬਨਵਾਰੀ ਲਾਲ ਰੋਪੜ, ਰਾਜੇਸ਼ ਬੰਗੜ ਰੋਪੜ, ਜਸਵੀਰ ਸਿੰਘ ਸਾਬਕਾ ਸਰਪੰਚ ਰਾਮਪੁਰ ਮਾਜਰੀ, ਸੁਖਵਿੰਦਰ ਸਿੰਘ ਸਰਪੰਚ ਭੰਗਾਲਾ, ਜਸਬੀਰ ਸਿੰਘ ਸਰਪੰਚ ਸਨਾਣਾ, ਜਗਮੇਲ ਸਿੰਘ ਸਰਪੰਚ ਫਤਿਹਪੁਰ, ਹਰਚੰਦ ਸਿੰਘ ਫਤਿਹਪੁਰ, ਅਮਰਾਓ ਸਿੰਘ ਬੱਦੋਮਾਜਰਾ, ਗੁਰਦਿਆਲ ਸਿੰਘ ਰੋਪੜ, ਜਸਵੀਰ ਸਿੰਘ ਰੋਪੜ ਅਤੇ ਹਰਵਿੰਦਰ ਸਿੰਘ ਚਿਤਾਵਲੀ ਬਿਕਰਮਜੀਤ ਸਿੰਘ ਵਿੱਕੀ ਪੰਡਿਤ ਮੁਗੇਸ਼ ਜੀ ਰੋਪੜ ਸਮੇਤ ਹੋਰ ਕਈ ਆਗੂ ਹਾਜ਼ਰ ਸਨ।

ਪ੍ਰਦਰਸ਼ਨਕਾਰੀਆਂ ਨੇ ਜ਼ੋਰ ਦੇ ਕੇ ਕਿਹਾ ਕਿ ਸਮਾਜ ਦੇ ਹਰ ਵਰਗ ਦੇ ਲੋਕਾਂ ਦੇ ਮਾਣ-ਸਨਮਾਨ ਦੀ ਰੱਖਿਆ ਹੋਣੀ ਚਾਹੀਦੀ ਹੈ ਅਤੇ ਅਜਿਹੇ ਮਾਮਲਿਆਂ ਵਿੱਚ ਨਿਆਂ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਕਾਂਗਰਸ ਪਾਰਟੀ ਦੇ ਕੁਝ ਵੱਡੇ ਆਗੂਆਂ ਵੱਲੋਂ ਦਲਿਤ ਭਾਈਚਾਰੇ ਦੇ ਆਗੂਆਂ ਨਾਲ ਧੱਕੇਸ਼ਾਹੀ ਅਤੇ ਬਦਤਮੀਜ਼ੀ ਕੀਤੀ ਜਾ ਰਹੀ ਹੈ। ਆਗੂਆਂ ਨੇ ਪਾਰਟੀ ਹਾਈਕਮਾਂਡ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਅਜਿਹੀਆਂ ਘਟਨਾਵਾਂ ਦਾ ਗੰਭੀਰ ਨੋਟਿਸ ਲੈਂਦਿਆਂ ਦੋਸ਼ੀਆਂ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇ।

ਹਰਸਿਮਰਤ ਕੌਰ ਬਾਦਲ ਨੇ ਸੂਬੇ ਵਿਚ ਲਗਾਤਾਰ ਵਾਪਰ ਰਹੀਆਂ ਹਿੰਸਕ ਘਟਨਾਵਾਂ ਲਈ ਮੁੱਖ ਮੰਤਰੀ ਨੂੰ ਜ਼ਿੰਮੇਵਾਰ ਠਹਿਰਾਇਆ

ਰਾਜਪੁਰਾ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਅੱਜ ਪੰਜਾਬ ਵਿਚ ਲਗਾਤਾਰ ਵਾਪਰ ਰਹੀਆਂ ਨਿਰਦਈ ਹਿੰਸਕ ਘਟਨਾਵਾਂ 'ਤੇ ਹੈਰਾਨੀ ਪ੍ਰਗਟ ਕਰਦਿਆਂ ਜ਼ੋਰ ਦੇ ਕੇ ਕਿਹਾ ਕਿ ਇਹ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਪਣੀ ਜ਼ਿੰਮੇਵਾਰੀ ਤਿਆਗਣ ਦਾ ਸਿੱਧਾ ਨਤੀਜਾ ਹਨ ਕਿਉਂਕਿ ਉਹਨਾਂ ਨੇ ਆਪਣੀ ਜ਼ਿੰਮੇਵਾਰੀ ਨਿਭਾਉਣੀ ਛੱਡ ਦਿੱਤੀ ਜਿਸ ਕਾਰਨ ਗੈਂਗਸਟਰ ਤੇ ਨਸ਼ਾ ਤਸਕਰ ਆਪਣੀ ਮਨਮਰਜ਼ੀ ਮੁਤਾਬਕ ਕੰਮ ਕਰ ਰਹੇ ਹਨ।

ਬਠਿੰਡਾ ਦੇ ਐਮ ਪੀ ਜਿਹਨਾਂ ਨੇ ਡੇਰਾ ਬੱਸੀ ਅਤੇ ਘਨੌਰ ਵਿਖੇ ਮਾਵਾਂ ਧੀਆਂ ਇਨਸਾਫ ਯਾਤਰਾ ਦੇ ਹਿੱਸੇ ਵਜੋਂ ਵਿਸ਼ਾਲ ਜਨਤਕ ਰੈਲੀ ਨੂੰ ਸੰਬੋਧਨ ਕੀਤਾ, ਨੇ ਕਿਹਾ ਕਿ ਪੰਜਾਬ ਵੇਖ ਰਿਹਾ ਹੈ ਕਿ ਕਿਵੇਂ ਸੂਬੇ ਵਿਚ ਇਕ ਤੋਂ ਬਾਅਦ ਇਕ ਹਿੰਸਕ ਘਟਨਾਵਾਂ ਵਾਪਰ ਰਹੀਆਂ ਹਨ ਤੇ ਇਕ ਨੌਜਵਾਨ ਦੀ ਬਾਂਹ ਵੱਢ ਦਿੱਤੀ ਗਈ ਤੇ ਉਸਦੇ ਮਾਪਿਆਂ ਨੂੰ ਭੇਜ ਦਿੱਤੀਗਈ ਤੇ ਪਟਿਆਲਾ, ਮੋਗਾ ਤੇ ਜਗਰਾਓਂ ਵਿਚ ਨੌਜਵਾਨਾਂ ਦੇ ਕਤਲ ਹੋਏ।

ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਰਾਹੁਲ ਗਾਂਧੀ ਨੂੰ ਪੁੱਛਿਆ ਕਿ ਉਹ ਪੰਜਾਬ ਦੇ ਨੌਜਵਾਨਾਂ ਦੀ ਬਦਨਾਮੀ ਕਰਨ ਤੋਂ ਬਾਅਦ ਹੁਣ ਨੌਜਵਾਨਾਂ ਵਾਸਤੇ ਕੀ ਸੁਨੇਹਾ ਲੈ ਕੇ ਆਉਣਾ ਚਾਹੁੰਦੇ ਹਨ। ਉਹਨਾਂ ਨੇ ਰਾਹੁਲ ਗਾਂਧੀ ਨੂੰ ਇਕ ਫੇਲ੍ਹ ਆਗੂ ਕਰਾਰ ਦਿੱਤਾ ਜਿਸਨੂੰ ਪੰਜਾਬ ਆ ਕੇ ਪੰਜਾਬੀਆਂ ਨੂੰ ਗੁੰਮਰਾਹ ਕਰਨ ਤੇ ਧੋਖਾ ਦੇਣ ਦੀ ਥਾਂ ਸਿਰਫ ਆਪਣੇ 'ਤੇ ਹੀ ਧਿਆਨ ਲਗਾਉਣਾ ਚਾਹੀਦਾ ਹੈ। ਉਹਨਾਂ ਨੇ ਕਾਂਗਰਸ ਪਾਰਟੀ ਵੱਲੋਂ 1 ਨਵੰਬਰ ਦੀ ਰੈਲੀ ਦਾ ਪ੍ਰੋਗਰਾਮ ਜਾਰੀ ਰੱਖਣ ਦੀ ਵੀ ਨਿਖੇਧੀ ਕੀਤੀ ਅਤੇ ਕਿਹਾ ਕਿ ਇਹ ਦਿਨ ਸਿੱਖਾਂ ਨੂੰ ਦਿੱਲੀ ਤੇ ਦੇਸ਼ ਦੇ ਹੋਰ ਭਾਗਾਂ ਵਿਚ ਹੋਏ ਕਤਲੇਆਮ ਨੂੰ ਚੇਤੇ ਕਰਵਾਉਂਦਾ ਹੈ।

ਮੁੱਖ ਮੰਤਰੀ ਦੀ ਗੱਲ ਕਰਦਿਆਂ ਸਰਦਾਰਨੀ ਬਾਦਲ ਨੇ ਕਿਹਾ ਕਿ ਇਹ ਬਹੁਤ ਹੀ ਸ਼ਰਮ ਵਾਲੀ ਗੱਲ ਹੈ ਕਿ ਮੁੱਖ ਮੰਤਰੀ ਨੇ ਨਸ਼ਾ ਵਿਰੋਧੀ ਕਾਰਕੁੰਨ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨਾਲ ਹੀ ਮਿਲਣ ਤੋਂ ਇਨਕਾਰ ਕਰ ਦਿੱਤਾ। ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਭਗਵੰਤ ਮਾਨ ਨੇ ਕਿਹਾ ਹੈ ਕਿ ਪੀੜਤ ਪਰਿਵਾਰਾਂ ਦੀਆਂ ਮੰਗਾਂ ਵਾਜਬ ਨਹੀਂ ਹਨ। ਉਹਨਾਂ ਕਿਹਾ ਕਿ ਪਰਿਵਾਰ ਜਿਸਨੇ ਨਸ਼ਾ ਮਾਫੀਆ ਕਾਰਨ ਆਪਣਾ ਇਕਲੌਤਾ ਪੁੱਤਰ ਗੁਆਇਆ, ਸਿਰਫ ਸਰ ?ਆਸਤਦਾਨ-ਪੁਲਿਸ-ਪ੍ਰਸ਼ਾਸਨ ਗੰਢਤੁੱਪ ਦੇ ਖਿਲਾਫ ਕਾਰਵਾਈ ਦੀ ਮੰਗ ਕਰ ਰਿਹਾ ਹੈ। ਉਹਨਾਂ ਕਿਹਾ ਕਿ ਪਰਿਵਾਰ ਨੂੰ ਉਹਨਾਂ ਪੁਲਿਸ ਅਫਸਰਾਂ ਦੇ ਖਿਲਾਫ ਕਾਰਵਾਈ ਦੀ ਮੰਗ ਕਰਨ ਦਾ ਹੱਕ ਹੈ ਜਿਹਨਾਂ ਨੇ ਪਰਵਿੰਦਰ ਝੋਟਾ ਦੇ ਕਾਤਲ ਅਸ਼ਵਨੀ ਕੁਮਾਰ ਨੂੰ ਹਥਿਆਰਾਂ ਦਾ ਲਾਇਸੰਸ ਦਿੱਤਾ ਅਤੇ ਉਸ ਡਰੱਗ ਇੰਸਪੈਕਟਰ ਦੇ ਖਿਲਾਫ ਵੀ ਜਿਸਦੀ ਨਿਗਰਾਨੀ ਹੇਠ ਅਸ਼ਵਨੀ ਕੁਮਾਰ ਦੇ ਮੈਡੀਕਲ ਸਟੋਰ 'ਤੇ ਨਸ਼ਾ ਵਿਕਦਾ ਰਿਹਾ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਦਾ ਨਸ਼ਾ ਮਾਫੀਆ ਦੇ ਖਿਲਾਫ ਕਾਰਵਾਈ ਦਾ ਕੋਈ ਇਰਾਦਾ ਨਹੀਂ ਹੈ। ਉਹਨਾਂ ਕਿਹਾ ਕਿ ਹੁਣ ਸਾਨੂੰ ਇਸ ਬੁਰਾਈ ਤੋਂ ਆਪਣੇ ਸੂਬੇ ਦਾ ਆਪ ਬਚਾਅ ਕਰਨਾ ਪਵੇਗਾ। ਉਹਨਾਂ ਕਿਹਾ ਕਿ ਇਹੀ ਕਾਰਨ ਹੈ ਕਿ ਮਾਵਾਂ ਧੀਆਂ ਦੀ ਫੌਜ ਦੀ ਸਿਰਜਣਾ ਕੀਤੀ ਗਈ ਹੈ। ਉਹਨਾਂ ਨੇ ਸਾਰੀਆਂ ਮਹਿਲਾਵਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਦਾ ਹਿੱਸਾ ਬਣਨ ਅਤੇ 15-15 ਮਹਿਲਾਵਾਂ ਦੇ ਜੱਥੇ ਬਣਾ ਕੇ ਪਿੰਡਾਂ ਵਿਚ ਨਸ਼ਾ ਤਸਕਰੀ ਰੋਕਣ ਵਾਸਤੇ ਕੰਮ ਕਰਨ। ਉਹਨਾਂ ਇਹ ਵੀ ਅਪੀਲ ਕੀਤੀ ਕਿ ਮਹਿਲਾਵਾਂ ਨਸ਼ਾ ਵੇਚਣ ਵਾਲਿਆਂ ਤੇ ਉਹਨਾਂ ਦੀ ਪੁਸ਼ਤਪਨਾਹੀ ਕਰਨ ਵਾਲਿਆਂ ਦਾ ਰਿਕਾਰਡ ਬਣਾਉਣ। ਉਹਨਾਂ ਕਿਹਾ ਕਿ 2027 ਵਿਚ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਇਕ ਮਹਿਲਾ ਡੀ ਜੀ ਪੀ ਦੀ ਅਗਵਾਈ ਹੇਠ ਵਿਸ਼ੇਸ਼ ਟਾਸਕ ਫੋਰਸ ਬਣਾ ਕੇ ਉਹਨਾਂ ਵੱਲੋਂ ਬਣਾਈਆਂ ਲਿਸਟਾਂ ਦੇ ਆਧਾਰ 'ਤੇ ਨਸ਼ਾ ਤਸਕਰਾਂ ਤੇ ਉਹਨਾਂ ਦੀ ਪੁਸ਼ਤਪਨਾਹੀ ਕਰਨ ਵਾਲਿਆਂ ਦੇ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਹਨਾਂ ਇਹ ਵੀ ਦੱਸਿਆਕਿ ਅਕਾਲੀ ਦਲ ਦੀ ਸਰਕਾਰ ਕਾਨੂੰਨ ਬਦਲ ਕੇ ਨਸ਼ਾ ਤਸਕਰਾਂ ਨੂੰ 10 ਸਾਲ ਤੱਕ ਜ਼ਮਾਨਤ ਨਾ ਮਿਲਣਾ ਅਤੇ ਉਹਨਾਂ ਦੀ ਸਾਰੀ ਜਾਇਦਾਦ ਜ਼ਬਤ ਕਰਨਾ ਯਕੀਨੀ ਬਣਾਏਗੀ। ਸਰਦਾਰਨੀ ਬਾਦਲ ਨੇ ਉਹਨਾਂ ਮਾਵਾਂ ਨਾਲ ਹਮਦਰਦੀ ਪ੍ਰਗਟ ਕੀਤੀ ਜਿਹਨਾਂ ਨੇ ਨਸ਼ਿਆਂ ਕਾਰਨ ਆਪਣੇ ਪੁੱਤਰ ਗੁਆਏ। ਉਹਨਾਂ ਕਿਹਾ ਕਿ ਸੁਲਤਾਨਪੁਰ ਲੋਧੀ ਦੀ ਮਨਜੀਤ ਕੌਰ ਜਿਸਨੇ ਨਸ਼ਿਆਂ ਕਾਰਨ ਪੰਜ ਪੁੱਤਰ ਗੁਆਏ ਤੇ ਪ੍ਰੀਤੋ ਜਿਸਨੇ ਚਾਰ ਪੁੱਤਰ ਗੁਆਏ, ਦਾ ਦੁੱਖ ਵੇਖਣਾ ਬਹੁਤ ਮੁਸ਼ਕਿਲ ਹੈ। ਉਹਨਾਂ ਨੇ ਪਰਵਿੰਦਰ ਝੋਟਾ ਦੇ ਮਾਤਾ ਤੇ ਪਤਨੀ ਦੀ ਸ਼ਲਾਘਾ ਕੀਤੀ ਜੋ ਨਸ਼ਾ ਵਿਰੋਧੀ ਕਾਰਕੁੰਨ ਵਾਸਤੇ ਨਿਆਂ ਹਾਸਲ ਕਰਨ ਵਾਸਤੇ ਆਪ ਸਰਕਾਰ ਦੀ ਤਾਕਤ ਮੂਹਰੇ ਡੱਟ ਕੇ ਖੜ੍ਹੇ ਹੋਏ ਹਨ। ਇਸ ਮੌਕੇ ਯੂਥ ਅਕਾਲੀ ਦਲ ਦੇ ਪ੍ਰਧਾਨ ਤੇ ਹਲਕਾ ਇੰਚਾਰਜ ਸਰਬਜੀਤ ਸਿੰਘ ਝਿੰਜਰ ਇਹ ਗੱਲ ਵੀ ਕੀਤੀ ਕਿ ਕਿਵੇਂ ਨਸ਼ਿਆਂ ਕਾਰਨ ਨੌਜਵਾਨਾਂ ਦੀ ਸਾਰੀ ਪੀੜੀ ਮੌਤ ਦੇ ਮੂੰਹ ਵਿਚ ਪੈ ਰਹੀ ਹੈ।ਇਸ ਮੌਕੇ ਤੇ ਹੋਰਨਾਂ ਆਗੂਆਂ ਤੋਂ ਇਲਾਵਾ ਪਰਮਿੰਦਰ ਕੌਰ ਅਤੇ ਹਰਪ੍ਰੀਤ ਕੌਰ ਮੁਖਮੈਲਪੁਰ ਨੇ ਵੀ ਸੰਬੋਧਿਤ ਕੀਤਾ।

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਬੀ.ਐੱਸ. ਕਸ਼ਯਪ ਨੂੰ ਡਾ. ਬੀ.ਆਰ. ਅੰਬੇਡਕਰ ਰਾਸ਼ਟਰੀ ਪੁਰਸਕਾਰ ਨਾਲ ਕੀਤਾ ਸਨਮਾਨਿਤ



ਲੁਧਿਆਣਾ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਖੇ ਕਰਵਾਏ ਗਏ ਡਾ. ਬੀ.ਆਰ. ਅੰਬੇਡਕਰ ਨੈਸ਼ਨਲ ਐਵਾਰਡ ਸਮਾਰੋਹ ਦੌਰਾਨ ਅਮਰ ਸ਼ਹੀਦ ਬਾਬਾ ਮੋਤੀ ਰਾਮ ਜੀ ਮਹਿਰਾ ਚੈਰੀਟੇਬਲ ਫਾਊਂਡੇਸ਼ਨ ਦੇ ਨੈਸ਼ਨਲ ਚੇਅਰਮੈਨ ਬੀ.ਐੱਸ. ਕਸ਼ਯਪ ਨੂੰ ਡਾ. ਬੀ.ਆਰ. ਅੰਬੇਡਕਰ ਰਾਸ਼ਟਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਉਨ੍ਹਾਂ ਨੂੰ ਇਹ ਸਨਮਾਨ ਲੋਕ ਜਨਸ਼ਕਤੀ ਪਾਰਟੀ (ਰਾਮ ਵਿਲਾਸ) ਦੇ ਜਨਰਲ ਸਕੱਤਰ ਕੇ.ਪੀ. ਚੌਧਰੀ ਅਤੇ ਹਰਿਆਣਾ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੀ ਚੇਅਰਪਰਸਨ ਸ੍ਰੀਮਤੀ ਬੰਤੋ ਕਟਾਰੀਆ ਵੱਲੋਂ ਪ੍ਰਦਾਨ ਕੀਤਾ ਗਿਆ।

ਇਸ ਮੌਕੇ ਸ੍ਰੀਮਤੀ ਬੰਤੋ ਕਟਾਰੀਆ ਨੇ ਅਮਰ ਸ਼ਹੀਦ ਬਾਬਾ ਮੋਤੀ ਰਾਮ ਜੀ ਮਹਿਰਾ ਦੀ ਮਹਾਨ ਸੇਵਾ ਅਤੇ ਲਾਸਾਨੀ ਸ਼ਹਾਦਤ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਕੁਰਬਾਨੀ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਬਾਬਾ ਮੋਤੀ ਰਾਮ ਜੀ ਮਹਿਰਾ ਦੀ ਸੇਵਾ, ਤਿਆਗ ਅਤੇ ਸ਼ਹਾਦਤ ਸਮੁੱਚੇ ਸਮਾਜ ਲਈ ਪ੍ਰੇਰਣਾ ਦਾ ਸਰੋਤ ਹਨ। ਉਨ੍ਹਾਂ ਨੇ ਮਹਾਨ ਸ਼ਹੀਦ ਨੂੰ ਕੋਟਿ-ਕੋਟਿ ਪ੍ਰਣਾਮ ਕਰਦਿਆਂ ਉਨ੍ਹਾਂ ਦੀ ਯਾਦ ਨੂੰ ਸਦਾ ਸਤਿਕਾਰ ਨਾਲ ਸੰਭਾਲ ਕੇ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ। ਸਮਾਰੋਹ ਦੌਰਾਨ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ ਅਤੇ ਸਮਾਜ ਸੇਵਾ, ਸਮਾਨਤਾ ਤੇ ਮਹਾਨ ਸ਼ਖ਼ਸੀਅਤਾਂ ਦੇ ਯੋਗਦਾਨ ਨੂੰ ਯਾਦ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

ਇਸ ਮੌਕੇ ਆਰ.ਪੀ. ਸਿੰਘ ਬਾਵਾ, ਰਮੇਸ਼ ਕੁਮਾਰ, ਸੰਜੇ ਸਾਹਨੀ, ਓਮ ਪ੍ਰਕਾਸ਼ ਸਿੰਘ ਕਸ਼ਯਪ, ਪੰਕਜ ਭਾਰਤ ਵਾਜ, ਡਾ. ਸੁਰਿੰਦਰ ਕੁਮਾਰ, ਰੁਪੇਸ਼ ਕੁਮਾਰ, ਗੁੱਡੂ ਸਿੰਘ, ਵਿਜੇ ਕਪੂਰ ਸਮੇਤ ਹੋਰ ਕਈ ਜਾਣੀਆਂ-ਪਛਾਣੀਆਂ ਸ਼ਖ਼ਸੀਅਤਾਂ ਵੀ ਮੌਜੂਦ ਸਨ।

ਬੇਰੁਜ਼ਗਾਰ ਨੌਜਵਾਨਾਂ ਲਈ ਸ਼ੁਰੂ ਹੋਣਗੀਆਂ ਬੇਰੁਜ਼ਗਾਰੀ ਭੱਤੇ ਲਈ ਅਰਜ਼ੀਆਂ 30 ਨਵੰਬਰ ਤੱਕ ਕਰੋ ਆਨਲਾਈਨ ਅਰਜ਼ੀ, ਮਿਲੇਗਾ 2,000 ਰੁਪਏ ਤੱਕ ਮਹੀਨਾਵਾਰ ਭੱਤਾ

ਚੰਡੀਗੜ੍ਹ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਸਰਕਾਰ ਸੂਬੇ ਦੇ ਪੜ੍ਹੇ-ਲਿਖੇ ਬੇਰੁਜ਼ਗਾਰ ਨੌਜਵਾਨਾਂ ਨੂੰ ਆਰਥਿਕ ਸਹਾਇਤਾ ਪ੍ਰਦਾਨ ਕਰਨ ਲਈ ਆਮ ਬੇਰੁਜ਼ਗਾਰੀ ਭੱਤਾ ਯੋਜਨਾ ਤਹਿਤ ਸਾਲ 2026-27 ਲਈ ਅਰਜ਼ੀਆਂ ਨਵੰਬਰ ਤੋਂ ਲੈਣ ਜਾ ਰਹੀ ਹੈ। ਯੋਗ ਨੌਜਵਾਨ 30 ਨਵੰਬਰ 2026 ਤੱਕ ਇੰਟਰਨੈਟ ਰਾਹੀਂ ਅਰਜ਼ੀ ਦੇ ਸਕਣਗੇ। ਨਿਰਧਾਰਤ ਮਿਤੀ ਤੋਂ ਬਾਅਦ ਕੋਈ ਵੀ ਅਰਜ਼ੀ ਸਵੀਕਾਰ ਨਹੀਂ ਕੀਤੀ ਜਾਵੇਗੀ।

ਇਹ ਜਾਣਕਾਰੀ ਦਿੰਦਿਆਂ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਯੋਜਨਾ ਤਹਿਤ ਬਾਰ੍ਹਵੀਂ ਪਾਸ, ਦੋ ਸਾਲ ਦਾ ਸਰਟੀਫਿਕੇਟ ਜਾਂ ਡਿਪਲੋਮਾ ਧਾਰਕ ਨੌਜਵਾਨਾਂ ਨੂੰ 1,200 ਰੁਪਏ ਪ੍ਰਤੀ ਮਹੀਨਾ ਅਤੇ ਗ੍ਰੈਜੂਏਸ਼ਨ ਜਾਂ ਇਸ ਤੋਂ ਉੱਚੀ ਸਿੱਖਿਆ ਪ੍ਰਾਪਤ ਜਾਂ ਤਿੰਨ ਸਾਲ ਦਾ ਡਿਪਲੋਮਾ ਧਾਰਕ ਨੌਜਵਾਨਾਂ ਨੂੰ 2,000 ਰੁਪਏ ਪ੍ਰਤੀ ਮਹੀਨਾ ਬੇਰੁਜ਼ਗਾਰੀ ਭੱਤਾ ਦਿੱਤਾ ਜਾਵੇਗਾ।

ਯੋਗਤਾ ਦੀਆਂ ਸ਼ਰਤਾਂ ਬਾਰੇ ਉਨ੍ਹਾਂ ਦੱਸਿਆ ਕਿ ਬਿਨੈਕਾਰ ਦਾ ਹਰਿਆਣਾ ਦਾ ਮੂਲ ਨਿਵਾਸੀ ਹੋਣਾ ਅਤੇ 1 ਨਵੰਬਰ 2026 ਤੱਕ ਸੂਬੇ ਦੇ ਕਿਸੇ ਵੀ ਰੋਜ਼ਗਾਰ ਦਫ਼ਤਰ ਵਿੱਚ ਘੱਟੋ-ਘੱਟ ਲਗਾਤਾਰ ਤਿੰਨ ਸਾਲਾਂ ਤੋਂ ਰਜਿਸਟਰਡ ਹੋਣਾ ਲਾਜ਼ਮੀ ਹੈ। ਬਿਨੈਕਾਰ ਦੀ ਉਮਰ 21 ਤੋਂ 35 ਸਾਲ ਦੇ ਵਿਚਕਾਰ ਹੋਣੀ ਚਾਹੀਦੀ ਹੈ।

ਉਹ ਕਿਸੇ ਸੰਸਥਾ ਵਿੱਚ ਵਿਦਿਆਰਥੀ ਜਾਂ ਸਿਖਿਆਰਥੀ ਨਹੀਂ ਹੋਣਾ ਚਾਹੀਦਾ, ਨਾ ਹੀ ਸਵੈ-ਰੁਜ਼ਗਾਰ ਵਿੱਚ ਲੱਗਿਆ ਹੋਣਾ ਚਾਹੀਦਾ ਹੈ ਅਤੇ ਨਾ ਹੀ ਸਮਰੱਥ ਯੁਵਾ ਯੋਜਨਾ ਦਾ ਲਾਭਪਾਤਰੀ ਹੋਣਾ ਚਾਹੀਦਾ ਹੈ। ਇਸ ਤੋਂ ਇਲਾਵਾ, ਬਿਨੈਕਾਰ ਦੇ ਪਰਿਵਾਰ ਦੀ ਸਾਰੇ ਸਰੋਤਾਂ ਤੋਂ ਸਾਲਾਨਾ ਆਮਦਨ 3 ਲੱਖ ਰੁਪਏ ਤੋਂ ਵੱਧ ਨਹੀਂ ਹੋਣੀ ਚਾਹੀਦੀ। ਪਰਿਵਾਰ ਕੋਲ 10 ਲੱਖ ਰੁਪਏ ਤੋਂ ਵੱਧ ਮੁੱਲ ਦੀ ਰਿਹਾਇਸ਼ੀ ਜਾਂ ਵਪਾਰਕ ਜਾਇਦਾਦ ਜਾਂ 2 ਹੈਕਟੇਅਰ ਤੋਂ ਵੱਧ ਖੇਤੀਬਾੜੀ ਵਾਲੀ ਜ਼ਮੀਨ ਵੀ ਨਹੀਂ ਹੋਣੀ ਚਾਹੀਦੀ।

ਇੱਛੁਕ ਨੌਜਵਾਨ ਵਿਭਾਗ ਦੀ ਵੈੱਬਸਾਈਟ hrex.gov.in 'ਤੇ ਜਾ ਕੇ ਅਰਜ਼ੀ ਦੇ ਸਕਦੇ ਹਨ। ਅਰਜ਼ੀ ਦੇ ਸਮੇਂ ਪਰਿਵਾਰ ਪਛਾਣ ਪੱਤਰ, ਆਧਾਰ ਕਾਰਡ, ਆਧਾਰ ਨਾਲ ਜੁੜੀ ਬੈਂਕ ਪਾਸਬੁੱਕ, ਵਿੱਦਿਅਕ ਯੋਗਤਾ ਦੇ ਸਰਟੀਫਿਕੇਟ, ਰਿਹਾਇਸ਼ੀ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਮਾਲ ਅਧਿਕਾਰੀ ਵੱਲੋਂ ਤਸਦੀਕ ਕੀਤਾ ਜਾਇਦਾਦ ਸਬੰਧੀ ਹਲਫ਼ਨਾਮਾ ਅਤੇ ਸਵੈ-ਘੋਸ਼ਣਾ ਪੱਤਰ ਨੱਥੀ ਕਰਨਾ ਲਾਜ਼ਮੀ ਹੈ। ਵਿਆਹੀਆਂ ਮਹਿਲਾ ਬਿਨੈਕਾਰਾਂ ਨੂੰ ਸਹੁਰੇ ਪਰਿਵਾਰ ਦਾ ਰਾਸ਼ਨ ਕਾਰਡ ਵੀ ਪੇਸ਼ ਕਰਨਾ ਹੋਵੇਗਾ। ਉਨ੍ਹਾਂ ਦੱਸਿਆ ਕਿ ਵਿਭਾਗੀ ਨਿਯਮਾਂ ਅਤੇ ਸ਼ਰਤਾਂ ਨੂੰ ਪੂਰਾ ਕਰਨ ਵਾਲੇ ਨੌਜਵਾਨ ਆਖਰੀ ਮਿਤੀ ਦੀ ਉਡੀਕ ਕੀਤੇ ਬਿਨਾਂ ਸਮੇਂ ਸਿਰ ਵੈੱਬਸਾਈਟ 'ਤੇ ਰਜਿਸਟ੍ਰੇਸ਼ਨ ਅਤੇ ਅਰਜ਼ੀ ਦੇਣਾ ਯਕੀਨੀ ਬਣਾਉਣ, ਤਾਂ ਜੋ ਉਹ ਯੋਜਨਾ ਦੇ ਲਾਭ ਤੋਂ ਵਾਂਝੇ ਨਾ ਰਹਿਣ।

ਹਰਿਆਣਾ ਵਿੱਚ ਗੰਨੇ ਦੇ ਕਿਸਾਨਾਂ ਨੂੰ ਮਸ਼ੀਨੀਕਰਨ ਅਤੇ ਆਧੁਨਿਕ ਖੇਤੀਬਾੜੀ ਯੰਤਰਾਂ ਦਾ ਮਿਲ ਰਿਹਾ ਹੈ ਲਾਭ

ਚੰਡੀਗੜ੍ਹ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਵਿੱਚ ਗੰਨਾ ਤਕਨੀਕੀ ਉਦੇਸ਼ ਪ੍ਰੋਜੈਕਟ (ਗੰਨੇ ਸਬੰਧੀ ਤਕਨਾਲੋਜੀ ਮਿਸ਼ਨ) ਦੇ ਤਹਿਤ ਸਾਲ 2026-27 ਦੌਰਾਨ ਗੰਨੇ ਦੇ ਕਿਸਾਨਾਂ ਨੂੰ ਮਸ਼ੀਨੀਕਰਨ ਅਤੇ ਆਧੁਨਿਕ ਖੇਤੀਬਾੜੀ ਯੰਤਰਾਂ ਦਾ ਲਾਭ ਪ੍ਰਦਾਨ ਕੀਤਾ ਜਾ ਰਿਹਾ ਹੈ। ਇਸ ਲਈ ਕਿਸਾਨ 31 ਅਕਤੂਬਰ, 2026 ਤੱਕ ਆਪਣੀ ਆਨਲਾਈਨ ਅਰਜ਼ੀ ਦੇ ਸਕਦੇ ਹਨ।

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਬੁਲਾਰੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਯੋਜਨਾ ਤਹਿਤ ਕਿਸਾਨ ਪਾਵਰ ਓਪਰੇਟਿਡ ਗੰਨਾ ਸੈੱਟ ਟ੍ਰੀਟਮੈਂਟ ਉਪਕਰਣ (30-120 ਲੀਟਰ ਸਮਰੱਥਾ), ਪਾਵਰ ਵੀਡਰ (ਇੰਜਣ ਨਾਲ ਚੱਲਣ ਵਾਲਾ, 5 ਤੋਂ 7.5 ਬੀਐਚਪੀ ਤੱਕ), ਗੰਨਾ ਰਟੂਨ ਪ੍ਰਬੰਧਕ, ਚੌੜੀਆਂ ਕਤਾਰਾਂ ਵਾਲਾ ਰਿਜਰ, ਰੋਟਾਵੇਟਰ (4 ਫੁੱਟ), ਟਰੈਕਟਰ ਨਾਲ ਚੱਲਣ ਵਾਲਾ ਸਪਰੇਅਰ, ਸਬਸੋਇਲਰ/ਚਿਜ਼ਲਰ, ਗੰਨਾ ਕਟਰ/ਸਟ੍ਰਿਪਰ/ਪਲਾਂਟਰ ਅਤੇ ਮਿਨੀ ਟਰੈਕਟਰ ਵਰਗੇ ਆਧੁਨਿਕ ਖੇਤੀਬਾੜੀ ਯੰਤਰਾਂ ਦਾ ਲਾਭ ਪ੍ਰਾਪਤ ਕਰ ਸਕਦੇ ਹਨ। ਇਨ੍ਹਾਂ ਖੇਤੀਬਾੜੀ ਯੰਤਰਾਂ ਦਾ ਲਾਭ ਲੈਣ ਦੇ ਚਾਹਵਾਨ ਕਿਸਾਨ ਵਿਭਾਗ ਦੀ ਅਧਿਕਾਰਤ ਵੈਬਸਾਈਟ www.agriharyana.gov.in 'ਤੇ ਜਾ ਕੇ 31 ਅਕਤੂਬਰ, 2026 ਤੱਕ ਆਪਣੀ ਆਨਲਾਈਨ ਅਰਜ਼ੀ ਦੇ ਸਕਦੇ ਹਨ।

ਬੁਲਾਰੇ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਭ ਉਠਾਉਣ। ਯੋਜਨਾ ਸਬੰਧੀ ਵਿਸਤ੍ਰਿਤ ਜਾਣਕਾਰੀ ਅਤੇ ਲੋੜੀਂਦੇ ਦਿਸ਼ਾ-ਨਿਰਦੇਸ਼ ਵਿਭਾਗ ਦੀ ਵੈੱਬਸਾਈਟ 'ਤੇ ਉਪਲਬਧ ਹਨ।

ਨਵੰਬਰ ਮਹੀਨੇ ਵਿੱਚ ਬਾਗਬਾਨੀ ਦੇ ਪੰਜ ਰੋਜ਼ਾ ਸਿਖਲਾਈ ਪ੍ਰੋਗਰਾਮਾਂ ਦਾ ਕੀਤਾ ਜਾਵੇਗਾ ਆਯੋਜਨ

ਚੰਡੀਗੜ੍ਹ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਸਰਕਾਰ ਦੇ ਬਾਗਬਾਨੀ ਵਿਭਾਗ ਦੇ ਅਧੀਨ ਉਦਿਆਨ ਸਿਖਲਾਈ ਸੰਸਥਾਨ, ਉਚਾਨੀ (ਕਰਨਾਲ) ਵੱਲੋਂ ਨਵੰਬਰ ਮਹੀਨੇ ਵਿੱਚ ਵੱਖ-ਵੱਖ ਵਿਸ਼ਿਆਂ 'ਤੇ ਪੰਜ ਰੋਜ਼ਾ ਸਿਖਲਾਈ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ, ਤਾਂ ਜੋ ਕਿਸਾਨ ਵਿਗਿਆਨਕ ਤਰੀਕਿਆਂ ਨਾਲ ਖੇਤੀ ਕਰਕੇ ਆਪਣੀ ਆਮਦਨ ਵਧਾ ਸਕਣ। ਰਾਜ ਦੇ ਸਾਰੇ ਜ਼ਿਲ੍ਹਿਆਂ ਦੇ ਚਾਹਵਾਨ ਸਿਖਿਆਰਥੀ ਬਾਗਬਾਨੀ ਵਿਭਾਗ ਦੀ ਵੈਬਸਾਈਟ http://kaushal.hortharyana.gov.in/ ਰਾਹੀਂ ਆਨਲਾਈਨ ਅਰਜ਼ੀ ਦੇ ਸਕਦੇ ਹਨ।

ਬਾਗਬਾਨੀ ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਇਸ ਸਿਖਲਾਈ ਪ੍ਰੋਗਰਾਮ ਲਈ ਬਿਨੈਕਾਰ ਦੀ ਘੱਟੋ-ਘੱਟ ਉਮਰ 18 ਸਾਲ ਹੋਣੀ ਲਾਜ਼ਮੀ ਹੈ ਅਤੇ ਸਿਖਿਆਰਥੀਆਂ ਦੀ ਚੋਣ 'ਪਹਿਲਾਂ ਆਓ, ਪਹਿਲਾਂ ਪਾਓ' ਦੇ ਆਧਾਰ 'ਤੇ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਰਜਿਸਟਰਡ ਸਿਖਿਆਰਥੀਆਂ ਨੂੰ ਆਪਣੇ ਨਾਲ ਆਧਾਰ ਕਾਰਡ, ਬੈਂਕ ਪਾਸਬੁੱਕ ਅਤੇ ਪੈਨ ਕਾਰਡ ਵਰਗੇ ਜ਼ਰੂਰੀ ਦਸਤਾਵੇਜ਼ ਲੈ ਕੇ ਆਉਣੇ ਹੋਣਗੇ। ਸਿਖਲਾਈ ਦੌਰਾਨ ਸਿਖਿਆਰਥੀਆਂ ਦੇ ਠਹਿਰਨ ਅਤੇ ਖਾਣੇ ਦਾ ਪ੍ਰਬੰਧ ਪੂਰੀ ਤਰ੍ਹਾਂ ਮੁਫ਼ਤ ਰਹੇਗਾ ਅਤੇ ਉਨ੍ਹਾਂ ਨੂੰ ਬੱਸ ਦਾ ਕਿਰਾਇਆ ਡੀਬੀਟੀ ਰਾਹੀਂ ਦਿੱਤਾ ਜਾਵੇਗਾ। ਇਸ ਦੇ ਨਾਲ ਹੀ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਜਿਹੜੇ ਸਿਖਿਆਰਥੀ ਪਹਿਲਾਂ ਇਨ੍ਹਾਂ ਵਿਸ਼ਿਆਂ 'ਤੇ ਸਿਖਲਾਈ ਲੈ ਚੁੱਕੇ ਹਨ, ਉਹ ਮੁੜ ਉਸੇ ਵਿਸ਼ੇ ਲਈ ਆਪਣੀ ਰਜਿਸਟ੍ਰੇਸ਼ਨ ਨਾ ਕਰਵਾਉਣ।

ਫੂਡ ਪ੍ਰੋਸੈਸਿੰਗ ਮੰਤਰੀ ਵੱਲੋਂ ਬ੍ਰਿਟਿਸ਼ ਵ.ਫਦ ਨੂੰ ਪੂਰਨ ਸਹਿਯੋਗ ਅਤੇ ਨਿਵੇਸ਼ ਲਈ ਹਰ ਸੰਭਵ ਸਹੂਲਤ ਦਾ ਭਰੋਸਾ

ਚੰਡੀਗੜ੍ਹ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਪੰਜਾਬ ਨੂੰ ਦੇਸ਼ ਦੇ 'ਅੰਨ ਭੰਡਾਰ' ਤੋਂ ਆਲਮੀ 'ਫੂਡ ਪ੍ਰੋਸੈਸਿੰਗ ਹੱਬ' ਵਿੱਚ ਬਦਲਣ ਦੀ ਜ਼ੋਰਦਾਰ ਵਕਾਲਤ ਕਰਦਿਆਂ ਖੇਤੀਬਾੜੀ ਤੇ ਕਿਸਾਨ ਭਲਾਈ ਅਤੇ ਫੂਡ ਪ੍ਰੋਸੈਸਿੰਗ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਜੈਵਿਕ ਖੇਤੀ, ਪੈਕ-ਹਾਊਸਾਂ, ਕੋਲਡ ਚੇਨਾਂ ਅਤੇ ਡੇਅਰੀ ਤਕਨਾਲੋਜੀ ਦੇ ਖੇਤਰ ਵਿੱਚ ਨਿਵੇਸ਼ ਲਈ ਯੂ.ਕੇ. ਦੇ ਨਿਵੇਸ਼ਕਾਂ ਨੂੰ ਨਿੱਘਾ ਸੱਦਾ ਦਿੱਤਾ। ਉਨ੍ਹਾਂ ਨੇ 'ਵੇਰਕਾ' ਅਤੇ 'ਫਾਈਵ ਰਿਵਰਜ਼' ਵਰਗੇ ਸਥਾਨਕ ਬ੍ਰਾਂਡਾਂ ਨੂੰ ਬਰਤਾਨਵੀ ਬਾਜ਼ਾਰ ਤੱਕ ਲਿਜਾਣ ਦੀ ਵਕਾਲਤ ਕੀਤੀ।

ਖੇਤੀਬਾੜੀ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ, ਜਿਨ੍ਹਾਂ ਨਾਲ ਫੂਡ ਪ੍ਰੋਸੈਸਿੰਗ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀਮਤੀ ਰਾਖੀ ਗੁਪਤਾ ਭੰਡਾਰੀ ਮੌਜੂਦ ਸਨ, ਨੇ ਇੱਥੇ ਕਿਸਾਨ ਭਵਨ ਵਿਖੇ ਬ੍ਰਿਟਿਸ਼ ਵਫ਼ਦ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ। ਇਸ ਵਫ਼ਦ ਵਿੱਚ ਚੰਡੀਗੜ੍ਹ ਸਥਿਤ ਬ੍ਰਿਟਿਸ਼ ਡਿਪਟੀ ਹਾਈ ਕਮਿਸ਼ਨਰ ਐਲਬਾ ਸਮੇਰੀਗਲੋ, ਬ੍ਰਿਟਿਸ਼ ਹਾਈ ਕਮਿਸ਼ਨ ਦੇ ਵਪਾਰ ਬਾਰੇ ਫਸਟ ਸੈਕਟਰੀ ਡਾ. ਨਿਕੋਲਸ ਗ੍ਰੀਬਿਟ ਅਤੇ ਸੀਨੀਅਰ ਵਪਾਰ ਸਲਾਹਕਾਰ ਅਨੂਪ ਨਰਾਇਣ ਸ਼ਾਮਲ ਸਨ। ਮੀਟਿੰਗ ਦੌਰਾਨ ਜੈਵਿਕ ਖੇਤੀ, ਡੇਅਰੀ, ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ ਅਤੇ ਮਿਆਰੀ ਸਰਟੀਫਿਕੇਸ਼ਨ ਸਮੇਤ ਹੋਰਨਾਂ ਖੇਤਰਾਂ ਵਿੱਚ ਦੁਵੱਲੇ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ 'ਤੇ ਚਰਚਾ ਕੀਤੀ ਗਈ।

ਵਫ਼ਦ ਦਾ ਸਵਾਗਤ ਕਰਦਿਆਂ ਸ. ਖੁੱਡੀਆਂ ਨੇ ਕਿਹਾ ਕਿ ਕਿਸੇ ਵੀ ਕੌਮਾਂਤਰੀ ਸਮਝੌਤੇ ਵਿੱਚ ਪੰਜਾਬ ਦੇ ਕਿਸਾਨਾਂ ਦੀ ਭਲਾਈ ਸਭ ਤੋਂ ਮੁੱਖ ਰਹੇਗੀ। ਇਸ ਸਬੰਧੀ ਉਨ੍ਹਾਂ ਨੇ ਸੂਬਾ ਸਰਕਾਰ ਵੱਲੋਂ ਪੂਰਨ ਸਹਿਯੋਗ ਦੇਣ ਦੀ ਵਚਨਬੱਧਤਾ ਦੁਹਰਾਈ।

ਕਣਕ, ਬਾਸਮਤੀ, ਕਿੰਨੂ, ਨਾਖ, ਲੀਚੀ, ਦੁੱਧ ਤੇ ਡੇਅਰੀ ਉਤਪਾਦਾਂ, ਬੀਜ ਆਲੂ ਅਤੇ ਗਾਜਰ ਦੇ ਉਤਪਾਦਨ ਰਾਹੀਂ ਦੇਸ਼ ਦੇ ਅੰਨ ਭੰਡਾਰ ਵਜੋਂ ਪੰਜਾਬ ਦੀ ਅਹਿਮ ਭੂਮਿਕਾ ਨੂੰ ਉਜਾਗਰ ਕਰਦਿਆਂ ਖੇਤੀਬਾੜੀ ਮੰਤਰੀ ਨੇ ਕਿਹਾ ਕਿ ਸੂਬੇ ਕੋਲ ਫੂਡ ਪ੍ਰੋਸੈਸਿੰਗ ਦਾ ਬਿਹਤਰੀਨ ਢਾਂਚਾ ਮੌਜੂਦ ਹੈ। ਉਨ੍ਹਾਂ ਦੱਸਿਆ ਕਿ ਨੈਸਲੇ (ਮੋਗਾ), ਹਿੰਦੁਸਤਾਨ ਯੂਨੀਲੀਵਰ, ਆਈ.ਟੀ.ਸੀ. ਅਤੇ ਅਮੂਲ ਵਰਗੀਆਂ ਆਲਮੀ ਕੰਪਨੀਆਂ ਦੇ ਨਾਲ-ਨਾਲ ਕ੍ਰੇਮਿਕਾ, ਵੇਰਕਾ, ਸੋਹਣਾ ਅਤੇ ਫਾਈਵ ਰੀਵਰਜ਼ (ਪਗਰੇਕਸਕੋ) ਵਰਗੇ ਘਰੇਲੂ ਬ੍ਰਾਂਡਾਂ ਦਾ ਗੜ੍ਹ ਹੋਣ ਦੇ ਨਾਤੇ ਹੁਣ ਪੰਜਾਬ ਸਿਰਫ਼ ਕੱਚੇ ਮਾਲ ਦੀ ਸਪਲਾਈ ਤੱਕ ਸੀਮਤ ਨਾ ਰਹਿ ਕੇ ਸੂਬੇ ਦੇ ਅੰਦਰ ਹੀ ਪ੍ਰੋਸੈਸਿੰਗ, ਪੈਕੇਜਿੰਗ ਅਤੇ ਬ੍ਰਾਂਡਿੰਗ ਰਾਹੀਂ ਵੈਲਿਊ ਚੇਨ ਵਿੱਚ ਅੱਗੇ ਵਧਣ ਦਾ ਟੀਚਾ ਰੱਖਦਾ ਹੈ।

ਉਨ੍ਹਾਂ ਕਿਹਾ, ਪੰਜਾਬ ਕੋਲ ਮਜ਼ਬੂਤ ਖੇਤੀ ਆਧਾਰ, ਸਥਾਪਿਤ ਪ੍ਰੋਸੈਸਿੰਗ ਸਮਰੱਥਾਵਾਂ, ਮਾਨਤਾ ਪ੍ਰਾਪਤ ਬ੍ਰਾਂਡ ਅਤੇ ਨਵੀਨ ਤਕਨਾਲੋਜੀ ਅਧਾਰਤ ਉੱਦਮਾਂ ਦਾ ਦਿਨੋ-ਦਿਨ ਵਧ ਰਿਹਾ ਪੂਲ ਹੈ। ਪੰਜਾਬ ਕਿੰਨੂ, ਗਾਜਰ ਅਤੇ ਰੋਗ-ਮੁਕਤ ਆਲੂ ਬੀਜ ਉਤਪਾਦਨ ਵਿੱਚ ਪਹਿਲੇ, ਨਾਖ ਵਿੱਚ ਦੂਜੇ ਅਤੇ ਮਟਰ ਤੇ ਸ਼ਹਿਦ ਉਤਪਾਦਨ ਵਿੱਚ ਤੀਜੇ ਸਥਾਨ 'ਤੇ ਹੈ, ਜਦਕਿ ਪ੍ਰਤੀ ਵਿਅਕਤੀ ਪ੍ਰਤੀ ਦਿਨ 1.28 ਲੀਟਰ ਦੁੱਧ ਦੀ ਉਪਲਬਧਤਾ ਨਾਲ ਇਹ ਦੇਸ਼ ਭਰ ਵਿੱਚ ਸਿਖ਼ਰਲੇ ਸਥਾਨ 'ਤੇ ਹੈ। ਅਸੀਂ ਇਨ੍ਹਾਂ ਸਮਰੱਥਾਵਾਂ ਨੂੰ ਯੂ.ਕੇ. ਦੇ ਬਾਜ਼ਾਰ ਦੀ ਮੰਗ, ਤਕਨਾਲੋਜੀ, ਨਿਵੇਸ਼ ਅਤੇ ਮੁਹਾਰਤ ਨਾਲ ਜੋੜਨ ਦੀਆਂ ਅਥਾਹ ਸੰਭਾਵਨਾਵਾਂ ਦੇਖਦੇ ਹਾਂ, ਜਿਸ ਨਾਲ ਕਾਰੋਬਾਰਾਂ ਨੂੰ ਲਾਭ ਹੋਵੇਗਾ ਅਤੇ ਕਿਸਾਨਾਂ ਤੇ ਫੂਡ ਪ੍ਰੋਸੈਸਿੰਗ ਉੱਦਮਾਂ ਲਈ ਵੀ ਨਵੇਂ ਮੌਕੇ ਪੈਦਾ ਹੋਣਗੇ।

ਸੂਬੇ ਦੀ ਆਰਥਿਕ ਮਜ਼ਬੂਤੀ ਦਾ ਜ਼ਿਕਰ ਕਰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਖੇਤੀਬਾੜੀ ਅਤੇ ਸਹਾਇਕ ਧੰਦੇ ਪੰਜਾਬ ਦੇ ਗਰੌਸ ਸਟੇਟ ਵੈਲਿਊ ਐਡੀਸ਼ਨ (ਜੀ.ਐਸ.ਵੀ.ਏ.) ਵਿੱਚ 27 ਫ਼ੀਸਦੀ ਯੋਗਦਾਨ ਪਾਉਂਦੇ ਹਨ, ਜਦਕਿ ਫੂਡ ਪ੍ਰੋਸੈਸਿੰਗ ਖੇਤਰ ਹੀ ਰਜਿਸਟਰਡ ਫੈਕਟਰੀਆਂ ਦਾ 8 ਫ਼ੀਸਦੀ ਅਤੇ ਸੂਬੇ ਦੇ ਰਜਿਸਟਰਡ ਮੈਨੂਫੈਕਚਰਿੰਗ ਜੀ.ਐਸ.ਵੀ.ਏ. ਦਾ 26.68 ਫ਼ੀਸਦੀ ਬਣਦਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਕੇਂਦਰੀ ਪੂਲ ਵਿੱਚ 47 ਫ਼ੀਸਦੀ ਕਣਕ ਅਤੇ 37 ਫ਼ੀਸਦੀ ਝੋਨੇ ਦਾ ਯੋਗਦਾਨ ਪਾਉਂਦਾ ਹੈ। ਇਸ ਢਾਂਚੇ ਨੂੰ 3,292 ਰਜਿਸਟਰਡ ਫੂਡ ਪ੍ਰੋਸੈਸਿੰਗ ਫੈਕਟਰੀਆਂ, 151 ਕਿਸਾਨ ਉਤਪਾਦਕ ਸੰਗਠਨਾਂ (ਐਫ.ਪੀ.ਓਜ਼), ਪੀ.ਐਮ.ਐਫ.ਐਮ.ਈ. ਸਕੀਮ ਅਧੀਨ 3,750 ਸੂਖਮ ਉੱਦਮਾਂ, ਤਿੰਨ ਮੈਗਾ ਫੂਡ ਪਾਰਕਾਂ, 12 ਲੱਖ ਮੀਟ੍ਰਿਕ ਟਨ ਦੀ ਕੋਲਡ ਸਟੋਰੇਜ ਸਮਰੱਥਾ ਅਤੇ ਚਾਰ ਐਨ.ਏ.ਬੀ.ਐਲ. ਪ੍ਰਵਾਨਿਤ ਫੂਡ ਟੈਸਟਿੰਗ ਲੈਬਾਰਟਰੀਆਂ ਦਾ ਸਮਰਥਨ ਹਾਸਲ ਹੈ।

ਨਿਵੇਸ਼ ਦੇ ਮੌਕਿਆਂ ਦੀ ਰੂਪ-ਰੇਖਾ ਦੱਸਦਿਆਂ ਸ. ਖੁੱਡੀਆਂ ਨੇ ਤਕਨਾਲੋਜੀ ਟਰਾਂਸਫਰ ਅਤੇ ਬ੍ਰਾਂਡ ਭਾਈਵਾਲੀ 'ਤੇ ਜ਼ੋਰ ਦਿੱਤਾ। ਉਨ੍ਹਾਂ ਸੂਬਾ ਸਰਕਾਰ ਦੇ ਬ੍ਰਾਂਡ 'ਵੇਰਕਾ' ਅਤੇ 'ਫਾਈਵ ਰੀਵਰਜ਼' ਨੂੰ ਸਾਂਝੇ ਲਾਭ ਵਾਲੇ ਮਾਡਲ ਵਜੋਂ ਪੇਸ਼ ਕੀਤਾ, ਜਿੱਥੇ ਪੰਜਾਬ ਦੀ ਪ੍ਰੋਸੈਸਿੰਗ ਸਮਰੱਥਾ ਨੂੰ ਯੂ.ਕੇ. ਦੀ ਤਕਨਾਲੋਜੀ ਅਤੇ ਬਾਜ਼ਾਰ ਤੱਕ ਪਹੁੰਚ ਰਾਹੀਂ ਲਾਹਾ ਮਿਲ ਸਕਦਾ ਹੈ। ਉਨ੍ਹਾਂ ਕਿਹਾ ਕਿ 'ਇਨਵੈਸਟ ਪੰਜਾਬ' ਵੱਲੋਂ ਯੂ.ਕੇ. ਦੇ ਨਿਵੇਸ਼ਕਾਂ ਨੂੰ ਸ਼ੁਰੂ ਤੋਂ ਲੈ ਕੇ ਅਖ਼ੀਰ ਤੱਕ ਹਰ ਸੰਭਵ ਸਹੂਲਤ ਮੁਹੱਈਆ ਕਰਵਾਈ ਜਾਵੇਗੀ।

ਕੈਬਨਿਟ ਮੰਤਰੀ ਨੇ ਯੂ.ਕੇ. ਨੂੰ ਪੈਕ-ਹਾਊਸਿਜ਼ ਅਤੇ ਪ੍ਰੀ-ਕੂਲਿੰਗ ਸਹੂਲਤਾਂ, ਕੋਲਡ-ਚੇਨ ਕੁਨੈਕਟੀਵਿਟੀ, ਆਧੁਨਿਕ ਪ੍ਰੋਸੈਸਿੰਗ ਉਪਕਰਣਾਂ ਲਈ ਤਕਨਾਲੋਜੀ ਟਰਾਂਸਫ਼ਰ ਅਤੇ ਵੈਲਿਊ-ਐਡਿਸ਼ਨ ਰਾਹੀਂ ਕਿੰਨੂ ਦੇ ਛਿਲਕਿਆਂ ਤੇ ਉਪ-ਉਤਪਾਦਾਂ ਦੀ ਪ੍ਰੋਡਕਟ ਇਨੋਵੇਸ਼ਨ ਆਦਿ ਵਿੱਚ ਸਾਂਝੇ ਬੁਨਿਆਦੀ ਢਾਂਚੇ ਲਈ ਸਹਿਯੋਗ ਦਾ ਸੱਦਾ ਦਿੱਤਾ। ਯੂ.ਕੇ. ਮਾਰਕੀਟ ਵਿੱਚ ਨਿਰਯਾਤ ਲਈ ਕਿੰਨੂ ਜੂਸ ਕੰਸਨਟਰੇਟ, ਸ਼ਹਿਦ, ਮੱਖਣ, ਪਨੀਰ ਤੇ ਐਸ.ਐਮ.ਪੀ. ਸਮੇਤ ਡੇਅਰੀ ਉਤਪਾਦ ਅਤੇ ਡੱਬਾਬੰਦ ਰਾਜਮਾਂਹ ਵਰਗੀਆਂ ਰੈਡੀ-ਟੂ-ਈਟ ਵਸਤਾਂ ਨੂੰ ਸੰਭਾਵੀ ਉਤਪਾਦਾਂ ਵਜੋਂ ਪਛਾਣਿਆ ਗਿਆ ਹੈ।

ਭਾਰਤ-ਯੂ.ਕੇ. ਵਿਆਪਕ ਆਰਥਿਕ ਅਤੇ ਵਪਾਰ ਸਮਝੌਤੇ (ਸੀ.ਈ.ਟੀ.ਏ.) ਬਾਰੇ ਬੋਲਦਿਆਂ ਸ੍ਰੀਮਤੀ ਰਾਖੀ ਗੁਪਤਾ ਭੰਡਾਰੀ ਨੇ ਕਿਹਾ ਕਿ ਇਹ ਸਮਝੌਤਾ ਪੰਜਾਬ ਨੂੰ ਪ੍ਰੋਸੈਸਡ ਫੂਡਜ਼, ਬਾਸਮਤੀ, ਮਸਾਲੇ, ਸ਼ਹਿਦ, ਅਚਾਰ ਅਤੇ ਕਿੰਨੂ ਉਤਪਾਦਾਂ ਲਈ ਯੂ.ਕੇ. ਦੀਆਂ 99 ਫ਼ੀਸਦ ਟੈਰਿਫ ਲਾਈਨਾਂ 'ਤੇ ਜ਼ੀਰੋ-ਡਿਊਟੀ ਪਹੁੰਚ ਪ੍ਰਦਾਨ ਕਰਦਾ ਹੈ, ਜਦਕਿ ਸਥਾਨਕ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਡੇਅਰੀ ਅਤੇ ਅਨਾਜ ਵਰਗੇ ਸੰਵੇਦਨਸ਼ੀਲ ਖੇਤਰਾਂ ਨੂੰ ਸੁਰੱਖਿਆ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ, ਜ਼ੀਰੋ ਟੈਰਿਫ ਯੂ.ਕੇ. ਨਾਲ ਵਪਾਰ ਦਾ ਰਸਤਾ ਖੋਲ੍ਹਦਾ ਹੈ ਅਤੇ ਅਸੀਂ ਯੂ.ਕੇ. ਦੇ ਮਿਆਰੀ ਗੁਣਵੱਤਾ ਤੇ ਭੋਜਨ ਸੁਰੱਖਿਆ ਸਬੰਧੀ ਮਾਪਦੰਡਾਂ 'ਤੇ ਖ਼ਰਾ ਉਤਰ ਕੇ ਇਸ ਵਿੱਚੋਂ ਆਸਾਨੀ ਨਾਲ ਅੱਗੇ ਵਧ ਸਕਦੇ ਹਾਂ; ਜਿਸ ਸਦਕਾ ਯੂ.ਕੇ. ਨਾਲ ਸਾਡੀ ਭਾਈਵਾਲੀ ਵਧੇਰੇ ਅਹਿਮ ਸਾਬਤ ਹੋ ਸਕਦੀ ਹੈ।

ਇਸ ਮੌਕੇ ਵਧੀਕ ਸਕੱਤਰ ਖੇਤੀਬਾੜੀ ਤੇ ਕਿਸਾਨ ਭਲਾਈ ਲਤੀਫ਼ ਅਹਿਮਦ, ਜੁਆਇੰਟ ਸਕੱਤਰ ਪੰਜਾਬ ਮੰਡੀ ਬੋਰਡ ਹਰਜੀਤ ਸਿੰਘ ਸੰਧੂ, ਡਾਇਰੈਕਟਰ ਖੇਤੀਬਾੜੀ ਤੇ ਕਿਸਾਨ ਭਲਾਈ ਗੁਰਜੀਤ ਸਿੰਘ ਬਰਾੜ, ਡਾਇਰੈਕਟਰ ਪਸ਼ੂ ਪਾਲਣ ਪਰਮਦੀਪ ਸਿੰਘ ਵਾਲੀਆ, ਪੀ.ਏ.ਯੂ. ਦੇ ਡਾਇਰੈਕਟਰ (ਖੋਜ) ਡਾ. ਅਜਮੇਰ ਸਿੰਘ ਢੱਟ ਅਤੇ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

ਭਰਤੀ ਲਈ ਸੀ-ਪਾਈਟ ਕੈਂਪ ਥੇਹ ਕਾਂਜਲਾ 'ਚ ਦਿੱਤੀ ਜਾ ਰਹੀ ਮੁ.ਫਤ ਫਿਜੀਕਲ ਤੇ ਲਿਖਤੀ ਪੇਪਰ ਦੀ ਟਰੇਨਿੰਗ : ਕੈਪਟਨ ਅਜੀਤ ਸਿੰਘ

ਜਲੰਧਰ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਸੀ-ਪਾਈਟ ਕੈਂਪ ਕਪੂਰਥਲਾ ਦੇ ਅਧਿਕਾਰੀ ਕੈਪਟਨ ਅਜੀਤ ਸਿੰਘ ਨੇ ਦੱਸਿਆ ਹੈ ਕਿ ਜਿਲ੍ਹਾ ਜਲੰਧਰ,ਹੁਸਿਆਰਪੁਰ,ਤਰਨਤਾਰਨ ਤੇ ਕਪੂਰਥਲਾ ਦੇ ਜਿਨ੍ਹਾਂ ਯੁਵਕਾਂ ਦਾ ਆਰਮੀ ਅਗਨੀਵੀਰ ਦਾ ਲਿਖਤੀ ਟੈਸਟ ਪਾਸ ਹੋ ਗਿਆ ਹੈ, ਉਹ ਫਿਜੀਕਲ ਟਰੇਨਿੰਗ ਵਾਸਤੇ ਸੀ-ਪਾਈਟ ਕੈਂਪ ਥੇਹ ਕਾਂਜਲਾ,ਕਪੂਰਥਲਾ ਨਾਲ ਜਲਦੀ ਤੋਂ ਜਲਦੀ ਸੰਪਰਕ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕੈਂਪ ਵਿਖੇ ਯੁਵਕਾਂ ਨੂੰ ਭਰਤੀ ਦੇ ਅਨੁਸਾਰ ਟਰੇਨਿੰਗ ਦਿੱਤੀ ਜਾਂਦੀ ਹੈ ।

ਉਨ੍ਹਾਂ ਅੱਗੇ ਦੱਸਿਆ ਕਿ ਇਸ ਦੇ ਨਾਲ ਹੀ ਪੈਰਾਮਿਲਟਰੀ ਫੋਰਸ਼ ਜਿਵੇ ਬੀ.ਐਸ.ਐਫ., ਸੀ.ਆਰ.ਪੀ.ਐਫ, ਆਈ.ਟੀ.ਬੀ.ਪੀ, ਪੰਜਾਬ ਪੁਲਿਸ ਦੀ ਫਿਜੀਕਲ ਦੀ ਤਿਆਰੀ ਕਰਨ ਵਾਲੇ ਅਤੇ ਪੀ.ਐਸ.ਐਸ.ਐਸ.ਬੀ ਦੇ ਲਿਖਤੀ ਪੇਪਰ ਦੀ ਤਿਆਰੀ ਕਰਨ ਵਾਲੇ ਯੁਵਕ ਵੀ ਸੀ-ਪਾਈਟ ਕੈਂਪ ਥੇਹ ਕਾਂਜਲਾ, ਕਪੂਰਥਲਾ ਨਾਲ ਸੰਪਰਕ ਕਰ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਯੁਵਕਾਂ ਨੂੰ ਸਵੇਰੇ ਅਤੇ ਸ਼ਾਮ ਫਿਜੀਕਲ ਟਰੇਨਿੰਗ ਕਰਵਾਈ ਜਾਵੇਗੀ ਤੇ ਕੈਂਪ ਵਿਖੇ ਯੁਵਕਾਂ ਵਾਸਤੇ ਜਿੰਮ,ਖੇਡਾਂ ਦਾ ਖਾਸ ਪ੍ਰਬੰਧ ਹੈ। ਉਨ੍ਹਾਂ ਦੱਸਿਆ ਕਿ ਟਰੇਨਿੰਗ ਲੈਣ ਲਈ ਆਧਾਰ ਕਾਰਡ,ਦਸਵੀਂ ਜਾਂ ਬਾਰਵੀ ਕਾਲਸ ਦਾ ਸਰਟੀਫਿਕੇਟ,ਜਾਤੀ ਸਰਟੀਫਿਕੇਟ ਅਤੇ ਦੋ ਪਾਸਪੋਰਟ ਸਾਈਜ਼ ਫੋਟੋਆਂ ਨਾਲ ਲੈ ਕੇ ਆਉਣ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਯੁਵਕਾਂ ਨੂੰ ਟਰੇਨਿੰਗ ਤੋਂ ਇਲਾਵਾ ਪੜਾਈ, ਰਿਹਾਇਸ਼ ਅਤੇ ਖਾਣਾ ਮੁਫ਼ਤ ਦਿੱਤਾ ਜਾਵੇਗਾ ।

ਉਨ੍ਹਾਂ ਦੱਸਿਆ ਕਿ ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 83601-63527 ਤੇ 69002-00733 ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਚਾਹਵਾਨ ਯੁਵਕਾਂ ਨੂੰ ਸੀ-ਪਾਈਟ ਕੈਂਪ ਥੇਹ ਕਾਂਜਲਾ, ਨੇੜੇ ਮਾਡਰਨ ਜੇਲ੍ਹ ਕਪੂਰਥਲਾ ਵਿਖੇ ਆ ਕੇ ਟਰੇਨਿੰਗ ਦਾ ਲਾਭ ਲੈਣ ਦਾ ਸੱਦਾ ਦਿੱਤਾ।

ਪੰਜਾਬ, ਹਰਿਆਣਾ ਤੇ ਚੰਡੀਗੜ੍ਹ 'ਚ ਬਦਲਿਆ ਮੌਸਮ ਦਾ ਮਿਜ਼ਾਜ; ਦੋ ਦਿਨ ਗੜੇਮਾਰੀ ਦਾ ਅਲਰਟ

ਚੰਡੀਗੜ੍ਹ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ, ਹਰਿਆਣਾ ਅਤੇ ਰਾਜਧਾਨੀ ਚੰਡੀਗੜ੍ਹ ਵਿੱਚ ਮੌਸਮ ਨੇ ਅਚਾਨਕ ਕਰਵਟ ਲੈ ਲਈ ਹੈ। ਖਿੱਤੇ ਦੇ ਬਹੁਤੇ ਇਲਾਕਿਆਂ ਵਿੱਚ ਸਵੇਰ ਤੋਂ ਹੀ ਅਸਮਾਨ ਵਿੱਚ ਕਾਲੀਆਂ ਘਟਾਵਾਂ ਛਾਈਆਂ ਰਹੀਆਂ ਅਤੇ ਰੁਕ-ਰੁਕ ਕੇ ਬੂੰਦਾ-ਬਾਂਦੀ ਦਾ ਸਿਲਸਿਲਾ ਜਾਰੀ ਰਿਹਾ। ਭਾਰਤੀ ਮੌਸਮ ਵਿਗਿਆਨ ਵਿਭਾਗ (9$4) ਦੇ ਚੰਡੀਗੜ੍ਹ ਕੇਂਦਰ ਨੇ ਪੱਛਮੀ ਗੜਬੜੀ (ਵੈਸਟਰਨ ਡਿਸਟਰਬੈਂਸ) ਦੇ ਸਰਗਰਮ ਹੋਣ ਕਾਰਨ 29 ਤੋਂ 31 ਅਕਤੂਬਰ ਤੱਕ ਬਾਰਿਸ਼ ਪੈਣ ਅਤੇ ਗਰਜ-ਚਮਕ ਦੀਆਂ ਗਤੀਵਿਧੀਆਂ ਵਿੱਚ ਤੇਜ਼ੀ ਆਉਣ ਦੀ ਪੇਸ਼ੀਨਗੋਈ ਕੀਤੀ ਹੈ। ਇਸ ਦੌਰਾਨ ਦੋਵਾਂ ਸੂਬਿਆਂ ਵਿੱਚ ਕੁਝ ਥਾਵਾਂ 'ਤੇ ਗੜੇਮਾਰੀ ਹੋਣ ਦੀ ਵੀ ਸੰਭਾਵਨਾ ਜਤਾਈ ਗਈ ਹੈ। ਮੌਸਮ ਕੇਂਦਰ ਨੇ 40 ਤੋਂ 60 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਤੇਜ਼ ਝੱਖੜ ਝੁੱਲਣ ਦਾ ਅਲਰਟ ਜਾਰੀ ਕਰਦਿਆਂ ਲੋਕਾਂ ਨੂੰ ਚੌਕਸ ਰਹਿਣ ਲਈ ਕਿਹਾ ਹੈ।

ਕਈ ਥਾਵਾਂ 'ਤੇ ਹਲਕੇ ਤੋਂ ਦਰਮਿਆਨੇ ਮੀਂਹ ਦੀ ਸੰਭਾਵਨਾ ਮੌਸਮ ਵਿਗਿਆਨੀਆਂ ਅਨੁਸਾਰ ਜੰਮੂ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਪੱਛਮੀ ਗੜਬੜੀ ਕਾਰਨ ਚੱਕਰਵਾਤੀ ਚੱਕਰ (ਸਾਈਕਲੋਨਿਕ ਸਰਕੂਲੇਸ਼ਨ) ਬਣਿਆ ਹੋਇਆ ਹੈ। ਇਸ ਦੇ ਨਾਲ ਹੀ ਮੱਧ ਟਰੋਪੋਸਫੀਅਰ ਵਿੱਚ ਇੱਕ ਹੋਰ ਪੱਛਮੀ ਗੜਬੜੀ ਪੂਰੀ ਤਰ੍ਹਾਂ ਸਰਗਰਮ ਹੈ। ਇਨ੍ਹਾਂ ਦੋਹਰੀਆਂ ਮੌਸਮੀ ਪ੍ਰਣਾਲੀਆਂ ਦੇ ਅਸਰ ਹੇਠ ਖਿੱਤੇ ਵਿੱਚ ਬਾਰਿਸ਼, ਬਿਜਲੀ ਲਿਸ਼ਕਣ ਅਤੇ ਤੇਜ਼ ਹਨ੍ਹੇਰੀ ਚੱਲਣ ਦੇ ਆਸਾਰ ਬਣੇ ਹੋਏ ਹਨ। ਪੰਜਾਬ ਵਿੱਚ 29 ਅਤੇ 30 ਅਕਤੂਬਰ ਨੂੰ ਕਈ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦਾ ਅਨੁਮਾਨ ਹੈ, ਜਦਕਿ ਹਰਿਆਣਾ ਦੇ ਜ਼ਿਆਦਾਤਰ ਇਲਾਕਿਆਂ ਵਿੱਚ ਵੀ ਦੋਵੇਂ ਦਿਨ ਬਾਰਿਸ਼ ਪਵੇਗਾ। ਚੰਡੀਗੜ੍ਹ ਵਿੱਚ ਵੀ ਅੱਜ ਅਤੇ ਭਲਕੇ ਬਾਰਿਸ਼ ਦਾ ਜ਼ੋਰ ਰਹਿਣ ਦੀ ਸੰਭਾਵਨਾ ਹੈ।

ਮੌਸਮ ਵਿਭਾਗ ਨੇ ਖ਼ਦਸ਼ਾ ਪ੍ਰਗਟਾਇਆ ਹੈ ਕਿ ਤੇਜ਼ ਹਵਾਵਾਂ, ਬਾਰਿਸ਼ ਅਤੇ ਗੜੇਮਾਰੀ ਕਾਰਨ ਖੇਤਾਂ ਵਿੱਚ ਖੜ੍ਹੀਆਂ ਫ਼ਸਲਾਂ ਦੇ ਨਾਲ-ਨਾਲ ਮੰਡੀਆਂ ਜਾਂ ਖੁੱਲ੍ਹੇ ਵਿੱਚ ਪਈ ਵੱਢੀ ਹੋਈ ਫ਼ਸਲ ਨੂੰ ਭਾਰੀ ਨੁਕਸਾਨ ਪਹੁੰਚ ਸਕਦਾ ਹੈ। ਗੜੇ ਪੈਣ ਕਾਰਨ ਵਾਹਨਾਂ, ਘਰਾਂ ਦੀਆਂ ਖਿੜਕੀਆਂ ਅਤੇ ਕੱਚੀਆਂ ਛੱਤਾਂ ਨੂੰ ਨੁਕਸਾਨ ਪੁੱਜਣ ਦਾ ਡਰ ਹੈ। ਤੇਜ਼ ਝੱਖੜ ਨਾਲ ਦਰੱਖਤਾਂ ਦੇ ਟਾਹਣ ਟੁੱਟਣ ਅਤੇ ਕਮਜ਼ੋਰ ਢਾਂਚੇ ਡਿੱਗਣ ਕਾਰਨ ਬਿਜਲੀ ਅਤੇ ਪਾਣੀ ਦੀ ਸਪਲਾਈ ਪ੍ਰਭਾਵਿਤ ਹੋ ਸਕਦੀ ਹੈ। ਬਾਰਿਸ਼ ਕਾਰਨ ਸੜਕਾਂ 'ਤੇ ਤਿਲਕਣ ਵਧਣ, ਪਾਣੀ ਭਰਨ ਅਤੇ ਵਿਜ਼ੀਬਿਲਟੀ ਘਟਣ ਨਾਲ ਆਵਾਜਾਈ ਵਿੱਚ ਵਿਘਨ ਪੈਣ ਦੀ ਪੂਰੀ ਸੰਭਾਵਨਾ ਹੈ।ਮੌਸਮ ਦੀ ਤਬਦੀਲੀ ਨੂੰ ਦੇਖਦਿਆਂ ਵਿਭਾਗ ਨੇ ਕਿਸਾਨਾਂ ਨੂੰ ਵਿਸ਼ੇਸ਼ ਐਡਵਾਈਜ਼ਰੀ ਜਾਰੀ ਕੀਤੀ ਹੈ ਕਿ ਖੁੱਲ੍ਹੇ ਅਸਮਾਨ ਹੇਠ ਪਈ ਕੱਟੀ ਹੋਈ ਫ਼ਸਲ ਨੂੰ ਤੁਰੰਤ ਸੁਰੱਖਿਅਤ ਅਤੇ ਸੁੱਕੀਆਂ ਥਾਵਾਂ 'ਤੇ ਪਹੁੰਚਾਇਆ ਜਾਵੇ। ਬਾਰਿਸ਼ ਅਤੇ ਹਨ੍ਹੇਰੀ ਦੇ ਖ਼ਤਰੇ ਦੇ ਮੱਦੇਨਜ਼ਰ ਖੇਤਾਂ ਵਿੱਚ ਸਿੰਜਾਈ ਕਰਨ ਅਤੇ ਖਾਦਾਂ ਜਾਂ ਕੀਟਨਾਸ਼ਕਾਂ ਦੇ ਛਿੜਕਾਅ ਨੂੰ ਫਿਲਹਾਲ ਟਾਲਣ ਦੀ ਹਦਾਇਤ ਕੀਤੀ ਗਈ ਹੈ। ਕਿਸਾਨਾਂ ਨੂੰ ਖੇਤੀਬਾੜੀ ਵਿਭਾਗ ਵੱਲੋਂ ਜਾਰੀ ਵਿਸਥਾਰਤ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਗਈ ਹੈ।

ਪਿਛਲੀਆਂ ਸਰਕਾਰਾਂ ਨੇ ਜਨਤਾ ਦੇ ਪੈਸੇ ਨਾਲ ਆਪਣੇ ਖ਼ਜ਼ਾਨੇ ਭਰੇ: ਮੁੱਖ ਮੰਤਰੀ

ਨਕੋਦਰ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਨੂੰ ਐਲਾਨ ਕੀਤਾ ਕਿ 1 ਨਵੰਬਰ ਨੂੰ ਔਰਤਾਂ ਦੇ ਮੋਬਾਈਲ ਫ਼ੋਨਾਂ 'ਤੇ ਇਕ ਵਾਰ ਫਿਰ 'ਟੂੰ-ਟੂੰ' ਦੇ ਸੁਨੇਹੇ ਗੂੰਜਣਗੇ, ਕਿਉਂਕਿ ਉਨ੍ਹਾਂ ਦੀ ਸਰਕਾਰ ਪਹਿਲੀ ਨਵੰਬਰ ਨੂੰ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਅਗਲੀ ਕਿਸ਼ਤ ਜਾਰੀ ਕਰਨ ਜਾ ਰਹੀ ਹੈ। ਉਨ੍ਹਾਂ ਨੇ ਲੋਕਾਂ ਦਾ ਪੈਸਾ ਸਿੱਧਾ ਲੋਕਾਂ ਤੱਕ ਪਹੁੰਚਾਉਣ ਦੀ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਜਲੰਧਰ ਜ਼ਿਲ੍ਹੇ ਦੇ ਹਲਕਾ ਨਕੋਦਰ ਅਧੀਨ ਪੈਂਦੇ ਪਿੰਡ ਸਰੀਂਹ ਵਿਖੇ 'ਲੋਕ ਮਿਲਣੀ' ਪ੍ਰੋਗਰਾਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਜਨਤਾ ਦੇ ਪੈਸੇ ਨਾਲ ਆਪਣੇ ਖ਼ਜ਼ਾਨੇ ਭਰੇ ਅਤੇ ਹੁਣ ਭਾਜਪਾ, ਅਕਾਲੀ ਅਤੇ ਕਾਂਗਰਸੀ ਸਾਡੀਆਂ ਸ਼ੁਰੂ ਕੀਤੀਆਂ ਲੋਕ-ਪੱਖੀ ਸਕੀਮਾਂ ਨੂੰ ਬੰਦ ਕਰਨ ਦੀਆਂ ਧਮਕੀਆਂ ਦੇ ਰਹੇ ਹਨ।

ਆਪਣੀ ਸਰਕਾਰ ਦਾ ਰਿਕਾਰਡ ਪੇਸ਼ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਢੇ ਚਾਰ ਸਾਲਾਂ ਦੌਰਾਨ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ 'ਤੇ 70,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ ਅਤੇ ਹੁਣ ਗ਼ਰੀਬ ਪਰਿਵਾਰਾਂ ਦੇ ਬੱਚੇ ਵੀ ਡਾਕਟਰ ਅਤੇ ਇੰਜੀਨੀਅਰ ਬਣ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦਾ ਭਰੋਸਾ ਹੀ ਸਰਕਾਰ ਦੀ ਅਸਲ ਤਾਕਤ ਹੈ। ਉਨ੍ਹਾਂ ਨੇ ਸਿੱਖਿਆ, ਸਿਹਤ, ਰੋਜ਼ਗਾਰ ਅਤੇ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਰਾਹੀਂ ਪੰਜਾਬ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣ ਦੇ ਆਪਣੇ ਅਹਿਦ ਨੂੰ ਦੁਹਰਾਇਆ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ 'ਐਕਸ' ਹੈਂਡਲ 'ਤੇ ਪੋਸਟ ਸਾਂਝੀ ਕਰਦਿਆਂ ਲਿਖਿਆ: ਜਲੰਧਰ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਾ ਨਕੋਦਰ ਦੇ ਪਿੰਡ ਸਰੀਂਹ ਵਿਖੇ 'ਲੋਕ ਮਿਲਣੀ' ਪ੍ਰੋਗਰਾਮ ਦੌਰਾਨ ਵੱਡੇ ਇਕੱਠ ਨੂੰ ਸੰਬੋਧਨ ਕੀਤਾ। ਲੋਕਾਂ ਦਾ ਸਾਡੇ ਉੱਤੇ ਭਰੋਸਾ ਅਤੇ ਪਿਆਰ ਹੀ ਸਾਡੀ ਅਸਲ ਤਾਕਤ ਹੈ। ਵਿਰੋਧੀਆਂ ਦੀਆਂ ਪਿਛਲੀਆਂ ਸਰਕਾਰਾਂ ਨੇ ਸਿਰਫ਼ ਲੋਕਾਂ ਨੂੰ ਲੁੱਟਿਆ, ਪਰ ਸਾਡੀ ਸਰਕਾਰ ਦਾ ਇੱਕੋ-ਇੱਕ ਮਕਸਦ ਪੰਜਾਬ ਦਾ ਸਰਬਪੱਖੀ ਵਿਕਾਸ ਯਕੀਨੀ ਬਣਾਉਣਾ ਅਤੇ ਲੋਕਾਂ ਨੂੰ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਦੇਣਾ ਹੈ। ਅਸੀਂ ਸਿੱਖਿਆ, ਸਿਹਤ ਅਤੇ ਰੋਜ਼ਗਾਰ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆ ਰਹੇ ਹਾਂ ਤਾਂ ਜੋ ਆਮ ਪਰਿਵਾਰਾਂ ਦੇ ਬੱਚੇ ਪੜ੍ਹ-ਲਿਖ ਕੇ ਅੱਗੇ ਵਧਣ ਅਤੇ ਵੱਡੇ ਅਫ਼ਸਰ ਬਣ ਸਕਣ। ਪੰਜਾਬ ਵਾਸੀਆਂ ਨਾਲ ਕੀਤੇ ਵਾਅਦੇ ਮੁਤਾਬਕ ਅਸੀਂ 'ਰੰਗਲਾ ਪੰਜਾਬ' ਬਣਾਉਣ ਲਈ ਦਿਨ-ਰਾਤ ਮਿਹਨਤ ਕਰ ਰਹੇ ਹਾਂ।

ਲੋਕਾਂ ਦੇ ਭਾਰੀ ਇਕੱਠ ਵਾਲੀ 'ਲੋਕ ਮਿਲਣੀ' ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੀਆਂ ਮਾਵਾਂ-ਧੀਆਂ ਦੀ ਭਲਾਈ, ਸਵੈ-ਮਾਣ ਅਤੇ ਆਰਥਿਕ ਸਸ਼ਕਤੀਕਰਨ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਮੁੜ ਦੁਹਰਾਇਆ। ਉਨ੍ਹਾਂ ਕਿਹਾ, ਸਾਡੀ ਨੀਅਤ ਬਿਲਕੁਲ ਸਾਫ਼ ਹੈ ਅਤੇ ਸਾਡੀਆਂ ਨੀਤੀਆਂ ਭਲਾਈ ਤੇ ਵਿਕਾਸ ਮੁਖੀ ਉਪਰਾਲਿਆਂ ਰਾਹੀਂ ਲੋਕਾਂ ਦਾ ਪੈਸਾ ਲੋਕਾਂ ਨੂੰ ਮੋੜਨ ਵੱਲ ਸੇਧਿਤ ਹਨ। ਉਨ੍ਹਾਂ ਕਿਹਾ ਕਿ ਆਪਣੇ ਨਿੱਜੀ ਹਿੱਤਾਂ ਦੀ ਪੂਰਤੀ ਲਈ ਜਨਤਕ ਵਸੀਲਿਆਂ ਦੀ ਲੁੱਟ ਕਰਨ ਵਾਲੀਆਂ ਪਿਛਲੀਆਂ ਸਰਕਾਰਾਂ ਦੇ ਉਲਟ ਸਾਡੀ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਸਰਕਾਰੀ ਸਹੂਲਤਾਂ ਦਾ ਲਾਭ ਆਮ ਘਰਾਂ ਤੱਕ ਪਹੁੰਚੇ।

ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ, ਸਾਡਾ ਮੰਨਣਾ ਹੈ ਕਿ ਲੋਕਾਂ ਦਾ ਪੈਸਾ ਲੋਕਾਂ ਦਾ ਹੀ ਹੈ ਅਤੇ ਇਸ ਨੂੰ ਉਨ੍ਹਾਂ ਦੀ ਭਲਾਈ ਲਈ ਹੀ ਖ਼ਰਚਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ 1 ਨਵੰਬਰ ਨੂੰ ਸੂਬੇ ਦੀਆਂ ਮਾਵਾਂ-ਭੈਣਾਂ ਨੂੰ ਮੋਬਾਈਲ ਫੋਨਾਂ 'ਤੇ ਮੁੜ ਸਨਮਾਨ ਰਾਸ਼ੀ ਦੇ ਸੁਨੇਹੇ ਪ੍ਰਾਪਤ ਹੋਣਗੇ ਕਿਉਂਕਿ ਉਨ੍ਹਾਂ ਦਾ ਸਤਿਕਾਰ, ਸੁਰੱਖਿਆ ਅਤੇ ਆਰਥਿਕ ਖ਼ੁਦਮੁਖ਼ਤਿਆਰੀ ਸਾਡੀ ਸਰਕਾਰ ਦੀਆਂ ਮੁੱਖ ਤਰਜੀਹਾਂ ਹਨ। ਉਨ੍ਹਾਂ ਕਿਹਾ ਕਿ ਅਸੀਂ ਕਿਸੇ 'ਤੇ ਕੋਈ ਅਹਿਸਾਨ ਨਹੀਂ ਕਰ ਰਹੇ, ਸਗੋਂ ਪੰਜਾਬ ਦੇ ਲੋਕਾਂ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾ ਰਹੇ ਹਾਂ। ਭਾਜਪਾ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ 'ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ, ਇਹ ਮੰਦਭਾਗੀ ਗੱਲ ਹੈ ਕਿ ਇਹ ਪਾਰਟੀਆਂ ਆਮ ਪਰਿਵਾਰਾਂ ਨੂੰ ਰਾਹਤ ਦੇਣ ਵਾਲੇ ਇਨ੍ਹਾਂ ਉਪਰਾਲਿਆਂ ਦੀ ਸ਼ਲਾਘਾ ਕਰਨ ਦੀ ਬਜਾਏ ਭਲਾਈ ਸਕੀਮਾਂ ਨੂੰ ਬੰਦ ਕਰਨ ਦੀਆਂ ਧਮਕੀਆਂ ਦੇ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਉਨ੍ਹਾਂ ਨੂੰ ਮਿਲ ਰਹੇ ਉਕਤ ਲਾਭਾਂ ਤੋਂ ਵਾਂਝੇ ਕਰਨ ਦੀਆਂ ਕੋਸ਼ਿਸ਼ਾਂ ਨੂੰ ਕਦੇ ਬਰਦਾਸ਼ਤ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਕਾਂਗਰਸ ਅਤੇ ਭਾਜਪਾ ਮੈਨੂੰ ਕੁਰਸੀ ਤੋਂ ਲਾਹੁਣ ਦੇ ਇੱਕੋ-ਇੱਕ ਮਕਸਦ ਨਾਲ ਫਰੈਂਡਲੀ ਮੈਚ ਖੇਡ ਰਹੀਆਂ ਹਨ।

ਮੁੱਖ ਮੰਤਰੀ ਨੇ ਅੱਗੇ ਕਿਹਾ, ਇਨ੍ਹਾਂ ਦੋਵਾਂ ਪਾਰਟੀਆਂ ਵੱਲੋਂ ਇਕ-ਦੂਜੇ ਦੀ ਆਲੋਚਨਾ ਨਾ ਕਰਨਾ ਉਨ੍ਹਾਂ ਦੀ ਅੰਦਰੂਨੀ ਸਿਆਸੀ ਮਿਲੀਭੁਗਤ ਨੂੰ ਬੇਨਕਾਬ ਕਰਦਾ ਹੈ ਅਤੇ ਆਮ ਲੋਕਾਂ ਦੇ ਸਸ਼ਕਤੀਕਰਨ ਪ੍ਰਤੀ ਉਨ੍ਹਾਂ ਦੀ ਬੇਚੈਨੀ ਨੂੰ ਜ਼ਾਹਰ ਕਰਦਾ ਹੈ ਕਿਉਂਕਿ ਕਿ ਉਨ੍ਹਾਂ ਦੀ ਸਮੱਸਿਆ ਸਿਰਫ਼ ਭਗਵੰਤ ਸਿੰਘ ਮਾਨ ਨਹੀਂ ਹੈ। ਉਨ੍ਹਾਂ ਜ਼ੋਰ ਦੇ ਕੇ ਆਖਿਆ, ਇਨ੍ਹਾਂ ਪਾਰਟੀਆਂ ਦੀ ਅਸਲ ਦਿੱਕਤ ਆਮ ਆਦਮੀ ਦਾ ਉਭਾਰ ਹੈ ਕਿਉਂਕਿ ਉਹ ਇਸ ਗੱਲ ਨੂੰ ਹਜ਼ਮ ਨਹੀਂ ਕਰ ਪਾ ਰਹੇ ਕਿ ਇਕ ਸਾਧਾਰਨ ਪਰਿਵਾਰ ਦਾ ਵਿਅਕਤੀ ਮੁੱਖ ਮੰਤਰੀ ਦੀ ਕੁਰਸੀ 'ਤੇ ਬੈਠ ਕੇ ਸਮਾਜ ਦੇ ਹਰ ਵਰਗ ਲਈ ਦਿਨ-ਰਾਤ ਕੰਮ ਕਰ ਰਿਹਾ ਹੈ। ਉਹ ਮੈਨੂੰ ਇਸ ਲਈ ਹਟਾਉਣਾ ਚਾਹੁੰਦੇ ਹਨ ਕਿਉਂਕਿ ਸਾਡੀ ਸਰਕਾਰ ਨੇ ਉਸ ਪੁਰਾਣੇ ਸਿਸਟਮ ਨੂੰ ਚੁਣੌਤੀ ਦਿੱਤੀ ਹੈ ਜਿੱਥੇ ਸਿਆਸੀ ਤਾਕਤ ਸਿਰਫ਼ ਕੁਝ ਰਸੂਖ਼ਦਾਰ ਪਰਿਵਾਰਾਂ ਦੇ ਹੱਥਾਂ ਵਿੱਚ ਹੀ ਸਿਮਟੀ ਹੋਈ ਸੀ। ਲੋਕ ਮਿਲਣੀ ਵਿੱਚ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਦਾ ਧੰਨਵਾਦ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਲੋਕਾਂ ਦਾ ਪਿਆਰ ਅਤੇ ਵਿਸ਼ਵਾਸ ਪੰਜਾਬ ਦੀ ਸੇਵਾ ਹੋਰ ਸਮਰਪਣ ਨਾਲ ਕਰਨ ਦੇ ਮੇਰੇ ਇਰਾਦੇ ਨੂੰ ਹੋਰ ਮਜ਼ਬੂਤ ਕਰਦਾ ਹੈ। ਮੈਂ ਖ਼ਾਸ ਕਰਕੇ ਉਨ੍ਹਾਂ ਮਾਵਾਂ-ਭੈਣਾਂ ਦਾ ਸਵਾਗਤ ਕਰਦਾ ਹਾਂ ਜੋ ਆਪਣੇ ਰੋਜ਼ਾਨਾ ਦੇ ਘਰੇਲੂ ਰੁਝੇਵਿਆਂ ਨੂੰ ਛੱਡ ਕੇ ਇਸ ਇਕੱਠ ਵਿੱਚ ਪਹੁੰਚੀਆਂ ਹਨ। ਮੈਨੂੰ ਮਿਲਣ ਲਈ ਆਉਣ ਵਾਸਤੇ ਪੁੱਟਿਆ ਉਨ੍ਹਾਂ ਦਾ ਹਰ ਕਦਮ ਮੈਨੂੰ ਹੌਸਲਾ ਦਿੰਦਾ ਹੈ ਅਤੇ ਤੁਹਾਡੇ ਲਈ ਹੋਰ ਸਖ਼ਤ ਮਿਹਨਤ ਕਰਨ ਦੀ ਪ੍ਰੇਰਨਾ ਦਿੰਦਾ ਹੈ। ਮੈਂ ਲੋਕਾਂ ਦਾ ਹਾਂ ਅਤੇ ਹਮੇਸ਼ਾ ਉਨ੍ਹਾਂ ਦੀ ਭਲਾਈ ਲਈ ਵਚਨਬੱਧ ਰਹਾਂਗਾ। 2027 ਦੀਆਂ ਵਿਧਾਨ ਸਭਾ ਚੋਣਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ, ਲੋਕਾਂ ਦਾ ਇਹ ਭਾਰੀ ਉਤਸ਼ਾਹ ਸਾਡੀ ਸਰਕਾਰ ਦੇ ਕੰਮਾਂ ਪ੍ਰਤੀ ਉਨ੍ਹਾਂ ਦੇ ਭਰੋਸੇ ਅਤੇ ਪੰਜਾਬ ਦੇ ਭਵਿੱਖ ਲਈ ਉਨ੍ਹਾਂ ਦੀਆਂ ਉਮੀਦਾਂ ਨੂੰ ਦਰਸਾਉਂਦਾ ਹੈ ਅਤੇ ਲੋਕ ਆਪਣਾ ਫ਼ੈਸਲਾ ਆਪਣੀ ਵੋਟ ਦੀ ਤਾਕਤ ਨਾਲ ਸੁਣਾਉਣਗੇ। ਰੋਜ਼ਗਾਰ ਦੀ ਦਿਸ਼ਾ ਵਿੱਚ ਸਰਕਾਰ ਦੇ ਰਿਕਾਰਡ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ, ਸਾਢੇ ਚਾਰ ਸਾਲਾਂ ਤੋਂ ਵੱਧ ਸਮੇਂ ਵਿੱਚ ਅਸੀਂ ਨੌਜਵਾਨਾਂ ਨੂੰ ਬਿਨਾਂ ਕਿਸੇ ਪੱਖਪਾਤ ਅਤੇ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ 'ਤੇ 70,862 ਸਰਕਾਰੀ ਨੌਕਰੀਆਂ ਦਿੱਤੀਆਂ ਹਨ।

ਮੁਲਾਜ਼ਮਾਂ ਨੇ ਸਰਕਾਰ ਖ਼ਿਲਾ.ਫ ਮੋਰਚਾ ਖੋਲ੍ਹਿਆ



ਜੀਂਦ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਰੋਡਵੇਜ਼ ਦੇ ਮੁਲਾਜ਼ਮਾਂ ਨੇ ਆਪਣੀਆਂ ਮੰਗਾਂ ਮੰਨਵਾਉਣ ਲਈ ਸੂਬਾ ਸਰਕਾਰ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਹੈ।

ਇੱਥੇ ਮੁਜ਼ਾਹਰਾ ਕਰਦਿਆਂ ਮੁਲਾਜ਼ਮਾਂ ਨੇ ਮੰਗ ਕੀਤੀ ਕਿ ਹਰ ਪਿੰਡ ਤੱਕ ਸਰਕਾਰੀ ਬੱਸ ਸੇਵਾ ਪਹੁੰਚਾਈ ਜਾਵੇ, ਰੋਡਵੇਜ਼ ਦੇ ਬੇੜੇ ਵਿੱਚ ਬੱਸਾਂ ਦੀ ਗਿਣਤੀ ਵਧਾਉਣ, ਮੁਲਾਜ਼ਮਾਂ ਦੀ ਭਰਤੀ ਅਤੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ।

ਹਰਿਆਣਾ ਰੋਡਵੇਜ਼ ਕਰਮਚਾਰੀ ਸਾਂਝਾ ਮੋਰਚੇ ਦੇ ਸੱਦੇ 'ਤੇ ਜੀਂਦ ਡਿਪੂ ਵਿੱਚ ਮੁਲਾਜ਼ਮਾਂ ਨੇ ਧਰਨਾ ਦਿੱਤਾ। ਮੁਲਾਜ਼ਮਾਂ ਨੇ 5 ਅਤੇ 6 ਨਵੰਬਰ ਨੂੰ ਪ੍ਰਸਤਾਵਿਤ ਦੋ ਰੋਜ਼ਾ ਹੜਤਾਲ ਨੂੰ ਸਫਲ ਬਣਾਉਣ ਦਾ ਅਹਿਦ ਲਿਆ।

ਪ੍ਰਦਰਸ਼ਨ ਦੌਰਾਨ ਮੁਲਾਜ਼ਮਾਂ ਨੇ ਸਰਕਾਰ ਦੀ ਰੋਡਵੇਜ਼ ਨੀਤੀਆਂ ਦੇ ਖਿਲਾਫ ਨਾਅਰੇਬਾਜ਼ੀ ਕਰਦੇ ਹੋਏ ਮੰਗਾਂ ਨੂੰ ਜਲਦੀ ਲਾਗੂ ਕਰਨ ਦੀ ਆਵਾਜ਼ ਉਠਾਈ। ਪ੍ਰਦਰਸ਼ਨਕਾਰੀ ਮੁਲਾਜ਼ਮਾਂ ਨੂੰ ਸੰਬੋਧਤ ਕਰਦੇ ਹੋਏ ਜੈਵੀਰ ਘਨਘਸ, ਜਗਦੀਪ ਲਾਠਰ, ਵਰਿੰਦਰ ਸਿੰਘ ਅਤੇ ਅਨੂਪ ਲਾਠਰ ਨੇ ਕਿਹਾ ਕਿ ਨਿੱਜੀ ਪਰਮਿਟ, ਕਿਲੋਮੀਟਰ ਸਕੀਮ ਅਤੇ ਠੇਕੇ ਉੱਤੇ ਮਹਿੰਗੀ ਇਲੈਕਟ੍ਰਿਕ ਬੱਸਾਂ ਚਲਾਉਣ ਦੀਆਂ ਨੀਤੀਆਂ ਹਰਿਆਣਾ ਰੋਡਵੇਜ਼ ਦੇ ਭਵਿੱਖ ਨੂੰ ਲੈ ਕੇ ਚਿੰਤਾ ਪੈਦਾ ਕਰ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਜਨਤਕ ਰੋਡਵੇਜ਼ ਪ੍ਰਬੰਧ ਨੂੰ ਮਜ਼ਬੂਤ ਕਰਨ ਲਈ ਡਿਪੂ ਵਿੱਚ ਸਰਕਾਰੀ ਬੱਸਾਂ ਦੀ ਗਿਣਤੀ ਵਧਾਉਣੀ ਪਵੇਗੀ ਅਤੇ ਮੁਲਾਜ਼ਮਾਂ ਦੀ ਭਰਤੀ ਕਰਨੀ ਵੀ ਜ਼ਰੂਰੀ ਹੈ।

ਉਨ੍ਹਾਂ ਨੇ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਲਈ ਵੱਖ-ਵੱਖ ਬੱਸਾਂ ਚਲਾਉਣ ਦੀ ਵੀ ਮੰਗ ਕੀਤੀ।

ਪ੍ਰਦਰਸ਼ਨ ਵਿੱਚ ਜੀਂਦ ਡਿਪੂ ਦੇ ਸੈਂਕੜੇ ਕਰਮਚਾਰੀ ਸ਼ਾਮਲ ਹੋਏ। ਇਸ ਮੌਕੇ ਨੀਰਜ਼ ਸ਼ਰਮਾ, ਸੰਜੀਵ ਕੁਮਾਰ, ਸੁਰਿੰਦਰ ਕੁਮਾਰ, ਕ੍ਰਿਸ਼ਨ ਨਹਿਰਾ, ਪਵਨ ਸਹਾਰਣ ਅਤੇ ਅਸ਼ੋਕ ਸਹਾਰਣ ਆਦਿ ਹਾਜ਼ਰ ਸਨ।

ਮੀਂਹ ਤੇ ਗੜਿਆਂ ਕਾਰਨ ਝੋਨੇ ਦੀ .ਫਸਲ ਨੁਕਸਾਨੀ

ਰਤੀਆ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਹਲਕੇ ਵਿੱਚ ਬੀਤੇ ਦਿਨੀਂ ਪਏ ਗੜਿਆਂ ਅਤੇ ਮੀਂਹ ਕਾਰਨ ਝੋਨਾ ਦਾ ਕਾਫ਼ੀ ਨੁਕਸਾਨ ਹੋਇਆ ਹੈ। ਮੀਂਹ ਕਾਰਨ ਖੇਤਾਂ ਵਿੱਚ ਖੜ੍ਹੀ ਫ਼ਸਲ ਖਰਾਬ ਹੋਣ ਨਾਲ ਕਿਸਾਨਾਂ ਨੂੰ ਵੱਡੇ ਆਰਥਿਕ ਨੁਕਸਾਨ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਫ਼ਸਲ ਦਾ ਜਾਇਜ਼ਾ ਲੈਣ ਲਈ ਸਾਬਕਾ ਵਿਧਾਇਕ ਅਤੇ ਭਾਜਪਾ ਦੇ ਸੀਨੀਅਰ ਆਗੂ ਲਕਸ਼ਮਣ ਨਾਪਾ ਨੇ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ ਅਤੇ ਕਿਸਾਨਾਂ ਨਾਲ ਮੁਲਾਕਾਤ ਕਰਕੇ ਖੇਤਾਂ ਵਿੱਚ ਫ਼ਸਲ ਦੀ ਹਾਲਤ ਦੇਖੀ। ਉਨ੍ਹਾਂ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਪੱਤਰ ਲਿਖ ਕੇ ਪ੍ਰਭਾਵਿਤ ਇਲਾਕਿਆਂ ਵਿੱਚ ਵਿਸ਼ੇਸ਼ ਗਿਰਦਾਵਰੀ ਕਰਵਾਉਣ, ਈ-ਕਸ਼ਤਿਪੂਰਤੀ ਪੋਰਟਲ ਤੁਰੰਤ ਖੋਲ੍ਹਣ ਅਤੇ ਕਿਸਾਨਾਂ ਨੂੰ ਨਿਯਮਾਂ ਅਨੁਸਾਰ ਢੁੱਕਵਾਂ ਮੁਆਵਜ਼ਾ ਦੇਣ ਦੀ ਮੰਗ ਕੀਤੀ। ਲਕਸ਼ਮਣ ਨਾਪਾ ਨੇ ਪਿੰਡ ਰੱਤਾਖੇੜਾ ਵਿੱਚ ਕਿਸਾਨਾਂ ਦੇ ਨਾਲ ਖੇਤਾਂ ਦਾ ਦੌਰਾ ਕਰਦਿਆਂ ਝੋਨੇ ਦੀ ਫ਼ਸਲ ਨੂੰ ਹੋਏ ਨੁਕਸਾਨ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਫ਼ਸਲ ਦੀ ਮੌਜੂਦਾ ਸਥਿਤੀ ਬਾਰੇ ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਗੜੇਮਾਰੀ ਕਾਰਨ ਹੋਏ ਨੁਕਸਾਨ 'ਤੇ ਚਿੰਤਾ ਪ੍ਰਗਟਾਈ।

ਪੰਚਾਇਤੀ ਗਲੀ ਤੋਂ ਨਾਜਾਇਜ਼ ਕਬਜ਼ਾ ਹਟਾਇਆ

ਸ਼ਾਹਬਾਦ ਮਾਰਕੰਡਾ, 2 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਪ੍ਰਸ਼ਾਸਨ ਨੇ ਬਲਾਕ ਬਾਬੈਨ ਦੇ ਪਿੰਡ ਬੁਹਾਵਾ ਵਿੱਚ ਪੰਚਾਇਤੀ ਗਲੀ ਤੋਂ ਨਾਜਾਇਜ਼ ਕਬਜ਼ਾ ਹਟਾਇਆ। ਐੱਸ ਡੀ ਐੱਮ ਸ਼ੰਭੂ ਰਾਠੀ ਦੇ ਹੁਕਮਾਂ ਅਤੇ ਬਾਬੈਨ ਦੇ ਬੀ ਡੀ ਪੀ ਓ ਸੁਸ਼ੀਲ ਮੰਗਲਾ ਦੀ ਅਗਵਾਈ ਹੇਠ ਪ੍ਰਸ਼ਾਸਨਿਕ ਟੀਮ ਜੇ ਸੀ ਬੀ ਮਸ਼ੀਨ ਨਾਲ ਮੌਕੇ 'ਤੇ ਪਹੁੰਚੀ ਅਤੇ ਨਾਜਾਇਜ਼ ਉਸਾਰੀ ਨੂੰ ਹਟਾਉਣ ਤੋਂ ਬਾਅਦ ਜ਼ਮੀਨ ਦਾ ਕਬਜ਼ਾ ਪੰਚਾਇਤ ਨੂੰ ਸੌਂਪ ਦਿੱਤਾ। ਕਾਰਵਾਈ ਦੌਰਾਨ ਕਬਜ਼ਾਧਾਰੀ ਧਿਰ ਨੇ ਵਿਰੋਧ ਕੀਤਾ, ਜਿਸ ਕਾਰਨ ਕੁਝ ਸਮੇਂ ਲਈ ਮਾਹੌਲ ਤਣਾਅਪੂਰਨ ਹੋ ਗਿਆ। ਹਾਲਾਂਕਿ ਅਧਿਕਾਰੀਆਂ ਨੇ ਸਥਿਤੀ ਨੂੰ ਕਾਬੂ ਵਿੱਚ ਰੱਖਿਆ।ਜ਼ਿਕਰਯੋਗ ਹੈ ਕਿ ਇਹ ਮਾਮਲਾ ਐੱਸ ਡੀ ਐੱਮ ਕੋਰਟ ਸ਼ਾਹਬਾਦ ਵਿੱਚ ਵਿਚਾਰ ਅਧੀਨ ਸੀ। ਡਿਊਟੀ ਮੈਜਿਸਟਰੇਟ ਅਤੇ ਬੀ ਡੀ ਪੀ ਓ ਸੁਸ਼ੀਲ ਸਿੰਗਲਾ ਨੇ ਦੱਸਿਆ ਕਿ ਐੱਸ ਡੀ ਐੱਮ ਦਫ਼ਤਰ ਨੂੰ ਪਿੰਡ ਬੁਹਾਵਾ ਵਿੱਚ ਪੰਚਾਇਤੀ ਗਲੀ 'ਤੇ ਕਬਜ਼ੇ ਦੀ ਸ਼ਿਕਾਇਤ ਮਿਲੀ ਸੀ। ਜਾਂਚ ਤੋਂ ਬਾਅਦ ਵਿਵਾਦਿਤ ਜ਼ਮੀਨ ਪੰਚਾਇਤੀ ਗਲੀ ਦਾ ਹਿੱਸਾ ਪਾਈ ਗਈ, ਜਿਸ ਦੇ ਆਧਾਰ 'ਤੇ ਐੱਸ ਡੀ ਐੱਮ ਸ਼ੰਭੂ ਰਾਠੀ ਨੇ ਕਬਜ਼ੇ ਹਟਾਉਣ ਦੇ ਹੁਕਮ ਜਾਰੀ ਕਰ ਦਿੱਤੇ। ਉਨ੍ਹਾਂ ਕਿਹਾ ਕਿ ਕਾਰਵਾਈ ਦੌਰਾਨ ਧਿਰਾਂ ਨੂੰ ਆਪਣੇ ਦਾਅਵੇ ਦੇ ਸਮਰਥਨ ਵਿੱਚ ਜਾਇਜ਼ ਜ਼ਮੀਨੀ ਦਸਤਾਵੇਜ਼ ਜਾਂ ਅਦਾਲਤੀ ਸਟੇਅ ਆਰਡਰ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ, ਪਰ ਮੌਕੇ 'ਤੇ ਕੋਈ ਅਜਿਹੇ ਦਸਤਾਵੇਜ਼ ਪੇਸ਼ ਨਹੀਂ ਕੀਤੇ ਗਏ।

ਇਸ ਤੋਂ ਬਾਅਦ ਪ੍ਰਸ਼ਾਸਨ ਨੇ ਨਿਯਮਾਂ ਅਨੁਸਾਰ ਕਾਰਵਾਈ ਕਰਦਿਆਂ ਉਸਾਰੀ ਨੂੰ ਹਟਾ ਦਿੱਤਾ। ਜ਼ਿਕਰਯੋਗ ਹੈ ਕਿ ਗਲੀ ਬੰਦ ਹੋਣ ਨਾਲ ਪਿੰਡ ਵਾਸੀਆਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਬੁਹਾਵਾ ਦੇ ਸਰਪੰਚ ਸੰਜੀਵ ਕੁਮਾਰ ਨੇ ਦੱਸਿਆ ਕਿ ਪਿੰਡ ਦੇ ਇੱਕ ਵਿਅਕਤੀ ਨੇ ਲਾਲ ਡੋਰਾ ਇਲਾਕੇ ਵਿੱਚ ਇੱਕ ਮੁੱਖ ਸੜਕ 'ਤੇ ਕਬਜ਼ਾ ਕਰ ਕੇ ਢਾਂਚਾ ਬਣਾਇਆ ਹੋਇਆ ਸੀ, ਜਿਸ ਕਾਰਨ ਪਿੰਡ ਵਾਸੀਆਂ ਨੂੰ ਆਉਣ-ਜਾਣ ਵਿੱਚ ਮੁਸ਼ਕਿਲ ਪੇਸ਼ ਆ ਰਹੀ ਸੀ।

ਭਿਲਾਈ 'ਚ ਖੁਰਾਕ ਵਿਭਾਗ ਦੀ ਵੱਡੀ ਕਾਰਵਾਈ; 2500 ਕਿਲੋ ਮਠਿਆਈਆਂ ਤੇ 1000 ਲੀਟਰ ਦੁੱਧ ਕੀਤਾ ਨਸ਼ਟ

ਕੌਮੀ ਪਤ੍ਰਿਕਾ

ਦੁਰਗ 2 ਨਵੰਬਰ। ਛੱਤੀਸਗੜ੍ਹ ਦੇ ਦੁਰਗ ਜ਼ਿਲ੍ਹੇ ਦੇ ਭਿਲਾਈ ਵਿੱਚ ਫੂਡ ਸੇਫਟੀ ਵਿਭਾਗ ਨੇ ਸ਼ੁੱਕਰਵਾਰ ਨੂੰ ਮਿਠਾਈਆਂ ਅਤੇ ਭੋਜਨ ਅਦਾਰਿਆਂ ਦਾ ਅਚਾਨਕ ਨਿਰੀਖਣ ਕੀਤਾ ਅਤੇ ਵੱਡੀ ਕਾਰਵਾਈ ਕੀਤੀ। ਜਾਂਚ ਦੌਰਾਨ ਮਿਆਦ ਪੁੱਗ ਚੁੱਕੇ ਦੁੱਧ ਤੋਂ ਪਨੀਰ ਬਣਾਉਣਾ, ਗੰਦੀਆਂ ਸਥਿਤੀਆਂ ਵਿੱਚ ਮਠਿਆਈਆਂ ਤਿਆਰ ਕਰਨ ਅਤੇ ਬਿਨਾਂ ਲੇਬਲ ਦੇ ਪਲਾਸਟਿਕ ਦੇ ਜਾਰਾਂ ਵਿੱਚ ਮਠਿਆਈਆਂ ਪੈਕ ਕਰਨ ਵਰਗੀਆਂ ਗੰਭੀਰ ਬੇਨਿਯਮੀਆਂ ਦਾ ਖੁਲਾਸਾ ਹੋਇਆ। ਵਿਭਾਗ ਨੇ ਕਾਰਵਾਈ ਕਰਦੇ ਕਰੀਬ 2,500 ਕਿਲੋ ਮਠਿਆਈਆਂ ਅਤੇ 1000 ਲੀਟਰ ਦੁੱਧ ਨਸ਼ਟ ਕਰ ਦਿੱਤਾ। ਗੰਭੀਰ ਕਮੀਆਂ ਪਾਏ ਜਾਣ ਤੋਂ ਬਾਅਦ ਤਿੰਨ ਅਦਾਰਿਆਂ ਵਿੱਚ ਖਾਣ-ਪੀਣ ਦੀਆਂ ਵਸਤੂਆਂ ਦਾ ਨਿਰਮਾਣ ਵੀ ਬੰਦ ਕਰ ਦਿੱਤਾ ਗਿਆ ਸੀ। ਜ਼ਿਲ੍ਹਾ ਪ੍ਰਸ਼ਾਸਨ ਨੇ ਸ਼ਨੀਵਾਰ ਨੂੰ ਪ੍ਰਾਪਤ ਜਾਣਕਾਰੀ ਅਨੁਸਾਰ, ਨੰਦਨੀ ਰੋਡ 'ਤੇ ਮਾਂ ਦੁਰਗਾ ਡੇਅਰੀ ਦੀ ਜਾਂਚ ਦੌਰਾਨ ਪਨੀਰ ਅਤੇ ਦਹੀਂ ਗੰਦੇ ਹਾਲਾਤਾਂ ਵਿੱਚ ਤਿਆਰ ਕੀਤੇ ਜਾਣ ਦਾ ਪਤਾ ਲੱਗਾ। ਪਨੀਰ ਬਣਾਉਣ ਲਈ ਮਿਆਦ ਪੁੱਗੇ ਪੈਕ ਕੀਤੇ ਦੁੱਧ ਦੀ ਵਰਤੋਂ ਕੀਤੀ ਜਾ ਰਹੀ ਸੀ। ਖੁਰਾਕ ਵਿਭਾਗ ਦੀ ਟੀਮ ਨੇ ਪਨੀਰ, ਦੁੱਧ ਅਤੇ ਦਹੀਂ ਦੇ ਨਮੂਨੇ ਇਕੱਠੇ ਕੀਤੇ ਅਤੇ ਉਨ੍ਹਾਂ ਨੂੰ ਜਾਂਚ ਲਈ ਪ੍ਰਯੋਗਸ਼ਾਲਾ ਵਿੱਚ ਭੇਜਿਆ। ਇਸ ਤੋਂ ਬਾਅਦ ਨਗਰ ਨਿਗਮ ਦੀ ਮਦਦ ਨਾਲ 1000 ਲੀਟਰ ਦੁੱਧ



ਅਤੇ 80 ਕਿਲੋ ਦਹੀਂ ਨਸ਼ਟ ਕੀਤਾ ਗਿਆ। ਕੈਂਪ 2 ਸਥਿਤ ਗੁਪਤਾਜੀ ਲੱਡੂ ਹਾਊਸ ਵਿਖੇ ਨਿਰੀਖਣ ਦੌਰਾਨ ਲਗਭਗ 250 ਕਿਲੋਗ੍ਰਾਮ ਆਟੇ ਦੇ ਲੱਡੂ ਮਿਲੇ। ਸ਼ੱਕ ਸੀ ਕਿ ਇਨ੍ਹਾਂ ਲੱਡੂਆਂ ਵਿੱਚ ਫੂਡ ਕਲਰਿੰਗ ਅਤੇ ਮਿੱਠਾ ਬਣਾਉਣ ਵਾਲੇ ਏਜੰਟ ਸਨ, ਜੋ ਨਿਰਧਾਰਤ ਮਾਪਦੰਡਾਂ ਨੂੰ ਪੂਰਾ ਨਹੀਂ ਕਰਦੇ ਸਨ। ਵਿਭਾਗ ਨੇ ਬੇਨਿਯਮੀਆਂ ਮਿਲਣ ਤੋਂ ਬਾਅਦ ਲੱਡੂਆਂ ਨੂੰ ਨਸ਼ਟ ਕਰਨ ਦੀ ਕਾਰਵਾਈ ਕੀਤੀ। ਕੈਂਪ 2 ਦੇ ਬੈਕੁੰਠਧਾਮ ਵਿੱਚ ਸਥਿਤ ਮੁਸਕਾਨ ਫੂਡ ਪ੍ਰੋਡਕਟਸ ਵਿੱਚ ਵੀ ਸਫਾਈ ਵਿੱਚ ਲਾਪਰਵਾਹੀ ਦੇਖੀ ਗਈ। ਲੱਡੂ, ਸੋਨਪਾਪੜੀ, ਪੇੜਾ ਅਤੇ ਬਰਫੀ ਵਰਗੀਆਂ ਮਿਠਾਈਆਂ ਗੰਦੇ ਹਾਲਾਤ ਵਿੱਚ ਤਿਆਰ ਅਤੇ ਪੈਕ ਕੀਤੀਆਂ ਜਾ ਰਹੀਆਂ ਸਨ। ਇਹ ਮਠਿਆਈਆਂ ਬਿਨਾਂ ਲੇਬਲ ਵਾਲੇ ਪਲਾਸਟਿਕ ਦੇ ਜਾਰਾਂ ਵਿੱਚ ਪੈਕ ਕੀਤੀਆਂ ਜਾ ਰਹੀਆਂ ਸਨ। ਕਾਰਵਾਈ ਦੌਰਾਨ ਲਗਭਗ 200 ਕਿਲੋ ਪੇੜਾ, 1020 ਕਿਲੋ ਸੋਨਪਾਪੜੀ, 70 ਕਿਲੋ ਮਸੂਰ ਪਾਕ ਅਤੇ ਹੋਰ ਮਠਿਆਈਆਂ ਨਸ਼ਟ ਕੀਤੀਆਂ ਗਈਆਂ। ਵਿਭਾਗ ਦੇ ਅਨੁਸਾਰ ਤਿੰਨੋਂ ਅਦਾਰਿਆਂ 'ਤੇ ਕੁੱਲ ਲਗਭਗ 2,500 ਕਿਲੋਗ੍ਰਾਮ ਮਠਿਆਈਆਂ ਅਤੇ 1,000 ਲੀਟਰ ਦੁੱਧ ਨਸ਼ਟ ਕੀਤਾ ਗਿਆ। ਭੋਜਨ ਸੁਰੱਖਿਆ ਮਾਪਦੰਡਾਂ ਵਿੱਚ ਗੰਭੀਰ ਕਮੀਆਂ ਲੱਭਣ ਤੋਂ ਬਾਅਦ ਵਿਭਾਗ ਨੇ ਮਾਂ ਦੁਰਗਾ ਡੇਅਰੀ, ਗੁਪਤਾਜੀ ਲੱਡੂ ਹਾਊਸ ਅਤੇ ਮੁਸਕਾਨ ਫੂਡ ਪ੍ਰੋਡਕਟਸ ਵਿਖੇ ਭੋਜਨ ਨਿਰਮਾਣ ਕਾਰਜਾਂ ਨੂੰ ਮੁਅੱਤਲ ਕਰ ਦਿੱਤਾ ਹੈ। ਅਧਿਕਾਰੀਆਂ ਅਨੁਸਾਰ, ਤਿੰਨੋਂ ਅਦਾਰਿਆਂ ਦੇ ਫੂਡ ਲਾਇਸੈਂਸਾਂ ਨੂੰ ਇੱਕ ਹਫ਼ਤੇ ਲਈ ਮੁਅੱਤਲ ਕਰਨ ਦੀ ਸਿਫਾਰਸ਼ ਭੇਜੀ ਜਾਵੇਗੀ। ਜੇਕਰ ਨਿਰਧਾਰਤ ਸਮੇਂ ਦੇ ਅੰਦਰ ਜ਼ਰੂਰੀ ਸੁਧਾਰ ਨਹੀਂ ਕੀਤੇ ਜਾਂਦੇ ਹਨ, ਤਾਂ ਲਾਇਸੈਂਸ ਮੁਅੱਤਲੀ ਦੀ ਮਿਆਦ ਵਧਾਈ ਜਾ ਸਕਦੀ ਹੈ। ਵੈਸ਼ਾਲੀ ਨਗਰ ਦੇ ਜਲਾਰਾਮ ਨਮਕੀਨ ਐਂਡ ਡੇਅਰੀ ਵਿਖੇ ਅਚਾਨਕ ਨਿਰੀਖਣ ਦੌਰਾਨ ਗੰਭੀਰ ਪੈਕੇਜਿੰਗ ਬੇਨਿਯਮੀਆਂ ਦਾ ਪਤਾ ਲੱਗਿਆ। ਇੱਥੇ, ਬਿਸਕੁਟ ਪੈਕੇਟਾਂ 'ਤੇ 2 ਨਵੰਬਰ, 2026 ਦੀ ਤਾਰੀਖ਼ ਲਿਖੀ ਜਾ ਰਹੀ ਸੀ, ਹਾਲਾਂਕਿ ਵਿਭਾਗ ਨੇ 23 ਅਕਤੂਬਰ ਨੂੰ ਨਿਰੀਖਣ ਕੀਤਾ ਸੀ। ਇਸ ਤਰ੍ਹਾਂ, ਪੈਕੇਟਾਂ 'ਤੇ ਤਾਰੀਖ ਲਗਭਗ ਨੌਂ ਦਿਨ ਪਹਿਲਾਂ ਦੀ ਲਿਖੀ ਜਾ ਰਹੀ ਸੀ। ਵਿਭਾਗ ਨੇ ਗਾਹਕਾਂ ਨੂੰ ਗੁੰਮਰਾਹ ਕਰਨ ਦਾ ਮਾਮਲਾ ਦਰਜ ਕਰਕੇ ਦੁਕਾਨ ਮਾਲਕ ਨੂੰ ਗੁੰਮਰਾਹ ਕਰਨ ਦਾ ਮਾਮਲਾ ਦਰਜ ਕੀਤਾ ਹੈ। ਅਦਾਲਤ ਵਿੱਚ ਕੇਸ ਪੇਸ਼ ਕਰਨ ਲਈ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

ਮੋਗਾ ਤੋਂ ਪੰਜਾਬ ਭਾਜਪਾ ਨੂੰ ਮਿਲੀ ਮਜ਼ਬੂਤੀ, ਅਕਾਲੀ ਆਗੂ ਤੇ ਸੀਨੀਅਰ ਵਕੀਲ ਰਮੇਸ਼ ਗਰੋਵਰ ਭਾਜਪਾ 'ਚ ਸ਼ਾਮਲ

ਕੌਮੀ ਪਤ੍ਰਿਕਾ

ਚੰਡੀਗੜ੍ਹ 2 ਨਵੰਬਰ। ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ (ਭਾਜਪਾ) ਨੂੰ ਅੱਜ ਉਸ ਸਮੇਂ ਵੱਡਾ ਹੁਲਾਰਾ ਮਿਲਿਆ, ਜਦੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਮੋਗਾ ਦੇ ਉੱਘੇ ਸੀਨੀਅਰ ਵਕੀਲ ਰਮੇਸ਼ ਗਰੋਵਰ ਪਾਰਟੀ ਵਿੱਚ ਸ਼ਾਮਲ ਹੋ ਗਏ। ਉਨ੍ਹਾਂ ਦਾ ਭਾਜਪਾ ਵਿੱਚ ਸਵਾਗਤ ਕਰਦਿਆਂ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਰਮੇਸ਼ ਗਰੋਵਰ ਦੇ ਆਉਣ ਨਾਲ ਮੋਗਾ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਪਾਰਟੀ ਹੋਰ ਮਜ਼ਬੂਤ ??ਹੋਵੇਗੀ। ਇਸ ਮੌਕੇ ਮੋਗਾ ਜ਼ਿਲ੍ਹਾ ਪ੍ਰਧਾਨ ਹਰਜੋਤ ਕਮਲ ਵੀ ਮੌਜੂਦ ਸਨ। ਜ਼ਿਕਰਯੋਗ ਹੈ ਕਿ ਅਕਾਲੀ ਦਲ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ, ਰਮੇਸ਼ ਗਰੋਵਰ ਆਮ ਆਦਮੀ ਪਾਰਟੀ (ਆਪ) ਦੇ ਜ਼ਿਲ੍ਹਾ ਪ੍ਰਧਾਨ ਅਤੇ ਫਰੀਦਕੋਟ ਜ਼ੋਨ ਲਈ ਇਸ ਦੇ ਕਾਨੂੰਨੀ ਸੈੱਲ ਦੇ ਇੰਚਾਰਜ ਵਜੋਂ ਸੇਵਾ ਨਿਭਾ ਚੁੱਕੇ ਹਨ। ਉਨ੍ਹਾਂ ਨੇ 2017 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮੋਗਾ ਹਲਕੇ ਤੋਂ 'ਆਪ' ਦੇ ਉਮੀਦਵਾਰ ਵਜੋਂ ਚੋਣ ਵੀ ਲੜੀ ਸੀ। ਇਸ ਤੋਂ ਇਲਾਵਾ ਉਹ ਕਈ ਵਾਰ ਬਾਰ



ਕੌਂਸਲ ਦੇ ਪ੍ਰਧਾਨ ਵਜੋਂ ਵੀ ਸੇਵਾਵਾਂ ਨਿਭਾ ਚੁੱਕੇ ਹਨ। ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਰਮੇਸ਼ ਗਰੋਵਰ ਨੇ ਕਾਨੂੰਨੀ, ਸਮਾਜਿਕ ਅਤੇ ਸਿਆਸੀ ਖੇਤਰਾਂ ਵਿੱਚ ਆਪਣੀ ਇੱਕ ਵੱਖਰੀ ਪਛਾਣ ਬਣਾਈ ਹੈ। ਲੰਬੇ ਸਮੇਂ ਤੋਂ ਲੋਕਾਂ ਨਾਲ ਸਰਗਰਮੀ ਨਾਲ ਜੁੜੇ ਰਹਿਣ ਕਾਰਨ ਉਨ੍ਹਾਂ ਨੇ ਇੱਕ ਮਜ਼ਬੂਤ ??ਆਧਾਰ ਬਣਾਇਆ ਹੈ। ਉਨ੍ਹਾਂ ਦਾ ਤਜਰਬਾ ਅਤੇ ਲੋਕਾਂ ਨਾਲ ਡੂੰਘਾ ਜੁੜਾਅ ਪਾਰਟੀ ਲਈ ਲਾਹੇਵੰਦ ਸਾਬਤ ਹੋਵੇਗਾ। ਢਿੱਲੋਂ ਨੇ ਅੱਗੇ ਕਿਹਾ ਕਿ ਵੱਖ-ਵੱਖ ਵਰਗਾਂ ਦੇ ਲੋਕ ਭਾਜਪਾ ਦੀਆਂ ਨੀਤੀਆਂ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਵਿੱਚ ਹੋ ਰਹੀ ਤਰੱਕੀ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਇਹ ਪਾਰਟੀ ਦੀਆਂ ਨੀਤੀਆਂ ਅਤੇ ਲੋਕ-ਪੱਖੀ ਦ੍ਰਿਸ਼ਟੀਕੋਣ ਵਿੱਚ ਲੋਕਾਂ ਦੇ ਵਧਦੇ ਭਰੋਸੇ ਨੂੰ ਦਰਸਾਉਂਦਾ ਹੈ। ਢਿੱਲੋਂ ਨੇ ਜ਼ੋਰ ਦੇ ਕੇ ਕਿਹਾ ਕਿ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਹਰੇਕ ਆਗੂ ਅਤੇ ਵਰਕਰ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਂਦਾ ਹੈ। ਪਾਰਟੀ ਦਾ ਮੁੱਖ ਉਦੇਸ਼ ਪੰਜਾਬ ਦੀ ਤਰੱਕੀ, ਖ਼ੁਸ਼ਹਾਲੀ ਅਤੇ ਲੋਕ ਭਲਾਈ ਲਈ ਕੰਮ ਕਰਨਾ ਹੈ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਰਮੇਸ਼ ਗਰੋਵਰ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਪੰਜਾਬ ਦੀ ਬਿਹਤਰੀ ਲਈ ਯੋਗਦਾਨ ਪਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਲੋਕ ਭਾਰਤੀ ਜਨਤਾ ਪਾਰਟੀ ਨੂੰ ਇੱਕ ਬਿਹਤਰ ਭਵਿੱਖ ਲਈ ਉਮੀਦ ਦੀ ਇਕੋ-ਇਕ ਕਿਰਨ ਵਜੋਂ ਦੇਖਦੇ ਹਨ। ਇਸ ਜਨਤਕ ਸਮਰਥਨ ਅਤੇ ਭਰੋਸੇ ਦੇ ਆਧਾਰ 'ਤੇ, ਭਾਜਪਾ 2027 ਵਿੱਚ ਪੰਜਾਬ ਵਿੱਚ ਬਹੁਮਤ ਨਾਲ ਸਰਕਾਰ ਬਣਾਏਗੀ।

ਅਬੋਹਰ ਗੋਲੀਕਾਂਡ ਦੀ ਨਿਰਪੱਖ ਜਾਂਚ ਹੋਵੇ, ਪੀੜਤ ਪਰਿਵਾਰ ਨੂੰ ਸੁਰੱਖਿਆ ਤੇ ਨਿਆਂ ਮਿਲੇ : ਹਰਦੀਪ ਗਿੱਲ

ਕੌਮੀ ਪਤ੍ਰਿਕਾ

ਅੰਮ੍ਰਿਤਸਰ 2 ਨਵੰਬਰ। ਰਾਸ਼ਟਰੀ ਸਫ਼ਾਈ ਕਰਮਚਾਰੀ ਕਮਿਸ਼ਨ ਨੇ ਅਬੋਹਰ ਵਿਖੇ 27 ਸਤੰਬਰ 2026 ਨੂੰ ਵਾਪਰੀ ਗੋਲੀਬਾਰੀ ਦੀ ਘਟਨਾ ਵਿਚ ਅਜੈ ਕੁਮਾਰ ਦੀ ਮੌਤ ਦੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਪੰਜਾਬ ਸਰਕਾਰ ਦੇ ਮੁੱਖ ਸਕੱਤਰ ਅਤੇ ਪੁਲਸ ਮਹਾਨਿਰਦੇਸ਼ਕ (ਡੀ.ਜੀ.ਪੀ.) ਨੂੰ ਤੁਰੰਤ ਦਖ਼ਲ ਦੇਣ ਦੀ ਅਪੀਲ ਕੀਤੀ ਹੈ। ਕਮਿਸ਼ਨ ਨੇ ਮਾਮਲੇ ਦੀ ਨਿਰਪੱਖ ਜਾਂਚ, ਪੀੜਤ ਪਰਿਵਾਰ ਦੀ ਸੁਰੱਖਿਆ ਅਤੇ ਕਾਨੂੰਨ ਅਨੁਸਾਰ ਦੋਸ਼ੀ ਪਾਏ ਜਾਣ ਵਾਲੇ ਵਿਅਕਤੀਆਂ ਵਿਰੁੱਧ ਕਾਰਵਾਈ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ ਹੈ। ਹਰਦੀਪ ਸਿੰਘ ਗਿੱਲ ਵੱਲੋਂ ਜਾਰੀ ਪੱਤਰ ਅਨੁਸਾਰ ਅਬੋਹਰ ਦੇ ਸੰਤ ਨਗਰ ਸਥਿਤ ਭਗਵਾਨ ਵਾਲਮੀਕਿ ਮੰਦਰ ਦੇ ਬਾਹਰ ਹੋਈ ਗੋਲੀਬਾਰੀ ਦੀ ਘਟਨਾ ਵਿਚ ਅਜੈ ਕੁਮਾਰ ਗੰਭੀਰ ਜ਼ਖ਼ਮੀ ਹੋ ਗਿਆ ਸੀ ਅਤੇ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਮ੍ਰਿਤਕ ਵਾਲਮੀਕਿ/ਸਫ਼ਾਈ ਕਰਮਚਾਰੀ ਭਾਈਚਾਰੇ ਨਾਲ ਸਬੰਧਤ ਸੀ ਅਤੇ ਉਨ੍ਹਾਂ ਦੇ ਪਿਤਾ ਵੀ ਸਫ਼ਾਈ ਕਰਮਚਾਰੀ ਹਨ। ਪੱਤਰ ਵਿਚ ਪਰਿਵਾਰ ਵੱਲੋਂ ਜਾਂਚ ਦੀ ਪ੍ਰਗਤੀ



ਬਾਰੇ ਪ੍ਰਗਟਾਈ ਗਈ ਚਿੰਤਾ ਅਤੇ ਨਿਰਪੱਖ ਜਾਂਚ ਦੀ ਮੰਗ ਦਾ ਵੀ ਜ਼ਿਕਰ ਕੀਤਾ ਗਿਆ ਹੈ। ਹਰਦੀਪ ਸਿੰਘ ਗਿੱਲ ਨੇ ਸੁਝਾਅ ਦਿੱਤਾ ਹੈ ਕਿ ਮਾਮਲੇ ਦੀ ਸਮੀਖਿਆ ਅਜਿਹੇ ਸੀਨੀਅਰ ਪੁਲਸ ਅਧਿਕਾਰੀ ਤੋਂ ਕਰਵਾਈ ਜਾਵੇ, ਜੋ ਮੌਜੂਦਾ ਜਾਂਚ ਨਾਲ ਸਿੱਧੇ ਤੌਰ 'ਤੇ ਜੁੜਿਆ ਨਾ ਹੋਵੇ। ਇਸ ਦੇ ਨਾਲ ਹੀ ਮ੍ਰਿਤਕ ਦੀ ਮੌਤ ਤੋਂ ਪਹਿਲਾਂ ਦਰਜ ਕੀਤੇ ਗਏ ਬਿਆਨਾਂ, ਸੀ.ਸੀ.ਟੀ.ਵੀ. ਫੁਟੇਜ, ਫੋਰੈਂਸਿਕ ਸਬੂਤਾਂ, ਕਾਲ ਰਿਕਾਰਡਾਂ ਅਤੇ ਹੋਰ ਸੰਬੰਧਿਤ ਸਬੂਤਾਂ ਦੀ ਕਾਨੂੰਨ ਅਨੁਸਾਰ ਜਾਂਚ ਕਰਨ ਦੀ ਮੰਗ ਕੀਤੀ ਗਈ ਹੈ। ਪੱਤਰ ਵਿਚ ਕਿਹਾ ਗਿਆ ਹੈ ਕਿ ਉਪਲਬਧ ਸਬੂਤਾਂ ਦੇ ਆਧਾਰ 'ਤੇ ਅਪਰਾਧ ਵਿਚ ਸ਼ਾਮਲ ਪਾਏ ਜਾਣ ਵਾਲੇ ਸਾਰੇ ਵਿਅਕਤੀਆਂ ਵਿਰੁੱਧ ਢੁਕਵੀਂ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਤੋਂ ਇਲਾਵਾ ਫ਼ਰਾਰ ਮੁਲਜ਼ਮਾਂ ਦੀ ਪਛਾਣ ਕਰਕੇ ਉਨ੍ਹਾਂ ਦੀ ਗ੍ਰਿਫ਼ਤਾਰੀ ਲਈ ਵੀ ਕਾਨੂੰਨ ਅਨੁਸਾਰ ਲੋੜੀਂਦੇ ਕਦਮ ਚੁੱਕੇ ਜਾਣ। ਹਰਦੀਪ ਗਿੱਲ ਨੇ ਪੀੜਤ ਪਰਿਵਾਰ ਅਤੇ ਗਵਾਹਾਂ ਦੀ ਸੁਰੱਖਿਆ ਨੂੰ ਵੀ ਅਹਿਮ ਦੱਸਿਆ ਹੈ। ਕਿਸੇ ਵੀ ਸੰਭਾਵੀ ਖ਼ਤਰੇ ਜਾਂ ਧਮਕੀ ਦੀ ਸਥਿਤੀ ਵਿਚ ਲਾਗੂ ਕਾਨੂੰਨ ਅਤੇ ਗਵਾਹ ਸੁਰੱਖਿਆ ਯੋਜਨਾ, 2018 ਦੇ ਤਹਿਤ ਢੁਕਵੀਂ ਸੁਰੱਖਿਆ ਮੁਹੱਈਆ ਕਰਵਾਉਣ ਦੀ ਸਿਫ਼ਾਰਸ਼ ਕੀਤੀ ਗਈ ਹੈ। ਇਸ ਤੋਂ ਇਲਾਵਾ ਜਾਂਚ ਦੀ ਪ੍ਰਗਤੀ ਦੀ ਨਿਗਰਾਨੀ ਕਰਨ, ਮਾਮਲੇ ਦੀ ਜਾਂਚ ਜਲਦੀ ਅਤੇ ਨਿਰਪੱਖ ਢੰਗ ਨਾਲ ਮੁਕੰਮਲ ਕਰਨ ਅਤੇ ਪੀੜਤ ਪਰਿਵਾਰ ਦੀ ਯੋਗਤਾ ਅਨੁਸਾਰ ਮੁਆਵਜ਼ਾ, ਕਾਨੂੰਨੀ ਸਹਾਇਤਾ ਅਤੇ ਹੋਰ ਮਨਜ਼ੂਰਸ਼ੁਦਾ ਰਾਹਤ ਮੁਹੱਈਆ ਕਰਵਾਉਣ ਬਾਰੇ ਵਿਚਾਰ ਕਰਨ ਲਈ ਕਿਹਾ ਗਿਆ ਹੈ। ਕਮਿਸ਼ਨ ਨੇ ਸੰਬੰਧਿਤ ਅਧਿਕਾਰੀਆਂ ਤੋਂ ਇਸ ਮਾਮਲੇ ਵਿੱਚ ਕੀਤੀ ਗਈ ਕਾਰਵਾਈ ਦੀ ਰਿਪੋਰਟ ਵੀ ਮੰਗੀ ਹੈ, ਤਾਂ ਜੋ ਜਾਂਚ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਜਾ ਸਕੇ ਅਤੇ ਅਗਲੀ ਕਾਰਵਾਈ ਦੀ ਨਿਗਰਾਨੀ ਕੀਤੀ ਜਾ ਸਕੇ।

ਜੰਗ ਦਾ ਮੈਦਾਨ ਬਣਿਆ ਸਕੂਲ ! ਮੁੰਡੇ ਨੇ ਆਪਣੀ ਹੀ ਸਾਥੀ ਵਿਦਿਆਰਥਣ ਦੇ ਮਾਰ'ਤਾ ਚਾਕੂ

ਪੁਣੇ 2 ਨਵੰਬਰ। ਮਹਾਰਾਸ਼ਟਰ ਦੇ ਪੁਣੇ ਜ਼ਿਲ੍ਹੇ 'ਚ ਇਕ ਸਕੂਲ ਯਾਤਰਾ ਦੌਰਾਨ ਬਣਾਈ ਗਈ ਵੀਡੀਓ ਨੂੰ ਲੈ ਕੇ ਹੋਏ ਵਿਵਾਦ ਤੋਂ ਬਾਅਦ 9ਵੀਂ ਜਮਾਤ ਦੇ ਇਕ ਵਿਦਿਆਰਥੀ ਨੇ ਆਪਣੀ ਸਹਿਪਾਠੀ ਨੂੰ ਚਾਕੂ ਮਾਰ ਕੇ ਜ਼ਖ਼ਮੀ ਕਰ ਦਿੱਤਾ। ਪੁਲਸ ਦੇ ਇਕ ਅਧਿਕਾਰੀ ਸ਼ਨੀਵਾਰ ਨੂੰ ਦੱਸਿਆ ਕਿ ਵਿਦਿਆਰਥੀ ਨੂੰ ਹਿਰਾਸਤ 'ਚ ਲੈ ਲਿਆ ਗਿਆ ਹੈ। ਇਹ ਘਟਨਾ ਸ਼ੁੱਕਰਵਾਰ ਦੁਪਹਿਰ 2:15 ਵਜੇ ਦੇ ਕਰੀਬ ਮਹਾਲੁੰਗੇ ਪਿੰਡ ਦੇ ਸਕੂਲ ਕੰਪਲੈਕਸ 'ਚ ਵਾਪਰੀ। ਬਾਵਧਨ ਥਾਣੇ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਜ਼ਖ਼ਮੀ ਵਿਦਿਆਰਥਣ ਨੂੰ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ ਅਤੇ ਉਸ ਦੀ ਹਾਲਤ ਸਥਿਰ ਹੈ। ਪੁਲਸ ਦੇ ਅਨੁਸਾਰ, ਸਕੂਲ ਦੇ ਵਿਦਿਆਰਥੀ 17 ਅਤੇ 18 ਅਕਤੂਬਰ ਨੂੰ ਸਤਾਰਾ ਜ਼ਿਲ੍ਹੇ ਦੇ ਪੰਚਗਨੀ ਅਤੇ ਮਹਾਬਲੇਸ਼ਵਰ ਦੀ ਯਾਤਰਾ 'ਤੇ ਗਏ ਸਨ। ਯਾਤਰਾ ਦੌਰਾਨ ਇਕ ਪ੍ਰੋਗਰਾਮ 'ਚ ਕੁੜੀਆਂ ਦੇ ਡਾਂਸ ਦੀ ਵੀਡੀਓ 9ਵੀਂ ਜਮਾਤ 'ਚ ਪੜ੍ਹਨ ਵਾਲੇ ਦੋਸ਼ੀ ਵਿਦਿਆਰਥੀ ਨੇ ਇੰਸਟਾਗ੍ਰਾਮ 'ਤੇ ਸਾਂਝੀ ਕੀਤੀ ਸੀ। ਪੁਲਸ ਅਧਿਕਾਰੀ ਨੇ ਦੱਸਿਆ ਕਿ ਇਸ ਵੀਡੀਓ ਨੂੰ ਲੈ ਕੇ ਵਿਦਿਆਰਥਣਾਂ ਵਿਚਾਲੇ ਬਹਿਸ ਹੋਈ, ਜਿਸ ਤੋਂ ਬਾਅਦ ਮੁੰਡੇ ਨੇ ਇਸ ਨੂੰ ਹਟਾ ਦਿੱਤਾ। ਪੁਲਸ ਨੂੰ ਸ਼ੱਕ ਹੈ ਕਿ ਵਿਦਿਆਰਥੀ ਦੇ ਮਨ 'ਚ ਇਸ ਘਟਨਾ ਨੂੰ ਲੈ ਕੇ ਨਾਰਾਜ਼ਗੀ ਸੀ ਅਤੇ ਇਸੇ ਕਾਰਨ ਉਸ ਨੇ ਵਿਦਿਆਰਥਣ 'ਤੇ ਚਾਕੂ ਨਾਲ ਹਮਲਾ ਕੀਤਾ। ਅਧਿਕਾਰੀ ਨੇ ਦੱਸਿਆ ਕਿ ਵਿਦਿਆਰਥਣ ਦਾ ਬਿਆਨ ਦਰਜ ਕਰ ਲਿਆ ਗਿਆ ਹੈ ਅਤੇ ਵਿਦਿਆਰਥੀ ਨੂੰ ਹਿਰਾਸਤ 'ਚ ਲੈ ਲਿਆ ਗਿਆ ਹੈ।

ਪੈਨਸ਼ਨਰਾਂ ਲਈ ਖ਼ੁਸ਼ਖ਼ਬਰੀ ! ਘੱਟੋ-ਘੱਟ ਪੈਨਸ਼ਨ ਦੇ ਵਾਧੇ ਦਾ ਸਰਕਾਰ ਜਲਦ ਕਰ ਸਕਦੀ ਹੈ ਐਲਾਨ

ਬਿਜ਼ਨੈੱਸ ਡੈਸਕ 2 ਨਵੰਬਰ। ਦੇਸ਼ ਭਰ ਦੇ ਲੱਖਾਂ EPS ਪੈਨਸ਼ਨਰਾਂ ਨੂੰ ਅਗਲੇ ਮਹੀਨੇ ਖ਼ੁਸ਼ਖ਼ਬਰੀ ਮਿਲ ਸਕਦੀ ਹੈ। ਕਰਮਚਾਰੀ ਭਵਿੱਖ ਨਿਧੀ ਸੰਗਠਨ ਵਲੋਂ ਘੱਟੋ-ਘੱਟ ਮਾਸਿਕ ਪੈਨਸ਼ਨ ਵਿਚ ਵਾਧਾ ਕੀਤੇ ਜਾਣ ਦੀ ਸੰਭਾਵਨਾ ਹੈ । ਇਹ ਵਾਧਾ 1,000 ਰੁਪਏ ਤੋਂ ਵਧਾ ਕੇ ਲਗਭਗ 7,500 ਤੱਕ ਕੀਤਾ ਜਾ ਸਕਦਾ ਹੈ। ਜ਼ਿਕਰਯੋਗ ਹੈ ਕਿ ਕੇਂਦਰ ਸਰਕਾਰ ਨੇ ਸਾਲ 2014 ਵਿੱਚ EPS ਤਹਿਤ ਘੱਟੋ-ਘੱਟ ਪੈਨਸ਼ਨ 1,000 ਰੁਪਏ ਪ੍ਰਤੀ ਮਹੀਨਾ ਨਿਰਧਾਰਤ ਕੀਤੀ ਸੀ। ਹਾਲਾਂਕਿ ਮੌਜੂਦਾ ਸਮੇਂ ਦੇਸ਼ ਵਿੱਚ ਮਹਿੰਗਾਈ ਬਹੁਤ ਤੇਜ਼ੀ ਨਾਲ ਵਧ ਚੁੱਕੀ ਹੈ ਅਤੇ ਇੰਨੀ ਪੈਨਸ਼ਨ ਨਾਲ ਗੁਜ਼ਾਰਾ ਬਹੁਤ ਮੁਸ਼ਕਲ ਹੈ। ਇਸ ਕਾਰਨ ਪੈਨਸ਼ਨਰ ਸੰਗਠਨ ਅਤੇ ਟਰੇਡ



ਯੂਨੀਅਨਾਂ ਲਗਾਤਾਰ ਘੱਟੋ-ਘੱਟ ਪੈਨਸ਼ਨ ਵਿੱਚ ਵਾਧੇ ਦੀ ਮੰਗ ਕਰ ਰਹੀਆਂ ਹਨ। ਉਨ੍ਹਾਂ ਦਾ ਕਹਿਣਾ ਹੈ ਕਿ 1,000 ਰੁਪਏ ਦੀ ਮਾਮੂਲੀ ਰਕਮ ਨਾਕਾਫ਼ੀ ਹੈ। ਯੂਨੀਅਨਾਂ ਮੰਗ ਕਰ ਰਹੀਆਂ ਹਨ ਕਿ ਮਹਿੰਗਾਈ ਭੱਤਾ ਜੋੜਨ ਦੇ ਨਾਲ-ਨਾਲ ਮਹੀਨਾਵਾਰ ਘੱਟੋ-ਘੱਟ ਪੈਨਸ਼ਨ ਵਧਾ ਕੇ 7,500 ਰੁਪਏ ਕੀਤੀ ਜਾਵੇ। EPFO ਦੇ ਸੈਂਟਰਲ ਬੋਰਡ ਆਫ਼ ਟਰੱਸਟੀਜ਼ ਦੀ 240ਵੀਂ ਮੀਟਿੰਗ 19 ਨਵੰਬਰ ਨੂੰ ਗਿਰ, ਗੁਜਰਾਤ ਵਿੱਚ ਹੋਣ ਦੀ ਉਮੀਦ ਹੈ। ਇਸ ਮੀਟਿੰਗ ਵਿੱਚ ਘੱਟੋ-ਘੱਟ ਮਾਸਿਕ ਪੈਨਸ਼ਨ ਵਧਾਉਣ 'ਤੇ ਵਿਚਾਰ ਕੀਤਾ ਜਾ ਸਕਦਾ ਹੈ।

EF ਮਹੀਨਿਆਂ ਦਾ ਹਿਸਾਬ ਦੇਵੇ ਪੰਜਾਬ ਸਰਕਾਰ, ਵਿਧਾਨ ਸਭਾ 'ਚ ਵਹਾਈਟ ਪੇਪਰ ਕਰੇ ਜਾਰੀ : ਚੁੱਘ

ਚੰਡੀਗੜ੍ਹ 2 ਨਵੰਬਰ। ਭਾਜਪਾ ਸੰਸਦ ਮੈਂਬਰ ਤਰੁਣ ਚੁੱਘ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੋਂ 56 ਮਹੀਨਿਆਂ ਦੇ ਕਾਰਜਕਾਲ ਦਾ ਪੂਰਾ ਹਿਸਾਬ ਦੇਣ ਅਤੇ ਨਸ਼ੇ, ਵਿਗੜ ਰਹੀ ਕਾਨੂੰਨ-ਵਿਵਸਥਾ, ਗੈਂਗਸਟਰਵਾਦ, ਗੈਰ-ਕਾਨੂੰਨੀ ਮਾਈਨਿੰਗ, ਵਧਦੇ ਕਰਜ਼ੇ ਅਤੇ ਕਰਮਚਾਰੀਆਂ-ਪੈਨਸ਼ਨਰਾਂ ਦੇ ਬਕਾਇਆ ਮਹਿੰਗਾਈ ਭੱਤੇ (ਡੀ.ਏ.) ਤੇ ਮਹਿੰਗਾਈ ਰਾਹਤ (ਡੀ.ਆਰ.) 'ਤੇ ਵਿਧਾਨ ਸਭਾ 'ਚ ਵ੍ਹਾਈਟ ਪੇਪਰ ਜਾਰੀ ਕਰਨ ਦੀ ਮੰਗ ਕੀਤੀ ਹੈ। ਚੁੱਘ ਨੇ ਨਸ਼ੇ ਖ਼ਿਲਾਫ਼ ਕਾਰਵਾਈ ਲਈ ਸੀਨੀਅਰ ਪੁਲਸ ਅਧਿਕਾਰੀਆਂ ਨੂੰ ਵਿਸ਼ੇਸ਼ ਸ਼ਕਤੀਆਂ ਦੇਣ ਸਬੰਧੀ 21 ਅਕਤੂਬਰ ਦੀ ਨੋਟੀਫਿਕੇਸ਼ਨ 'ਤੇ ਸਵਾਲ ਚੁੱਕਦਿਆਂ ਪੁੱਛਿਆ ਕਿ ਸਰਕਾਰ ਨੂੰ 56 ਮਹੀਨਿਆਂ ਬਾਅਦ ਇਸ ਦੀ ਲੋੜ ਕਿਉਂ ਪਈ। ਉਨ੍ਹਾਂ ਨਸ਼ੇ ਖ਼ਿਲਾਫ਼ ਕਾਰਵਾਈ ਦਾ ਪੂਰਾ ਵੇਰਵਾ ਜਨਤਕ ਕਰਨ ਦੀ ਮੰਗ ਕੀਤੀ। ਭਾਜਪਾ ਸੰਸਦ ਮੈਂਬਰ ਨੇ ਕਿਹਾ ਕਿ ਸਰਕਾਰ ਨਸ਼ਾ ਸਮੱਗਲਰਾਂ, ਗੈਂਗਸਟਰਾਂ ਅਤੇ ਗੈਰ-ਕਾਨੂੰਨੀ ਮਾਈਨਿੰਗ ਖ਼ਿਲਾਫ਼ ਕੀਤੀ ਗਈ ਕਾਰਵਾਈ ਦਾ ਵਿਸਥਾਰਪੂਰਵਕ ਵੇਰਵਾ ਦੇਵੇ। ਇਸ ਦੇ ਨਾਲ ਹੀ ਸੂਬੇ 'ਤੇ ਵਧਦੇ ਕਰਜ਼ੇ, ਵਿੱਤੀ ਪ੍ਰਬੰਧਨ ਅਤੇ ਕਰਮਚਾਰੀਆਂ-ਪੈਨਸ਼ਨਰਾਂ ਦੇ ਪੈਂਡਿੰਗ ਡੀ.ਏ./ਡੀ.ਆਰ. ਦੀ ਕੁੱਲ ਰਕਮ ਅਤੇ ਭੁਗਤਾਨ ਦੀ ਸਮਾਂ-ਹੱਦ ਵੀ ਸਪੱਸ਼ਟ ਕਰੇ। ਮੁੱਖ ਮੰਤਰੀ ਭਗਵੰਤ ਮਾਨ ਦੇ ਐੱਸ. ਆਈ. ਆਰ. ਨਾਲ ਸਬੰਧਤ ਬਿਆਨ 'ਤੇ ਪ੍ਰਤੀਕਿਰਿਆ ਦਿੰਦਿਆਂ ਚੁੱਘ ਨੇ ਕਿਹਾ ਕਿ ਚੋਣ ਪ੍ਰਕਿਰਿਆ 'ਤੇ ਸਵਾਲ ਚੁੱਕਣ ਲਈ ਠੋਸ ਸਬੂਤ ਸਾਹਮਣੇ ਰੱਖੇ ਜਾਣੇ ਚਾਹੀਦੇ ਹਨ। ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਅਤੇ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਤੋਂ ਸਰਕਾਰ ਦੇ 4 ਸਾਲ 9 ਮਹੀਨਿਆਂ ਦੇ ਕਾਰਜਕਾਲ ਦਾ ਰਿਪੋਰਟ ਕਾਰਡ ਪੇਸ਼ ਕਰਨ ਦੀ ਮੰਗ ਕੀਤੀ।

ਦਿੱਲੀ ਹਵਾਈ ਅੱਡੇ 'ਤੇ ਕਸਟਮ ਵਿਭਾਗ ਵੱਲੋਂ ਕੱਟੇ ਗਏ ਚਲਾਨ ਦੀ ਰਸੀਦ ਜਨਤਕ ਕਰਨ ਮੁੱਖ ਮੰਤਰੀ : ਅਨਿਲ ਸਰੀਨ

ਚੰਡੀਗੜ੍ਹ 2 ਨਵੰਬਰ। ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ ਨੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਸਿੱਧਾ ਸਵਾਲ ਪੁੱਛਿਆ ਹੈ ਕਿ ਦਿੱਲੀ ਹਵਾਈ ਅੱਡੇ 'ਤੇ ਕਸਟਮ ਵਿਭਾਗ ਵੱਲੋਂ ਉਨ੍ਹਾਂ 'ਤੇ 50,000 ਰੁਪਏ ਦਾ ਜੁਰਮਾਨਾ ਕਿਉਂ ਲਗਾਇਆ ਗਿਆ ਸੀ, ਇਸ ਬਾਰੇ ਖੁਲਾਸਾ ਕੀਤਾ ਜਾਵੇ। ਉਨ੍ਹਾਂ ਪੁੱਛਿਆ ਕਿ ਮੁੱਖ ਮੰਤਰੀ ਵਿਦੇਸ਼ ਤੋਂ ਅਜਿਹੀ ਕਿਹੜੀ ਚੀਜ਼ ਲੈ ਕੇ ਆਏ ਸਨ, ਜਿਸ ਕਾਰਨ ਕਸਟਮ ਵਿਭਾਗ ਨੂੰ ਅਜਿਹੀ ਕਾਰਵਾਈ ਕਰਨੀ ਪਈ? ਇਸ ਲਈ ਜੁਰਮਾਨੇ ਦੀ ਰਸੀਦ ਜਨਤਕ ਕੀਤੀ ਜਾਣੀ ਚਾਹੀਦੀ ਹੈ। ਸ਼ੁੱਕਰਵਾਰ ਨੂੰ ਚੰਡੀਗੜ੍ਹ ਵਿੱਚ ਗੱਲਬਾਤ ਕਰਦਿਆਂ ਅਨਿਲ ਸਰੀਨ ਨੇ ਕਿਹਾ ਕਿ ਮੁੱਖ ਮੰਤਰੀ ਇਹ ਦਾਅਵਾ ਕਰਕੇ ਜਵਾਬਦੇਹੀ ਤੋਂ ਨਹੀਂ ਬਚ ਸਕਦੇ ਕਿ ਦਿੱਲੀ ਹਵਾਈ ਅੱਡੇ 'ਤੇ ਕਸਟਮ ਵਿਭਾਗ ਦੇ ਮੁਖੀ, ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਭਰਾ ਹਨ। ਉਨ੍ਹਾਂ ਨੇ ਇਸ ਦਾਅਵੇ ਨੂੰ ਬੇਤੁਕਾ ਦੱਸਦਿਆਂ ਖਾਰਜ ਕਰ ਦਿੱਤਾ। ਉਨ੍ਹਾਂ ਦੋਸ਼ ਲਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ (ਆਪ) ਝੂਠੇ ਦੋਸ਼ ਲਗਾ ਕੇ ਜਨਤਾ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਮੁੱਖ ਮੰਤਰੀ ਨੂੰ ਪਹਿਲਾਂ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਕਿਹੜੀਆਂ ਚੀਜ਼ਾਂ ਕਾਰਨ ਉਨ੍ਹਾਂ ਨੂੰ ਦਿੱਲੀ ਹਵਾਈ ਅੱਡੇ 'ਤੇ ਰੋਕਿਆ ਗਿਆ ਸੀ ਅਤੇ ਕਸਟਮ ਵਿਭਾਗ ਨੇ ਉਨ੍ਹਾਂ 'ਤੇ ਜੁਰਮਾਨਾ ਕਿਉਂ ਲਗਾਇਆ। ਉਨ੍ਹਾਂ ਕਿਹਾ ਕਿ ਕੋਈ ਵੀ ਦੋਸ਼ ਲਗਾਉਣ ਤੋਂ ਪਹਿਲਾਂ ਮੁੱਖ ਮੰਤਰੀ ਨੂੰ ਪੂਰੇ ਮਾਮਲੇ ਦੀ ਸੱਚਾਈ ਜਨਤਾ ਦੇ ਸਾਹਮਣੇ ਰੱਖਣੀ ਚਾਹੀਦੀ ਹੈ। ਅਨਿਲ ਸਰੀਨ ਨੇ ਦੱਸਿਆ ਕਿ ਸੁਰੱਖਿਆ ਅਤੇ ਕਸਟਮ ਪ੍ਰਕਿਰਿਆਵਾਂ ਦੇ ਹਿੱਸੇ ਵਜੋਂ ਦਿੱਲੀ ਹਵਾਈ ਅੱਡੇ ਰਾਹੀਂ ਸਫ਼ਰ ਕਰਨ ਵਾਲੇ ਯਾਤਰੀਆਂ ਦੀ ਨਿਯਮਤ ਤੌਰ 'ਤੇ ਜਾਂਚ ਕੀਤੀ ਜਾਂਦੀ ਹੈ। ਭਾਵੇਂ ਪ੍ਰੋਟੋਕੋਲ ਤਹਿਤ ਮੁੱਖ ਮੰਤਰੀ ਨੂੰ ਅਜਿਹੀ ਜਾਂਚ ਤੋਂ ਛੋਟ ਮਿਲ ਸਕਦੀ ਹੈ, ਪਰ ਉਨ੍ਹਾਂ ਦੇ ਸਾਮਾਨ ਨੂੰ ਅਜਿਹੀ ਕੋਈ ਛੋਟ ਨਹੀਂ ਮਿਲਦੀ ਅਤੇ ਨਾ ਹੀ ਇਹ ਛੋਟ ਉਨ੍ਹਾਂ ਨਾਲ ਸਫ਼ਰ ਕਰਨ ਵਾਲਿਆਂ 'ਤੇ ਲਾਗੂ ਹੁੰਦੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਕਸਟਮ ਵਿਭਾਗ ਵੱਲੋਂ ਕੀਤੀ ਗਈ ਕਾਰਵਾਈ ਨੂੰ ਸਿਆਸੀ ਰੰਗਤ ਦੇਣ ਦੀ ਕੋਸ਼ਿਸ਼ ਕਰ ਰਹੇ ਹਨ।

ਵਾਰਾਣਸੀ ਦੇ ਨਮੋ ਘਾਟ 'ਤੇ ਰਾਫ਼ੇਲ ਸਣੇ ਹੋਰ ਲੜਾਕੂ ਜਹਾਜ਼ਾਂ ਨੇ ਦਿਖਾਏ ਹਵਾਈ ਕਰਤੱਵ

ਵਾਰਾਣਸੀ 2 ਨਵੰਬਰ। ਰਾਫੇਲ, ਸੁਖੋਈ-30 ਐੱਮਕੇਆਈ, ਤੇਜਸ ਅਤੇ ਮਿਰਾਜ-2000 ਸਮੇਤ ਲੜਾਕੂ ਜਹਾਜ਼ਾਂ ਨੇ ਸ਼ਨੀਵਾਰ ਨੂੰ ਵਾਰਾਣਸੀ ਦੇ ਨਮੋ ਘਾਟ 'ਤੇ ਹਵਾਈ ਕਰਤੱਬ ਦਿਖਾਏ, ਜਿਸ ਨਾਲ ਭਾਰਤੀ ਹਵਾਈ ਫੌਜ ਦੇ 'ਵਿੰਗਜ਼ ਓਵਰ ਗੰਗਾ' ਏਅਰ ਸ਼ੋਅ ਦੌਰਾਨ ਦਰਸ਼ਕਾਂ ਦਾ ਮਨ ਮੋਹ ਲਿਆ। ਇਹ ਪ੍ਰੋਗਰਾਮ ਭਾਰਤੀ ਹਵਾਈ ਫ਼ੌਜ ਦੀ 94ਵੀਂ ਵਰ੍ਹੇਗੰਢ ਮਨਾਉਣ ਲਈ ਆਯੋਜਿਤ ਕੀਤਾ ਜਾ ਰਿਹਾ ਹੈ। ਇਹ ਤਿੰਨ ਦਿਨਾਂ ਪ੍ਰੋਗਰਾਮ 22, 24 ਅਤੇ 25 ਅਕਤੂਬਰ ਨੂੰ ਤੈਅ ਹੈ। ਅਧਿਕਾਰੀਆਂ ਨੇ ਕਿਹਾ ਕਿ ਉੱਤਰ ਪ੍ਰਦੇਸ਼ ਵਿਧਾਨ ਪ੍ਰੀਸ਼ਦ ਚੋਣਾਂ ਲਈ ਵੋਟਿੰਗ ਕਾਰਨ 23 ਅਕਤੂਬਰ ਨੂੰ ਸ਼ੋਅ ਨਹੀਂ ਕਰਵਾਇਆ ਗਿਆ ਸੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਰੱਖਿਆ ਮੰਤਰੀ ਰਾਜਨਾਥ ਸਿੰਘ, ਉੱਤਰ ਪ੍ਰਦੇਸ਼ ਦੇ ਰਾਜਪਾਲ ਆਨੰਦੀਬੇਨ ਪਟੇਲ ਅਤੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਦੇ ਐਤਵਾਰ ਨੂੰ ਆਖਰੀ ਦਿਨ ਦੇ ਸ਼ੋਅ 'ਚ ਸ਼ਾਮਲ ਹੋਣ ਦੀ ਸੰਭਾਵਨਾ ਹੈ। ਪ੍ਰਧਾਨ ਮੰਤਰੀ ਦੇ ਦੌਰੇ ਤੋਂ ਪਹਿਲਾਂ ਸੁਰੱਖਿਆ ਸਖ਼ਤ ਕਰ ਦਿੱਤੀ ਗਈ ਹੈ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਸ਼ਹਿਰ ਨੂੰ 32 ਜ਼ੋਨਾਂ, 50 ਸੈਕਟਰਾਂ ਅਤੇ 80 ਸਬ-ਸੈਕਟਰਾਂ 'ਚ ਵੰਡਿਆ ਗਿਆ ਹੈ ਅਤੇ ਲਗਭਗ 11,900 ਸੁਰੱਖਿਆ ਕਰਮਚਾਰੀ ਤਾਇਨਾਤ ਕੀਤੇ ਗਏ ਹਨ। ਅਧਿਕਾਰੀਆਂ ਨੇ ਕਿਹਾ ਕਿ ਏਅਰ ਸ਼ੋਅ 'ਚ 100 ਜਹਾਜ਼ ਸ਼ਾਮਲ ਹਨ, ਜਿਨ੍ਹਾਂ 'ਚ 52 ਲੜਾਕੂ ਜਹਾਜ਼, 15 ਟਰਾਂਸਪੋਰਟ ਜਹਾਜ਼, 32 ਹੈਲੀਕਾਪਟਰ ਅਤੇ ਇਕ ਹੈਰੀਟੇਜ (ਵਿਰਾਸਤੀ) ਜਹਾਜ਼ ਸ਼ਾਮਲ ਹਨ। ਚਿਨੂਕ ਹੈਲੀਕਾਪਟਰ ਅਤੇ ਸੂਰਿਆ ਕਿਰਨ ਐਰੋਬੈਟਿਕ ਟੀਮ ਦੇ ਕਰਤੱਬ



ਇਸ ਸ਼ੋਅ ਦੇ ਮੁੱਖ ਆਕਰਸ਼ਨ ਰਹੇ। 22 ਅਕਤੂਬਰ ਨੂੰ ਪ੍ਰੋਗਰਾਮ ਦੇ ਪਹਿਲੇ ਦਿਨ, ਹਵਾਈ ਕਰਤੱਵ ਦੇਖਣ ਲਈ ਗੰਗਾ ਦੇ ਦੋਵੇਂ ਕਿਨਾਰਿਆਂ 'ਤੇ ਭਾਰੀ ਭੀੜ ਲੱਗ ਗਈ। ਸੂਰਿਆ ਕਿਰਨ ਜਹਾਜ਼ਾਂ ਵਲੋਂ 'ਕਾਸ਼ੀ' ਦਾ ਥੀਮ ਬਣਾਇਆ ਗਿਆ, ਜਦੋਂ ਕਿ $⬅-17 ਹੈਲੀਕਾਪਟਰ ਨੇ ਤਿਰੰਗਾ ਬਣਾਇਆ ਅਤੇ ਤਿੰਨਾਂ ਹਥਿਆਰਬੰਦ ਸੈਨਾਵਾਂ ਦੇ ਹੈਲੀਕਾਪਟਰਾਂ ਦੀ ਸਾਂਝੀ ਉਡਾਣ ਨੇ ਭਾਰਤ ਦੀ ਫੌਜੀ ਸਮਰੱਥਾਵਾਂ ਦਾ ਪ੍ਰਦਰਸ਼ਨ ਕੀਤਾ। ਸਾਰੰਗ ਹੈਲੀਕਾਪਟਰ ਡਿਸਪਲੇਅ ਟੀਮ ਦੀ ਮੈਂਬਰ, ਸਕੁਐਡਰਨ ਲੀਡਰ ਅੰਕਿਤਾ ਸਿੰਘ ਨੇ ਕਿਹਾ ਕਿ ਇਸ ਪ੍ਰੋਗਰਾਮ ਦਾ ਹਿੱਸਾ ਬਣਨ ਦਾ ਮਾਣ ਪ੍ਰਾਪਤ ਹੋਇਆ ਹੈ। ਉਸ ਨੇ ਦੱਸਿਆ ਕਿ ਸਾਰੰਗ ਏਸ਼ੀਆ ਦੀ ਇਕੋ ਇਕ ਟੀਮ ਹੈ ਜਿਸ ਕੋਲ ਪੰਜ ਹੈਲੀਕਾਪਟਰ ਹਨ। ਇਹ ਟੀਮ ਹਿੰਦੁਸਤਾਨ ਏਅਰੋਨਾਟਿਕਸ ਲਿਮਟਿਡ (81*) ਦੁਆਰਾ ਨਿਰਮਿਤ ਅਤਿ-ਆਧੁਨਿਕ ਹਲਕੇ ਹੈਲੀਕਾਪਟਰਾਂ ਦੀ ਵਰਤੋਂ ਕਰਕੇ ਆਪਣੇ ਕਰਤੱਵ ਦਿਖਾਉਂਦੀ ਹੈ। ਸਿੰਘ ਨੇ ਕਿਹਾ ਕਿ ਟੀਮ ਦੇ ਪ੍ਰਦਰਸ਼ਨ ਭਾਰਤੀ ਹਵਾਈ ਸੈਨਾ ਦੇ ਸਵਦੇਸ਼ੀ ਹਵਾਬਾਜ਼ੀ ਪਲੇਟਫਾਰਮ ਦੇ ਪੇਸ਼ੇਵਰ ਹੁਨਰ, ਤਾਲਮੇਲ ਅਤੇ ਸਮਰੱਥਾਵਾਂ ਨੂੰ ਦਰਸਾਉਂਦੇ ਹਨ। ਉਨ੍ਹਾਂ ਕਿਹਾ ਕਿ ਟੀਮ ਦਾ ਉਦੇਸ਼ ਨਾ ਸਿਰਫ਼ ਹਵਾਈ ਕਲਾ ਦਾ ਪ੍ਰਦਰਸ਼ਨ ਕਰਨਾ ਸੀ, ਸਗੋਂ ਨੌਜਵਾਨਾਂ ਨੂੰ ਹਥਿਆਰਬੰਦ ਫ਼ੋਰਸਾਂ ਨੂੰ ਕਰੀਅਰ ਵਜੋਂ ਚੁਣਨ ਲਈ ਪ੍ਰੇਰਿਤ ਕਰਨਾ ਵੀ ਸੀ। ਸਕੁਐਡਰਨ ਲੀਡਰ ਗੌਤਮ ਤਿਆਗੀ ਨੇ ਕਿਹਾ ਕਿ ਹਵਾਈ ਫ਼ੌਜ ਦੀ 94ਵੀਂ ਵਰ੍ਹੇਗੰਢ ਦੇ ਮੌਕੇ 'ਤੇ ਕਾਸ਼ੀ ਦੇ ਅਸਮਾਨ 'ਚ ਕਰਤੱਬ ਦਿਖਾਉਣਾ ਉਨ੍ਹਾਂ ਲਈ ਸਨਮਾਨ ਦੀ ਗੱਲ ਹੈ। ਉਨ੍ਹਾਂ ਨੌਜਵਾਨਾਂ ਨੂੰ ਸਖ਼ਤ ਮਿਹਨਤ ਕਰਨ, ਟੀਚੇ ਨਿਰਧਾਰਤ ਕਰਨ ਅਤੇ ਦੇਸ਼ ਦੀ ਸੇਵਾ ਲਈ ਪ੍ਰੇਰਿਤ ਰਹਿਣ ਦੀ ਅਪੀਲ ਕੀਤੀ।

ਪੰਜਾਬ ਦੀ ਤਰੱਕੀ ਲਈ ਖੇਤੀਬਾੜੀ, ਮਜ਼ਬੂਤ ਅਰਥਵਿਵਸਥਾ ਤੇ ਕਾਨੂੰਨ ਦਾ ਰਾਜ ਜ਼ਰੂਰੀ : ਜਗਦੀਪ ਨਕਈ

ਕੌਮੀ ਪਤ੍ਰਿਕਾ

ਮਾਨਸਾ 2 ਨਵੰਬਰ। ਭਾਜਪਾ ਪੰਜਾਬ ਦੇ ਸੀਨੀਅਰ ਆਗੂ ਅਤੇ ਇਫਕੋ ਦੇ ਡਾਇਰੈਕਟਰ ਜਗਦੀਪ ਸਿੰਘ ਨਕਈ ਨੇ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਦੀਆਂ ਨੀਤੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਨੂੰ ਮੁੜ ਤਰੱਕੀ ਦੀਆਂ ਲੀਹਾਂ 'ਤੇ ਲਿਆਉਣ ਲਈ ਖੇਤੀਬਾੜੀ ਨੂੰ ਮਜ਼ਬੂਤ ਕਰਨਾ, ਕਿਸਾਨਾਂ ਦੀ ਆਮਦਨ ਵਧਾਉਣਾ, ਉਦਯੋਗਾਂ ਨੂੰ ਉਤਸ਼ਾਹਿਤ ਕਰਨਾ, ਆਰਥਿਕ ਪੱਖੋਂ ਸੂਬੇ ਨੂੰ ਮਜ਼ਬੂਤ ਬਣਾਉਣਾ ਅਤੇ ਕਾਨੂੰਨ ਦਾ ਰਾਜ ਕਾਇਮ ਕਰਨਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਕੋਲ ਮਿਹਨਤੀ ਕਿਸਾਨ, ਨੌਜਵਾਨ ਅਤੇ ਅਥਾਹ ਸਮਰੱਥਾ ਹੈ ਪਰ ਇਸ ਸਮਰੱਥਾ ਨੂੰ ਸਹੀ ਦਿਸ਼ਾ ਦੇਣ ਅਤੇ ਵਿਕਾਸ ਦੀਆਂ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੀ ਲੋੜ ਹੈ। ਜਗਦੀਪ ਸਿੰਘ ਨਕਈ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਨੂੰ ਮਿਲਣ ਵਾਲੀਆਂ ਵੱਖ-ਵੱਖ ਯੋਜਨਾਵਾਂ ਅਤੇ ਸਹੂਲਤਾਂ ਦਾ ਲਾਭ ਪੰਜਾਬ ਦੇ ਲੋਕਾਂ ਨੂੰ ਵੀ ਮਿਲਦਾ ਹੈ। ਇਸ ਲਈ ਵਿਕਾਸ ਕਾਰਜਾਂ ਅਤੇ ਸਰਕਾਰੀ ਸਹੂਲਤਾਂ ਨੂੰ ਸਿਆਸੀ ਨਜ਼ਰੀਏ ਨਾਲ ਦੇਖਣ ਦੀ ਬਜਾਏ ਲੋਕ ਹਿੱਤਾਂ ਨੂੰ ਪਹਿਲ ਦਿੱਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਕਈ ਵਾਰ ਸਿਆਸੀ ਪੱਧਰ 'ਤੇ ਕੇਂਦਰ ਸਰਕਾਰ ਦੀ ਆਲੋਚਨਾ ਕੀਤੀ ਜਾਂਦੀ ਹੈ ਪਰ ਜਦੋਂ ਕੇਂਦਰੀ ਯੋਜਨਾਵਾਂ ਰਾਹੀਂ ਸੂਬੇ ਨੂੰ ਸਹੂਲਤਾਂ ਮਿਲਦੀਆਂ ਹਨ ਤਾਂ ਉਨ੍ਹਾਂ ਦਾ ਲਾਭ ਵੀ ਲਿਆ ਜਾਂਦਾ ਹੈ। ਉਨ੍ਹਾਂ ਅਨੁਸਾਰ ਸਰਕਾਰਾਂ ਦਾ ਮੁੱਖ ਉਦੇਸ਼ ਲੋਕਾਂ ਦੀ ਭਲਾਈ ਅਤੇ ਸੂਬੇ ਦਾ ਵਿਕਾਸ ਹੋਣਾ ਚਾਹੀਦਾ ਹੈ। ਨਕਈ ਨੇ ਪੰਜਾਬ ਅਤੇ ਹਰਿਆਣਾ ਦੀ ਖੇਤੀਬਾੜੀ ਦੀ ਤੁਲਨਾ ਕਰਦਿਆਂ ਕਿਹਾ ਕਿ ਗੁਆਂਢੀ ਸੂਬਾ ਹਰਿਆਣਾ ਖੇਤੀਬਾੜੀ ਖੋਜ, ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਦੇਣ ਅਤੇ ਖੇਤੀ ਨਾਲ ਸਬੰਧਤ ਸੰਸਥਾਵਾਂ ਦੇ ਵਿਕਾਸ ਦੇ ਖੇਤਰ ਵਿਚ ਅੱਗੇ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ ਖੇਤੀਬਾੜੀ ਯੂਨੀਵਰਸਿਟੀਆਂ, ਖੋਜ ਕੇਂਦਰਾਂ ਅਤੇ ਖੇਤੀਬਾੜੀ ਨਾਲ ਜੁੜੀਆਂ ਹੋਰ ਸੰਸਥਾਵਾਂ ਰਾਹੀਂ ਕਿਸਾਨਾਂ ਨੂੰ ਆਧੁਨਿਕ ਖੇਤੀ ਦੇ ਤਰੀਕਿਆਂ ਬਾਰੇ ਜਾਣਕਾਰੀ ਮਿਲਦੀ ਹੈ। ਕਰਨਾਲ ਵਰਗੇ ਖੇਤਰਾਂ ਵਿੱਚ ਖੇਤੀਬਾੜੀ ਨਾਲ ਸਬੰਧਤ ਖੋਜ ਅਤੇ ਤਕਨੀਕੀ ਸਰਗਰਮੀਆਂ ਕਿਸਾਨਾਂ ਲਈ ਲਾਹੇਵੰਦ ਸਾਬਤ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨ ਮਿਹਨਤ ਕਰਨ ਵਿੱਚ ਕਿਸੇ ਤੋਂ ਘੱਟ ਨਹੀਂ ਹਨ। ਪੰਜਾਬ ਦੇ ਕਿਸਾਨਾਂ ਨੇ ਦੇਸ਼ ਨੂੰ ਅਨਾਜ ਪੱਖੋਂ ਆਤਮਨਿਰਭਰ ਬਣਾਉਣ ਵਿੱਚ ਇਤਿਹਾਸਕ ਯੋਗਦਾਨ ਪਾਇਆ ਹੈ ਪਰ ਅੱਜ ਦੇ ਸਮੇਂ ਵਿਚ ਕਿਸਾਨਾਂ ਨੂੰ ਸਿਰਫ਼ ਮਿਹਨਤ ਹੀ ਨਹੀਂ, ਸਗੋਂ ਨਵੀਂ ਤਕਨੀਕ, ਫ਼ਸਲਾਂ ਦੀ ਵਿਭਿੰਨਤਾ, ਪਾਣੀ ਦੀ ਸੁਚੱਜੀ ਵਰਤੋਂ, ਮਿੱਟੀ ਦੀ ਸਿਹਤ ਅਤੇ ਮੰਡੀਆਂ ਤੱਕ ਬਿਹਤਰ ਪਹੁੰਚ ਦੀ ਵੀ ਲੋੜ ਹੈ। ਨਕਈ ਨੇ



ਕਿਹਾ ਕਿ ਜੇ ਕਿਸਾਨਾਂ ਨੂੰ ਸਹੀ ਸਮੇਂ 'ਤੇ ਸਹੀ ਜਾਣਕਾਰੀ, ਤਕਨੀਕੀ ਸਹਾਇਤਾ ਅਤੇ ਮੰਡੀਕਰਨ ਦੀਆਂ ਸਹੂਲਤਾਂ ਮਿਲਣ ਤਾਂ ਉਹ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ। ਉਨ੍ਹਾਂ ਅਨੁਸਾਰ ਪੰਜਾਬ ਨੂੰ ਖੇਤੀਬਾੜੀ ਦੇ ਖੇਤਰ ਵਿੱਚ ਆਪਣੀ ਪੁਰਾਣੀ ਸ਼ਾਨ ਬਰਕਰਾਰ ਰੱਖਣ ਦੇ ਨਾਲ-ਨਾਲ ਨਵੇਂ ਦੌਰ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਠੋਸ ਨੀਤੀਆਂ ਬਣਾਉਣੀਆਂ ਚਾਹੀਦੀਆਂ ਹਨ। ਭਾਜਪਾ ਆਗੂ ਨੇ ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) ਦੇ ਮੁੱਦੇ ਨੂੰ ਅਹਿਮ ਦੱਸਦਿਆਂ ਕਿਹਾ ਕਿ ਕਿਸਾਨਾਂ ਦੀ ਆਰਥਿਕ ਸੁਰੱਖਿਆ ਲਈ ਉਨ੍ਹਾਂ ਨੂੰ ਫ਼ਸਲਾਂ ਦਾ ਵਾਜਬ ਭਾਅ ਮਿਲਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਅਜਿਹੀਆਂ ਨੀਤੀਆਂ ਦੀ ਲੋੜ ਹੈ, ਜਿਹੜੀਆਂ ਉਨ੍ਹਾਂ ਦੀ ਆਮਦਨ ਵਧਾਉਣ ਅਤੇ ਖੇਤੀ ਨੂੰ ਲਾਹੇਵੰਦ ਕਿੱਤਾ ਬਣਾਉਣ ਵਿੱਚ ਸਹਾਇਤਾ ਕਰਨ। ਉਨ੍ਹਾਂ ਹਰਿਆਣਾ ਦੀ ਉਦਾਹਰਨ ਦਿੰਦਿਆਂ ਕਿਹਾ ਕਿ ਉੱਥੇ ਖੇਤੀਬਾੜੀ ਨਾਲ ਜੁੜੀਆਂ ਨੀਤੀਆਂ ਅਤੇ ਖਰੀਦ ਪ੍ਰਬੰਧਾਂ ਦਾ ਅਧਿਐਨ ਕਰਕੇ ਪੰਜਾਬ ਨੂੰ ਵੀ ਆਪਣੇ ਕਿਸਾਨਾਂ ਲਈ ਬਿਹਤਰ ਪ੍ਰਬੰਧ ਕਰਨੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਹੱਲ ਸਿਆਸੀ ਬਿਆਨਬਾਜ਼ੀ ਨਾਲ ਨਹੀਂ, ਸਗੋਂ ਠੋਸ ਨੀਤੀਆਂ ਅਤੇ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਕਾਰਵਾਈ ਨਾਲ ਹੋ ਸਕਦਾ ਹੈ। ਜਗਦੀਪ ਸਿੰਘ ਨਕਈ ਨੇ ਪੰਜਾਬ ਸਰਕਾਰ ਦੀ ਕਾਰਜਸ਼ੈਲੀ 'ਤੇ ਸਵਾਲ ਉਠਾਉਂਦਿਆਂ ਕਿਹਾ ਕਿ ਸੂਬੇ ਦੇ ਲੋਕਾਂ ਵੱਲੋਂ ਦਿੱਤੇ ਜਾਂਦੇ ਟੈਕਸਾਂ ਅਤੇ ਸਰਕਾਰੀ ਖ਼ਜ਼ਾਨੇ ਦੇ ਪੈਸੇ ਦੀ ਵਰਤੋਂ ਪੰਜਾਬ ਦੀ ਤਰੱਕੀ ਲਈ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸਿਹਤ, ਸਿੱਖਿਆ, ਖੇਤੀਬਾੜੀ, ਰੁਜ਼ਗਾਰ, ਉਦਯੋਗ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ 'ਤੇ ਵਧੇਰੇ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਵੱਖ-ਵੱਖ ਸ਼ਹਿਰਾਂ ਵਿਚ ਪੰਜਾਬ ਸਰਕਾਰ ਦੀਆਂ ਇਸ਼ਤਿਹਾਰਬਾਜ਼ੀ ਮੁਹਿੰਮਾਂ ਦੇਖਣ ਨੂੰ ਮਿਲਦੀਆਂ ਹਨ। ਉਨ੍ਹਾਂ ਅਨੁਸਾਰ ਸਰਕਾਰੀ ਪ੍ਰਚਾਰ 'ਤੇ ਹੋਣ ਵਾਲੇ ਖ਼ਰਚੇ ਦੀ ਪਾਰਦਰਸ਼ਤਾ ਅਤੇ ਉਸ ਤੋਂ ਮਿਲਣ ਵਾਲੇ ਲਾਭ ਬਾਰੇ ਲੋਕਾਂ ਨੂੰ ਜਾਣਕਾਰੀ ਮਿਲਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਸਫ਼ਲਤਾ ਦਾ ਅਸਲ ਮਾਪਦੰਡ ਇਸ਼ਤਿਹਾਰ ਨਹੀਂ, ਸਗੋਂ ਲੋਕਾਂ ਦੇ ਜੀਵਨ ਵਿੱਚ ਆਉਣ ਵਾਲਾ ਸੁਧਾਰ ਹੋਣਾ ਚਾਹੀਦਾ ਹੈ। ਨਕਈ ਨੇ ਕਿਹਾ ਕਿ ਕਿਸੇ ਵੀ ਸੂਬੇ ਦੀ ਤਰੱਕੀ ਲਈ ਅਮਨ-ਕਾਨੂੰਨ ਦੀ ਸਥਿਤੀ ਮਜ਼ਬੂਤ ਹੋਣੀ ਬਹੁਤ ਜ਼ਰੂਰੀ ਹੈ। ਜੇ ਵਪਾਰੀ, ਉਦਯੋਗਪਤੀ, ਕਿਸਾਨ ਅਤੇ ਆਮ ਨਾਗਰਿਕ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰਦੇ ਹਨ ਤਾਂ ਆਰਥਿਕ ਸਰਗਰਮੀਆਂ ਨੂੰ ਹੁਲਾਰਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਜਿਹਾ ਮਾਹੌਲ ਬਣਾਉਣ ਦੀ ਲੋੜ ਹੈ, ਜਿੱਥੇ ਲੋਕ ਬਿਨਾਂ ਕਿਸੇ ਡਰ ਦੇ ਕਾਰੋਬਾਰ ਕਰ ਸਕਣ, ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਮਿਲਣ ਅਤੇ ਔਰਤਾਂ ਸੁਰੱਖਿਅਤ ਮਹਿਸੂਸ ਕਰਨ। ਉਨ੍ਹਾਂ ਕਿਹਾ ਕਿ ਫਿਰੌਤੀ, ਗੁੰਡਾਗਰਦੀ ਅਤੇ ਅਪਰਾਧਿਕ ਗਤੀਵਿਧੀਆਂ ਵਿਰੁੱਧ ਸਖ਼ਤ ਅਤੇ ਨਿਰਪੱਖ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਅਨੁਸਾਰ ਔਰਤਾਂ ਦੀ ਸੁਰੱਖਿਆ, ਵਪਾਰੀਆਂ ਦਾ ਭਰੋਸਾ ਅਤੇ ਨਿਵੇਸ਼ ਲਈ ਅਨੁਕੂਲ ਮਾਹੌਲ ਕਿਸੇ ਵੀ ਸਰਕਾਰ ਦੀਆਂ ਮੁੱਖ ਤਰਜੀਹਾਂ ਹੋਣੀਆਂ ਚਾਹੀਦੀਆਂ ਹਨ। ਇਸ ਦੇ ਨਾਲ ਹੀ ਪੁਲਸ ਪ੍ਰਸ਼ਾਸਨ ਨੂੰ ਕਾਨੂੰਨ ਦੀ ਪਾਲਣਾ ਯਕੀਨੀ ਬਣਾਉਣ ਲਈ ਜਵਾਬਦੇਹ ਬਣਾਇਆ ਜਾਣਾ ਚਾਹੀਦਾ ਹੈ। ਅੰਤ ਵਿੱਚ ਜਗਦੀਪ ਸਿੰਘ ਨਕਈ ਨੇ ਕਿਹਾ ਕਿ ਪੰਜਾਬ ਨੂੰ ਮੁੜ ਖ਼ੁਸ਼ਹਾਲ ਬਣਾਉਣ ਲਈ ਸਿਆਸੀ ਹਿੱਤਾਂ ਤੋਂ ਉੱਪਰ ਉੱਠ ਕੇ ਲੰਮੇ ਸਮੇਂ ਦੀ ਵਿਕਾਸ ਯੋਜਨਾ ਬਣਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਸਹੀ ਦਿਸ਼ਾ, ਨੌਜਵਾਨਾਂ ਨੂੰ ਰੁਜ਼ਗਾਰ, ਉਦਯੋਗਾਂ ਨੂੰ ਉਤਸ਼ਾਹ, ਲੋਕਾਂ ਨੂੰ ਸੁਰੱਖਿਆ ਅਤੇ ਸਰਕਾਰੀ ਖ਼ਰਚਿਆਂ ਵਿੱਚ ਪਾਰਦਰਸ਼ਤਾ ਮਿਲੇ ਤਾਂ ਪੰਜਾਬ ਦੀ ਆਰਥਿਕਤਾ ਮਜ਼ਬੂਤ ਹੋ ਸਕਦੀ ਹੈ। ਉਨ੍ਹਾਂ ਅਨੁਸਾਰ ਪੰਜਾਬ ਦੀ ਤਰੱਕੀ ਦਾ ਰਾਹ ਲੋਕ-ਭਲਾਈ, ਜਵਾਬਦੇਹ ਪ੍ਰਸ਼ਾਸਨ ਅਤੇ ਕਾਨੂੰਨ ਦੇ ਰਾਜ ਵਿੱਚੋਂ ਲੰਘਦਾ ਹੈ।